ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਵੀਰਵਾਰ, 16 ਜੁਲਾਈ 2026 (ਨਾਨਕਸ਼ਾਹੀ ਸੰਮਤ : ੫੫੮, ੧ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243






## ਸਾਵਣ ਦੀ ਸੰਗਰਾਂਦ ਅੱਜ

ਸ਼੍ਰੋਮਣੀ ਕਮੇਟੀ ਵੱਲੋਂ ਜਾਰੀ ਕੈਲੰਡਰ ਅਨੁਸਾਰ ਸਾਵਣ ਮਹੀਨੇ ਦੀ ਸੰਗਰਾਂਦ ਅੱਜ। ਦੇਸ਼ ਵਿਦੇਸ਼ ਵਿੱਚ ਇਸ ਦਿਹਾੜੇ ਸਬੰਧੀ ਵਿਸ਼ੇਸ਼ ਦੀਵਾਨ ਸਜਾਏ ਜਾ ਰਹੇ ਹਨ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਗੁਰਬਾਣੀ ਅਤੇ ਸਿੱਖ ਇਤਿਹਾਸ 'ਚ ਸਾਵਣ ਮਹੀਨਾ

-ਕਿਰਪਾਲ ਸਿੰਘ ਬਠਿੰਡਾ



ਜਦੋਂ ਹਾੜ ਦਾ ਮਹੀਨਾ ਭਰ-ਜੁਆਨੀ ਭਾਵ ਆਪਣੀ ਪੂਰੀ ਤਪਸ਼ ਦਾ ਜਲਵਾ ਵਿਖਾ ਰਿਹਾ ਹੁੰਦਾ ਹੈ ਤਾਂ ਸੂਰਜ ਦਾ ਰੱਥ ਫਿਰਦਾ ਹੈ, ਜਿਸ ਨਾਲ ਖਗੋਲ ਵਿਗਿਆਨ ਦੇ ਨਿਯਮਾਂ ਅਨੁਸਾਰ ਪੰਜਾਬ 'ਚ ਵਰਖਾ ਰੁੱਤ ਸ਼ੁਰੂ ਹੋ ਜਾਂਦੀ ਹੈ, ਜੋ ਬੜੀ ਸੁਹਾਵਣੀ ਹੁੰਦੀ ਹੈ। ਜੀਵ-ਜੰਤ ਸਮੇਤ ਧਰਤੀ ਦੀ ਸਾਰੀ ਬਨਸਪਤੀ ਗਰਮੀ ਤੋਂ ਛੁਟਕਾਰਾ ਪਾ ਕੇ ਅਨੰਦ ਮਾਣਦੀ ਹੈ। ਰੁੱਤਾਂ ਦੀ ਵੰਡ ਅਨੁਸਾਰ ਸਾਵਣ ਅਤੇ ਭਾਦੋਂ ਦੋ ਮਹੀਨੇ ਵਰਖਾ ਰੁੱਤ ਦੇ ਹੁੰਦੇ ਹਨ। ਬਿਕ੍ਰਮੀ ਸੰਮਤ 'ਚ ਸਾਵਣ; ਚੌਥਾ ਮਹੀਨਾ ਤੇ ਨਾਨਕਸ਼ਾਹੀ ਸੰਮਤ 'ਚ ਪੰਜਵਾਂ ਮਹੀਨਾ ਹੁੰਦਾ ਹੈ। ਨਾਨਕਸ਼ਾਹੀ ਕੈਲੰਡਰ 'ਚ ਮਹੀਨੇ ਦਾ ਅਰੰਭ; ਹਰ ਸਾਲ 1 ਸਾਵਣ 16 ਜੁਲਾਈ ਨੂੰ ਹੁੰਦਾ ਹੈ ਤੇ ਹੁੰਦਾ ਰਹੇਗਾ ਜਦੋਂ ਕਿ ਬਿਕ੍ਰਮੀ ਕੈਲੰਡਰ ਅਨੁਸਾਰ ਸੰਗਰਾਂਦ ਅੱਜ ਕੱਲ੍ਹ ਤਾਂ ਹਰ ਸਾਲ 16 ਜੁਲਾਈ ਨੂੰ ਹੁੰਦੀ ਹੈ, ਪਰ 4 ਸਾਲ ਪਿੱਛੋਂ

ਆਵਾਜ਼ਿ ਕੌਮ AWAZE QAUM International Newspaper & WEB TV

2027 'ਚ 17 ਜੁਲਾਈ ਨੂੰ ਹੋਵੇਗੀ ਅਤੇ ਉਸ ਤੋਂ ਬਾਅਦ 3 ਸਾਲ 16 ਜੁਲਾਈ ਅਤੇ ਫਿਰ ਹਰ ਚੌਥੇ ਸਾਲ 17 ਜੁਲਾਈ ਨੂੰ ਹੋਇਆ ਕਰੇਗੀ। 43 ਸਾਲਾਂ ਬਾਅਦ ਭਾਵ 2066 ਤੋਂ ਪਿੱਛੋਂ ਦੋ ਸਾਲ 16 ਜੁਲਾਈ ਅਤੇ ਦੋ ਸਾਲ 17 ਜੁਲਾਈ ਕੁਝ ਹੋਰ ਸਮੇਂ ਪਿੱਛੋਂ 3 ਸਾਲ 17 ਜੁਲਾਈ ਅਤੇ ਇੱਕ ਸਾਲ 16 ਜੁਲਾਈ ਨੂੰ ਆਇਆ ਕਰੇਗੀ। ਅਗਾਂਹ ਹਰ ਸਾਲ 17 ਜੁਲਾਈ ਨੂੰ ਆਇਆ ਕਰੇਗੀ। ਇਸ ਤਰ੍ਹਾਂ ਹੌਲ਼ੀ ਹੌਲ਼ੀ ਸਮਾਂ ਪਾ ਕੇ ਜੁਲਾਈ ਦੀ ਬਜਾਏ ਅਗਸਤ ਮਹੀਨੇ ਅਤੇ ਫਿਰ ਕਦੀ ਸਤੰਬਰ ਮਹੀਨੇ 'ਚ ਪਹੁੰਚ ਜਾਵੇਗੀ।

ਗ੍ਰੈਗੋਰੀਅਨ ਕੈਲੰਡਰ ਰੁੱਤੀ ਸਾਲ ਹੋਣ ਕਰਕੇ ਵਰਖਾ ਰੁੱਤ ਹਰ ਸਾਲ 20-21 ਜੂਨ ਤੋਂ ਹੀ ਸ਼ੁਰੂ ਹੋਇਆ ਕਰੇਗੀ, ਪਰ ਇਸ ਹਿਸਾਬ ਮੁਤਾਬਕ ਇੱਕ ਦਿਨ ਐਸਾ ਵੀ ਆਵੇਗਾ ਜਦੋਂ ਬਿਕ੍ਰਮੀ ਸੰਮਤ 'ਚ ਇਹੀ ਵਰਖਾ ਰੁੱਤ ਸਾਵਣ ਭਾਦੋਂ ਦੀ ਬਜਾਏ ਪਹਿਲਾਂ ਜੇਠ ਹਾੜ ਮਹੀਨੇ 'ਚ ਹੀ ਆ ਜਾਇਆ ਕਰੇਗੀ। ਸਪਸ਼ਟ ਹੈ ਕਿ ਉਸ ਸਮੇਂ ਬਿਕ੍ਰਮੀ ਕੈਲੰਡਰ ਦੀਆਂ ਰੁੱਤਾਂ ਦਾ ਸੰਬੰਧ ਗੁਰਬਾਣੀ ਵਿੱਚ ਦਰਜ ਰੁੱਤਾਂ ਨਾਲੋਂ ਪੂਰੀ ਤਰ੍ਹਾਂ ਟੁੱਟ ਜਾਵੇਗਾ, ਇਸ ਲਈ ਸਾਨੂੰ ਜਲਦੀ ਤੋਂ ਜਲਦੀ ਰੁੱਤੀ (Tropical) ਨਾਨਕਸ਼ਾਹੀ ਕੈਲੰਡਰ ਅਪਣਾਅ ਲੈਣਾ ਚਾਹੀਦਾ ਹੈ ਤਾਂ ਜੋ ਸਿੱਖ ਇਤਿਹਾਸ 'ਚ ਦਰਜ ਹੋਣ ਵਾਲ਼ੀਆਂ ਤਾਰੀਖ਼ਾਂ ਅਤੇ ਗੁਰਬਾਣੀ 'ਚ ਦਰਜ ਰੁੱਤਾਂ; ਇੱਕ ਸਮਾਨ ਰਹਿਣ।

ਹੁਣ ਪਹਿਲਾਂ ਸਾਲ ਦੀ ਤੀਜੀ ਰੁੱਤ (ਵਰਖਾ ਰੁੱਤ) ਨਾਲ਼ ਸੰਬੰਧਿਤ "ਰਾਮਕਲੀ ਮਹਲਾ 5 ਰੁਤੀ ਸਲੋਕ" ਸਿਰਲੇਖ ਹੇਠ ਬਾਣੀ ਦੇ ਛੰਦ ਨੰਬਰ 4 ਦੀ ਤਰਤੀਬਵਾਰ ਵਿਚਾਰ ਕਰਦੇ ਹਾਂ। ਭਾਦੋਂ ਦੇ ਮਹੀਨੇ ਦੀ ਵਿਚਾਰ ਅਗਲੇ ਅੰਕ 'ਚ ਕੀਤੀ ਜਾਵੇਗੀ। ਸਾਵਣ ਮਹੀਨੇ ਨਾਲ਼ ਸੰਬੰਧਿਤ ਦੋਵੇਂ ਬਾਰਹਮਾਹਾ ਤੋਂ ਇਲਾਵਾ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਕੁੱਝ ਹੋਰ ਸ਼ਬਦ ਵੀ ਹਨ। ਇਨ੍ਹਾਂ ਸਾਰਿਆਂ ਵਿੱਚ ਇੱਕੋ ਗੱਲ ਸਮਝਾਈ ਗਈ ਹੈ ਕਿ ਸਾਵਣ ਮਹੀਨੇ ਦੇ ਮੌਸਮ ਦਾ ਪ੍ਰਭਾਵ ਜ਼ਿੰਦਗੀ ਉੱਤੇ ਜਿਸ ਤਰ੍ਹਾਂ ਪੈਂਦਾ ਹੈ; ਵੈਸੇ ਹੀ ਮਨ 'ਤੇ ਚੰਗਾ ਮੰਦਾ ਪ੍ਰਭਾਵ ਨਾਲ਼ ਅਵਸਥਾ ਹੁੰਦੀ ਹੈ; ਜਿਵੇਂ ਕਿ ਸ਼ਬਦ ਹਨ :

ਰੁਤਿ ਬਰਸੁ ਸੁਹੇਲੀਆ; ਸਾਵਣ ਭਾਦਵੇ ਆਨੰਦ ਜੀਉ ॥ ਅਰਥ : (ਹੇ ਸਹੇਲੀਏ ! ਜਿਵੇਂ) ਵਰਖਾ-ਰੁੱਤ ਬੜੀ ਸੁਖਦਾਈ ਹੁੰਦੀ ਹੈ, ਸਾਵਣ ਭਾਦਰੋਂ ਦੇ ਮਹੀਨਿਆਂ 'ਚ (ਵਰਖਾ ਦੇ ਕਾਰਨ) ਬੜਾ ਅਨੰਦ ਬਣਿਆ ਰਹਿੰਦਾ ਹੈ।

ਘਣ ਉਨਵਿ ਵੁਠੇ; ਜਲ ਥਲ ਪੂਰਿਆ ਮਕਰੰਦ ਜੀਉ ॥ ਅਰਥ : ਬੱਦਲ ਝੁਕ ਝੁਕ ਕੇ ਵਰ੍ਹਦੇ ਹਨ। ਤਲਾਬਾਂ-ਛੱਪੜਾਂ 'ਚ, ਧਰਤੀ ਦੇ ਟੋਇਆਂ 'ਚ ਭਾਵ ਹਰ ਥਾਂ ਸੁਗੰਧੀ-ਭਰਿਆ ਪਾਣੀ ਹੀ ਪਾਣੀ ਭਰਿਆ ਹੁੰਦਾ ਹੈ।

ਪ੍ਰਭੁ ਪੂਰਿ ਰਹਿਆ ਸਰਬ ਠਾਈ; ਹਰਿ ਨਾਮ ਨਵ ਨਿਧਿ ਗ੍ਰਿਹ ਭਰੇ ॥ ਅਰਥ : ਓਵੇਂ ਹੀ ਜਿਨ੍ਹਾਂ ਦੇ ਹਿਰਦੇ-ਘਰ ਪਰਮਾਤਮਾ ਦੇ ਨਾਮ ਦੇ ਨੌ ਖ਼ਜ਼ਾਨਿਆਂ ਨਾਲ ਨਕੋ-ਨੱਕ ਭਰ ਜਾਣ, ਉਨ੍ਹਾਂ ਨੂੰ ਪਰਮਾਤਮਾ ਸਭਨੀਂ ਥਾਈਂ ਵਿਆਪਕ ਜਾਪਦਾ ਹੈ।

ਸਿਮਰਿ ਸੁਆਮੀ ਅੰਤਰਜਾਮੀ; ਕੁਲ ਸਮੂਹਾ ਸਭਿ ਤਰੇ ॥ ਅਰਥ : ਸਭਨਾਂ ਦੇ ਦਿਲ ਦੀ ਜਾਣਨ ਵਾਲੇ ਮਾਲਕ-ਪ੍ਰਭੂ ਦਾ ਨਾਮ ਸਿਮਰ ਕੇ ਉਨ੍ਹਾਂ ਦੀਆਂ ਸਾਰੀਆਂ ਹੀ ਕੁਲਾਂ ਤਰ ਜਾਂਦੀਆਂ ਹਨ।

ਪ੍ਰਿਅ ਰੰਗਿ ਜਾਗੇ ਨਹ ਛਿਦ੍ਰ ਲਾਗੇ; ਕ੍ਰਿਪਾਲੁ ਸਦ ਬਖਸਿੰਦੁ ਜੀਉ ॥ ਬਿਨਵੰਤਿ ਨਾਨਕ ਹਰਿ ਕੰਤੁ ਪਾਇਆ; ਸਦਾ ਮਨਿ ਭਾਵੰਦੁ ਜੀਉ ॥4॥" (ਰਾਮਕਲੀ/ਮਹਲਾ 5 ਰੁਤੀ ਸਲੋਕ/927) ਅਰਥ : ਹੇ ਸਹੇਲੀਏ ! ਜਿਹੜੇ ਵਡਭਾਗੀ ਪਿਆਰੇ, ਪ੍ਰਭੂ ਦੇ ਪ੍ਰੇਮ-ਰੰਗ 'ਚ (ਰੰਗ ਕੇ ਮਾਇਆ ਮੋਹ ਦੇ ਹੱਲਿਆਂ ਵੱਲੋਂ) ਸੁਚੇਤ ਰਹਿੰਦੇ ਹਨ, ਉਹਨਾਂ ਨੂੰ ਵਿਕਾਰਾਂ ਦੇ ਦਾਗ਼ ਨਹੀਂ ਲੱਗਦੇ, ਦਇਆ ਦਾ ਘਰ ਪ੍ਰਭੂ ਸਦਾ ਉਹਨਾਂ ਉੱਤੇ ਪ੍ਰਸੰਨ ਰਹਿੰਦਾ ਹੈ। ਨਾਨਕ ਬੇਨਤੀ ਕਰਦਾ ਹੈ, ਹੇ ਸਹੇਲੀਏ ! ਉਹਨਾਂ ਨੂੰ ਮਨ ਵਿਚ ਸਦਾ ਪਿਆਰਾ ਲੱਗਣ ਵਾਲਾ ਖਸਮ-ਪ੍ਰਭੂ ਮਿਲ ਪੈਂਦਾ ਹੈ।

ਹੁਣ ਗੁਰੂ ਅਰਜਨ ਸਾਹਿਬ ਜੀ ਦੁਆਰਾ ਮਾਝ ਰਾਗ 'ਚ ਉਚਾਰਨ ਕੀਤੇ ਬਾਰਹਮਾਹਾ ਦੇ 6ਵੇਂ ਪਦੇ ਦੀ ਵਿਚਾਰ ਕਰਦੇ ਹਾਂ, ਜੋ ਇਸ ਤਰ੍ਹਾਂ ਹੈ :

ਸਾਵਣਿ ਸਰਸੀ ਕਾਮਣੀ; ਚਰਨ ਕਮਲ ਸਿਉ ਪਿਆਰੁ ॥ ਅਰਥ : ਜਿਵੇਂ ਸਾਵਣ ਵਿਚ (ਵਰਖਾ ਨਾਲ ਬਨਸਪਤੀ ਹਰਿਆਵਲੀ ਹੋ ਜਾਂਦੀ ਹੈ) ਤਿਵੇਂ ਓਹ ਜੀਵ-ਇਸਤ੍ਰੀ ਸਦਾ ਅਨੰਦ ਮਾਣਦੀ ਹੈ, ਜਿਸ ਦਾ ਪਿਆਰ; ਪ੍ਰਭੂ ਦੇ ਸੋਹਣੇ ਚਰਨਾਂ ਨਾਲ ਬਣ ਜਾਂਦਾ ਹੈ।

ਮਨੁ ਤਨੁ ਰਤਾ ਸਚ ਰੰਗਿ; ਇਕੋ ਨਾਮੁ ਅਧਾਰੁ ॥ ਅਰਥ : ਉਸ ਦਾ ਮਨ ਤੇ ਤਨ; ਪਰਮਾਤਮਾ ਦੇ ਪਿਆਰ 'ਚ ਰੰਗਿਆ ਜਾਂਦਾ ਹੈ, ਪਰਮਾਤਮਾ ਦਾ ਨਾਮ ਹੀ (ਉਸ ਦੀ ਜ਼ਿੰਦਗੀ ਦਾ) ਆਸਰਾ ਬਣ ਜਾਂਦਾ ਹੈ।

ਬਿਖਿਆ ਰੰਗ ਕੂੜਾਵਿਆ; ਦਿਸਨਿ ਸਭੇ ਛਾਰੁ ॥ ਅਰਥ : ਮਾਇਆ ਦੇ ਨਾਸਵੰਤ ਕੌਤਕ ਉਸ ਨੂੰ ਸਾਰੇ ਸੁਆਹ (ਨਿਕੰਮੇ) ਜਾਪਦੇ ਹਨ।

ਹਰਿ ਅੰਮ੍ਰਿਤ ਬੂੰਦ ਸੁਹਾਵਣੀ; ਮਿਲਿ ਸਾਧੂ, ਪੀਵਣਹਾਰੁ ॥ ਅਰਥ : (ਸਾਵਣ 'ਚ ਜਿਵੇਂ ਵਰਖਾ ਦੀ ਬੂੰਦ ਪ੍ਰਭਾਵ ਕਰਦੀ ਹੈ; ਤਿਵੇਂ ਪ੍ਰਭੂ-ਚਰਨਾਂ ਦੇ ਪਿਆਰ ਵਾਲੇ ਬੰਦੇ ਨੂੰ) ਹਰੀ ਦੇ ਅੰਮ੍ਰਿਤ ਨਾਮ ਦੀ ਬੂੰਦ ਪਿਆਰੀ ਲੱਗਦੀ ਹੈ, ਗੁਰੂ ਨੂੰ ਮਿਲ ਕੇ ਉਹ, ਇਸ ਬੂੰਦ ਨੂੰ ਚੱਖ ਲੈਂਦਾ ਹੈ। (ਪ੍ਰਭੂ ਦੀ ਮਹਿਮਾ ਵਾਲ਼ੀਆਂ ਸੰਖੇਪ ਗੱਲਾਂ ਭੀ ਉਸ ਨੂੰ ਮਿੱਠੀਆਂ ਲੱਗਦੀਆਂ ਹਨ। ਸਤਿਗੁਰੂ ਨੂੰ ਮਿਲ ਕੇ ਬੜੇ ਸ਼ੌਕ ਨਾਲ ਸੁਣਦਾ ਹੈ)।

ਵਣੁ ਤਿਣੁ ਪ੍ਰਭ ਸੰਗਿ ਮਉਲਿਆ; ਸੰਮ੍ਰਥ ਪੁਰਖ ਅਪਾਰੁ ॥ ਅਰਥ : ਜਿਸ ਪ੍ਰਭੂ ਦੀ ਕਿਰਪਾ ਸਾਰਾ ਜਗਤ (ਬਨਸਪਤੀ ਆਦਿਕ) ਹਰਿਆ-ਭਰਿਆ ਹੋਇਆ ਹੈ, ਜੋ ਪ੍ਰਭੂ ਸਭ ਕੁਝ ਕਰਨ ਜੋਗਾ ਹੈ ਵਿਆਪਕ ਹੈ ਤੇ ਬੇਅੰਤ ਹੈ।

ਹਰਿ ਮਿਲਣੈ ਨੋ ਮਨੁ ਲੋਚਦਾ; ਕਰਮਿ ਮਿਲਾਵਣਹਾਰੁ ॥ ਅਰਥ : ਉਸ ਨੂੰ ਮਿਲਣ ਲਈ ਮੇਰਾ ਮਨ ਤਾਂਘਦਾ ਹੈ, (ਪਰ ਮੇਰੇ ਯਤਨਾਂ ਨਾਲ਼ ਮਿਲ ਨਹੀਂ ਸਕਦਾ ਕਿਉਂਕਿ) ਉਹ ਪ੍ਰਭੂ ਆਪ ਹੀ ਆਪਣੀ ਮਿਹਰ ਨਾਲ ਮਿਲਾਉਣ ਦੇ ਸਮਰੱਥ ਹੈ।

ਜਿਨੀ ਸਖੀਏ ਪ੍ਰਭੁ ਪਾਇਆ; ਹੰਉ, ਤਿਨ ਕੈ ਸਦ ਬਲਿਹਾਰ ॥ ਅਰਥ : ਮੈਂ ਉਹਨਾਂ ਗੁਰਮੁਖ ਸਹੇਲੀਆਂ ਤੋਂ ਸਦਕੇ ਹਾਂ, ਸਦਾ ਕੁਰਬਾਨ ਹਾਂ ਜਿਨ੍ਹਾਂ ਨੇ ਪ੍ਰਭੂ ਦਾ ਮਿਲਾਪ ਹਾਸਲ ਕਰ ਲਿਆ ਹੈ।

ਨਾਨਕ ! ਹਰਿ ਜੀ ਮਇਆ ਕਰਿ; ਸਬਦਿ ਸਵਾਰਣਹਾਰੁ ॥ ਅਰਥ : ਹੇ ਨਾਨਕ ! (ਬੇਨਤੀ ਕਰ ਤੇ ਆਖ ਕਿ) ਹੇ ਪ੍ਰਭੂ ! ਮੇਰੇ ਉੱਤੇ ਮਿਹਰ ਕਰ, ਤੂੰ ਆਪ ਹੀ ਆਪਣੇ ਗੁਣਾਂ ਨਾਲ਼ (ਮੇਰੀ ਜਿੰਦ ਨੂੰ) ਸੰਵਾਰਨਹਾਰ ਹੈਂ।

ਸਾਵਣੁ ਤਿਨਾ ਸੁਹਾਗਣੀ; ਜਿਨ ਰਾਮ ਨਾਮੁ ਉਰਿ ਹਾਰੁ ॥6॥ (ਬਾਰਹਮਾਹਾ ਮਾਂਝ/ਮਹਲਾ 5/134) ਅਰਥ : ਸਾਵਣ ਦਾ ਮਹੀਨਾ ਉਹਨਾਂ ਭਾਗਾਂ ਵਾਲੀਆਂ (ਜੀਵ-ਇਸਤ੍ਰੀਆਂ) ਵਾਸਤੇ (ਖੇੜਾ ਤੇ ਠੰਡ ਲਿਆਉਣ ਵਾਲਾ) ਹੈ, ਜਿਨ੍ਹਾਂ ਨੇ ਆਪਣੇ ਹਿਰਦੇ (ਭਾਵ ਗਲ਼) 'ਚ ਪਰਮਾਤਮਾ ਦਾ ਨਾਮ ਰੂਪ ਹਾਰ ਪਾਇਆ ਹੋਇਆ ਹੈ।

ਹੁਣ ਗੁਰੂ ਨਾਨਕ ਸਾਹਿਬ ਜੀ ਦੁਆਰਾ ਤੁਖਾਰੀ ਰਾਗ ਵਿੱਚ ਰਚੇ ਬਾਰਹਮਾਹਾ ਦੇ 9ਵੇਂ ਪਦੇ (ਸਾਵਣ ਮਹੀਨੇ) 'ਚ ਦਿੱਤੇ ਸੁਨੇਹੇ ਦੀ ਵਿਚਾਰ ਕਰਦੇ ਹਾਂ :

ਸਾਵਣਿ, ਸਰਸ ਮਨਾ; ਘਣ ਵਰਸਹਿ ਰੁਤਿ ਆਏ ॥ ਅਰਥ : (ਹਾੜ ਦੀ ਅੱਤ ਤਪਸ਼ ਵਿਚ ਘਾਹ ਆਦਿਕ ਸੁੱਕ ਜਾਂਦੇ ਹਨ, ਜਿਸ ਪਿੱਛੋਂ) ਸਾਵਨ ਮਹੀਨੇ 'ਚ ਘਟਾਂ ਛਾ ਜਾਂਦੀਆਂ ਹਨ। ਪਸ਼ੂ, ਪੰਛੀ, ਮਨੁੱਖ ਤਾਂ ਕਿਤੇ ਰਹੇ, ਸੁੱਕਾ ਹੋਇਆ ਘਾਹ ਭੀ ਹਰਾ ਹੋ ਜਾਂਦਾ ਹੈ। ਇਹ ਹਰਿਆਵਲ ਵੇਖ ਹਰੇਕ ਪ੍ਰਾਣੀ ਬੋਲਦਾ ਹੈ) ਹੇ ਮੇਰੇ ਮਨ ! ਸਾਵਣ ਮਹੀਨੇ 'ਚ (ਵਰਖਾ ਦੀ) ਰੁੱਤ ਆ ਗਈ ਹੈ, ਬੱਦਲ ਵਰ੍ਹ ਰਹੇ ਹਨ, ਹੁਣ ਤੂੰ ਭੀ ਹਰਾ ਹੋ ਜਾਹ (ਤੂੰ ਭੀ ਖਿੜ ਜਾਹ)।

ਮੈ ਮਨਿ ਤਨਿ ਸਹੁ ਭਾਵੈ; ਪਿਰ ਪਰਦੇਸਿ ਸਿਧਾਏ ॥ ਅਰਥ : (ਕਾਲੀਆਂ ਘਟਾਂ ਨੂੰ ਵੇਖ ਪਰਦੇਸ ਗਏ ਪਤੀ ਦੀ ਨਾਰ ਦਾ ਹਿਰਦਾ ਤੜਪ ਉੱਠਦਾ ਹੈ ਤੇ ਉਹ ਕੁਰਲਾਉਂਦੀ ਹੋਈ ਆਖਦੀ ਹੈ ਕਿ) ਮੈਨੂੰ ਆਪਣਾ ਪਤੀ ਅਤਿ ਪਿਆਰਾ ਲੱਗ ਰਿਹਾ ਹੈ ਭਾਵੇਂ ਉਹ ਪਰਦੇਸ 'ਚ ਹਨ।

ਪਿਰੁ ਘਰਿ ਨਹੀ ਆਵੈ, ਮਰੀਐ ਹਾਵੈ; ਦਾਮਨਿ ਚਮਕਿ ਡਰਾਏ ॥ ਸੇਜ ਇਕੇਲੀ, ਖਰੀ ਦੁਹੇਲੀ; ਮਰਣੁ ਭਇਆ ਦੁਖੁ ਮਾਏ ॥ ਅਰਥ : ਹੇ ਮਾਂ ! (ਜਦ ਤੱਕ) ਪਤੀ ਘਰ 'ਚ ਨਹੀਂ ਆਉਂਦਾ, ਮੈਂ ਹਾਹੁਕੇ ਭਰ ਰੋਂਦੀ ਹਾਂ, ਬਿਜਲੀ ਚਮਕ ਕੇ ਡਰਾ ਰਹੀ ਹੈ। (ਪਤੀ ਦੇ ਵਿਛੋੜੇ ਕਾਰਨ) ਮੇਰੀ ਸੱਖਣੀ ਸੇਜ ਦੁਖਦਾਈ ਬਣ ਗਈ ਹੈ। ਦੁੱਖ; ਮੌਤ ਸਮਾਨ ਜਾਪਦਾ ਹੈ।

ਹਰਿ ਬਿਨੁ, ਨੀਦ ਭੂਖ ਕਹੁ ਕੈਸੀ; ਕਾਪੜੁ ਤਨਿ ਨ ਸੁਖਾਵਏ ॥ ਅਰਥ : (ਜਿਸ ਤਰ੍ਹਾਂ ਪਤੀ ਤੋਂ ਵਿਛੜੀ ਦੁਨਿਆਵੀ ਪਤਨੀ ਦੁੱਖੀ ਰਹਿੰਦੀ ਹੈ; ਉਸੇ ਤਰ੍ਹਾਂ ਪ੍ਰਭੂ-ਪਤੀ ਤੋਂ ਵਿਛੜੀ ਜੀਵ-ਇਸਤ੍ਰੀ ਨੂੰ) ਪ੍ਰਭੂ ਦੇ ਮਿਲਾਪ ਤੋਂ ਬਿਨਾਂ ਨਾਹ ਨੀਂਦ, ਨਾਹ ਭੁੱਖ ਲੱਗਦੀ ਹੈ। ਕੱਪੜਾ ਭੀ ਸਰੀਰ ਉੱਤੇ ਨਹੀਂ ਸੁਖਾਂਦਾ।

ਨਾਨਕ ! ਸਾ ਸੋਹਾਗਣਿ ਕੰਤੀ; ਪਿਰ ਕੈ ਅੰਕਿ ਸਮਾਵਏ ॥9॥ (ਤੁਖਾਰੀ ਬਾਰਹਮਾਹਾ/ ਮਹਲਾ 1/1108) ਅਰਥ : ਪਰ ਹੇ ਨਾਨਕ ! ਉਹੀ ਭਾਗਾਂ ਵਾਲੀ ਜੀਵ-ਇਸਤ੍ਰੀ ਪ੍ਰਭੂ-ਪਤੀ ਦੇ ਪਿਆਰ ਦੀ ਹੱਕਦਾਰ ਹੈ, ਜੋ ਸਦਾ ਪ੍ਰਭੂ ਦੀ ਯਾਦ 'ਚ ਲੀਨ ਰਹਿੰਦੀ ਹੈ ਭਾਵ ਜੋ ਪਤੀ-ਪ੍ਰਮੇਸ਼ਰ ਨੂੰ ਯਾਦ ਨਹੀਂ ਕਰਦੀ ਉਸ ਅੰਦਰ ਸਾਵਣ ਦਾ ਮਹੀਨਾ ਵੀ ਤੜਫ ਪੈਦਾ ਨਹੀਂ ਕਰ ਸਕਦਾ।

ਉਕਤ ਕੀਤੀ ਬਾਰਹਮਾਹਾ ਦੀ ਵਿਚਾਰ ਤੋਂ ਇਲਾਵਾ ਗੁਰਬਾਣੀ 'ਚ ਹੋਰ ਥਾਂਵਾਂ 'ਤੇ ਭੀ ਸਾਵਣ ਮਹੀਨੇ ਦਾ ਜ਼ਿਕਰ ਹੈ; ਜਿਵੇਂ ਕਿ

ਨਾਨਕ ! ਸਾਵਣਿ, ਜੇ ਵਸੈ; ਚਹੁ ਓਮਾਹਾ ਹੋਇ ॥ ਨਾਗਾਂ ਮਿਰਗਾਂ ਮਛੀਆਂ ਰਸੀਆਂ ਘਰਿ ਧਨੁ ਹੋਇ ॥1॥ (ਮਹਲਾ 1/1279) ਅਰਥ : ਹੇ ਨਾਨਕ ! ਜੇ ਸਾਵਣ ਦੇ ਮਹੀਨੇ ਮੀਂਹ ਪੈ ਜਾਏ ਤਾਂ ਚਾਰ ਧਿਰਾਂ 'ਸੱਪਾਂ, ਹਿਰਨਾਂ, ਮੱਛੀਆਂ ਤੇ ਰਸਾਂ ਦੇ ਆਸ਼ਕਾਂ (ਯਾਨੀ ਐਸ਼ਪ੍ਰਸਤ ਧਨਾਢਾਂ, ਜਿਨ੍ਹਾਂ ਦੇ) ਘਰ 'ਚ ਧਨ ਹੁੰਦਾ ਹੈ'; ਅੰਦਰ ਚਾਉ ਉਪਜਦਾ ਹੈ।

ਨਾਨਕ ! ਸਾਵਣਿ, ਜੇ ਵਸੈ; ਚਹੁ ਵੇਛੋੜਾ ਹੋਇ ॥ ਗਾਈ ਪੁਤਾ ਨਿਰਧਨਾ; ਪੰਥੀ ਚਾਕਰੁ ਹੋਇ ॥2॥ (ਮਹਲਾ 1/1279) ਅਰਥ : ਹੇ ਨਾਨਕ ! ਜੇ ਸਾਵਣ ਮਹੀਨੇ 'ਚ ਮੀਂਹ ਪੈ ਜਾਏ ਤਾਂ ਚਾਰ ਧਿਰਾਂ ਅੰਦਰ ਚਾਉ ਨਹੀਂ ਉਪਜਦਾ। ਉਹ ਹਨ ਗਾਈਆਂ ਦੇ ਵੱਛੜੇ (ਕਿਉਂਕਿ ਮੀਂਹ ਪਿਆਂ ਗਾਈਆਂ ਨੂੰ ਚਾਰਨ ਲਈ ਲੈ ਜਾਂਦੇ ਹਨ ਤੇ ਉਨ੍ਹਾਂ ਨੂੰ ਘਰ ਛੱਡ ਦਿੱਤਾ ਜਾਂਦਾ ਹੈ), ਗਰੀਬਾਂ (ਕਿਉਂਕਿ ਦਿਹਾੜੀ ਨਹੀਂ ਮਿਲਦੀ), ਰਾਹੀ ਤੇ ਨੌਕਰ (ਕਿਉਂਕਿ ਇਨ੍ਹਾਂ ਦਾ ਕੰਮ ਵਧ ਜਾਂਦਾ ਹੈ)। ਇਉਂ ਹੀ ਗੁਰੂ ਦੇ ਦਰ ਤੋਂ ਨਾਮ-ਵਰਖਾ ਹੋਣ 'ਤੇ ਗੁਰਮੁਖਾਂ ਅੰਦਰ ਖਿੜਾਅ ਉਪਜਦਾ ਹੈ, ਪਰ ਮਨਮੁਖ ਇਸ ਤੋਂ ਬਾਂਝੇ ਰਹਿ ਜਾਂਦੇ ਹਨ।

ਮੋਰੀ ਰੁਣ ਝੁਣ ਲਾਇਆ; ਭੈਣੇ ! ਸਾਵਣੁ ਆਇਆ ॥ (ਮਹਲਾ 1/558) ਅਰਥ : ਹੇ ਭੈਣ ! ਸਾਵਨ (ਦਾ ਮਹੀਨਾ) ਆ ਗਿਆ ਹੈ (ਵਰਖਾ ਰੁੱਤ ਦਾ ਮੀਂਹ ਪੈਣ ਕਾਰਨ) ਮੋਰਾਂ ਨੇ ਖ਼ੁਸ਼ੀ ਦੇ ਮਿੱਠੇ ਗੀਤ ਗਾਉਣੇ ਸ਼ੁਰੂ ਕਰ ਦਿੱਤੇ ਹਨ।

ਸਾਵਣੁ ਆਇਆ ਹੇ ਸਖੀ ! ਜਲਹਰੁ ਬਰਸਨਹਾਰੁ ॥ ਨਾਨਕ ! ਸੁਖਿ ਸਵਨੁ ਸੋਹਾਗਣੀ; ਜਿਨ੍, ਸਹ ਨਾਲਿ ਪਿਆਰੁ ॥2॥ (ਮਹਲਾ 2/1280) ਹੇ ਸਖੀ ! ਸਾਵਣ ਮਹੀਨਾ ਆ ਗਿਆ ਤੇ ਬੱਦਲ ਵਰ੍ਹਾਊ ਹੋ ਗਿਆ ਹੈ। (ਇਸ ਸੁਹਾਵਣੇ ਸਮੇਂ) ਜਿਨ੍ਹਾਂ (ਜੀਵ-ਇਸਤ੍ਰੀਆਂ ਦਾ) ਖਸਮ (ਪ੍ਰਭੂ) ਨਾਲ ਪਿਆਰ ਪੈ ਗਿਆ, ਉਹ ਭਾਗਾਂ ਵਾਲੀਆਂ ਬੇਫ਼ਿਕਰ ਹੋ ਕੇ ਸੌਂਦੀਆਂ ਹਨ।

ਭਗਤ ਨਾਮਦੇਵ ਜੀ ਦੇ ਬਚਨ ਹਨ ਕਿ ਜਿਸ ਅੰਦਰ ਪਤੀ-ਪਰਮੇਸ਼ਰ ਨਾਲ਼ ਪ੍ਰੀਤ ਪੈਦਾ ਹੋ ਗਈ, ਉਹ ਕੇਵਲ ਸਾਵਣ ਮਹੀਨੇ ਦੇ ਅਨੰਦ ਤੱਕ ਸੀਮਤ ਨਹੀਂ ਰਹਿੰਦਾ ਭਾਵ ਉਸ ਲਈ ਸਦਾ ਨਾਮ-ਅੰਮ੍ਰਿਤ ਦੀ ਵਰਖਾ ਹੋਣ ਲੱਗਦੀ ਹੈ "ਅਣਮੜਿਆ ਮੰਦਲੁ (ਢੋਲ) ਬਾਜੈ ॥ ਬਿਨੁ ਸਾਵਣ, ਘਨਹਰੁ (ਬੱਦਲ) ਗਾਜੈ ॥ ਬਾਦਲ ਬਿਨੁ, ਬਰਖਾ ਹੋਈ ॥ ਜਉ, ਤਤੁ ਬਿਚਾਰੈ ਕੋਈ ॥1॥" (ਭਗਤ ਨਾਮਦੇਵ ਜੀ/657), ਐਸੀ ਨਿਰੰਤਰ ਵਰਖਾ ਦਾ ਅਨੰਦ ਮਾਨਣ ਲਈ ਆਪਣੇ ਪਿਆਰੇ ਰਾਮ ਨਾਲ਼ ਇੱਕ-ਮਿੱਕ ਹੋਣਾ ਪੈਣਾ ਹੈ; ਜਿਵੇਂ ਕਿ ਭਗਤ ਨਾਮਦੇਵ ਜੀ ਦੇ ਬਚਨ ਹਨ "ਮੋ ਕਉ ਮਿਲਿਓ ਰਾਮੁ ਸਨੇਹੀ ॥ ਜਿਹ ਮਿਲਿਐ, ਦੇਹ ਸੁਦੇਹੀ ॥1॥ ਰਹਾਉ ॥" ਭਾਵ ਮੈਨੂੰ ਪਿਆਰਾ ਰਾਮ ਮਿਲ ਪਿਆ। ਜਿਸ ਦੇ ਮਿਲਣ ਨਾਲ਼ ਮੇਰੀ ਦੇਹ ਸੁੰਦਰ ਬਣ ਗਈ। ਜੀਵਨ ਸਫਲ ਹੋ ਗਿਆ।

ਸਾਵਣ ਮਹੀਨੇ ਦੀਆਂ ਕੁੱਝ ਇਤਿਹਾਸਕ ਘਟਨਾਵਾਂ ਨੂੰ ਵੀ ਜਾਣਨਾ ਜ਼ਰੂਰੀ ਹੈ; ਜਿਵੇਂ ਕਿ ਭਾਈ ਤਾਰੂ ਸਿੰਘ ਜੀ ਨੂੰ ਸੰਘਰਸ਼ ਕਰ ਰਹੇ ਸਿੰਘਾਂ ਦੀ ਮਦਦ ਕਰਨ ਬਦਲੇ 1 ਸਾਵਣ ਬਿਕ੍ਰਮੀ ਸੰਮਤ 1802 ਨੂੰ ਖੋਪਰੀ ਉਤਾਰ ਕੇ ਸ਼ਹੀਦ ਕਰ ਦਿੱਤਾ ਸੀ। ਉਹ, ਸਿੱਖੀ ਕੇਸਾਂ ਸੰਗ ਨਿਭਾਉਣ ਦਾ ਆਪਣਾ ਪ੍ਰਣ ਪੂਰਾ ਕਰ ਗਏ ਸਨ।

ਗੁਰੂ ਅਰਜਨ ਸਾਹਿਬ ਜੀ ਦੀ ਸ਼ਹੀਦੀ ਤੋਂ ਬਾਅਦ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ 18 ਹਾੜ ਬਿਕ੍ਰਮੀ ਸੰਮਤ 1663 ਨੂੰ ਇੱਕ ਥੜ੍ਹੇ (ਜਿਸ ਨੂੰ ਹੁਣ ਅਕਾਲ ਤਖ਼ਤ ਸਾਹਿਬ ਕਿਹਾ ਜਾਂਦਾ ਹੈ) ਦੀ ਉਸਾਰੀ ਕੀਤੀ। ਇਸ ਤੋਂ 19 ਦਿਨ ਬਾਅਦ ਇਸੇ ਸਥਾਨ 'ਤੇ ਬੈਠ ਕੇ 6 ਸਾਵਣ ਸੰਮਤ 1663 ਨੂੰ ਆਪ ਨੇ ਮੀਰੀ-ਪੀਰੀ ਦੀਆਂ ਦੋ ਕਿਰਪਾਨਾਂ ਧਾਰਨ ਕੀਤੀਆਂ। ਇਹ ਦਿਹਾੜਾ; ਹਰ ਸਾਲ ਮੀਰੀ-ਪੀਰੀ ਦਿਵਸ ਵਜੋਂ 6 ਸਾਵਣ ਨੂੰ ਮਨਾਇਆ ਜਾਂਦਾ ਹੈ। ਗੁਰੂ ਹਰਿਰਾਇ ਸਾਹਿਬ ਜੀ ਦੇ ਗ੍ਰਹਿ ਮਾਤਾ ਕ੍ਰਿਸ਼ਨ ਕੌਰ ਜੀ ਦੀ ਕੁੱਖੋਂ 8 ਸਾਵਣ ਬਿਕ੍ਰਮੀ ਸੰਮਤ 1713 ਨੂੰ ਸ਼ੀਸ਼ ਮਹਿਲ ਕੀਰਤਪੁਰ ਸਾਹਿਬ ਵਿਖੇ ਗੁਰੂ ਹਰਿ ਕ੍ਰਿਸ਼ਨ ਸਾਹਿਬ ਜੀ ਦਾ ਜਨਮ ਹੋਇਆ। ਅੰਮ੍ਰਿਤਸਰ ਤੋਂ 13 ਕਿਲੋਮੀਟਰ ਦੂਰ ਪਿੰਡ ਘੁੱਕੇਵਾਲ਼ੀ ਵਿਖੇ ਗੁਰਦੁਆਰਾ ਸਾਹਿਬ ਦੇ ਬਾਗ਼ 'ਚੋਂ ਗੁਰੂ ਕੇ ਲੰਗਰ ਲਈ ਲੱਕੜਾਂ ਕੱਟਣ ਗਏ ਪੰਜ ਸਿੰਘਾਂ ਵਿਰੁੱਧ ਮਹੰਤ ਨੇ ਪੁਲਿਸ ਕੋਲ ਰਿਪੋਰਟ ਦਰਜ ਕਰਵਾਈ, ਜਿਸ ਕਾਰਨ ਪੰਜੇ ਸਿੰਘਾਂ ਨੂੰ 6-6 ਮਹੀਨੇ ਦੀ ਕੈਦ ਅਤੇ 50-50 ਰੁਪਏ ਜਰਮਾਨਾ ਲਾਇਆ ਗਿਆ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਉਸ ਬਾਗ਼ ਉੱਤੇ ਆਪਣਾ ਹੱਕ ਜਤਾਉਣ ਲਈ ਅਤੇ ਸਰਕਾਰੀ ਧੱਕੇਸ਼ਾਹੀ ਵਿਰੁੱਧ ਮੋਰਚਾ ਲਾਇਆ, ਜੋ 24 ਸਾਵਣ ਬਿਕ੍ਰਮੀ ਸੰਮਤ 1978 (8 ਅਗਸਤ 1921 ਈ:) ਤੋਂ ਲੈ ਕੇ 22 ਕੱਤਕ ਬਿਕ੍ਰਮੀ ਸੰਮਤ 1979 (7 ਨਵੰਬਰ 1922) ਤੱਕ ਚੱਲਿਆ ਤੇ ਅੰਗਰੇਜ਼ ਸਰਕਾਰ ਨੇ ਗੁਰਦੁਆਰਾ ਸਾਹਿਬ ਦਾ ਪ੍ਰਬੰਧ ਸ਼੍ਰੋਮਣੀ ਕਮੇਟੀ ਦੇ ਸਪੁਰਦ ਕਰ ਦਿੱਤਾ। ਇਹ ਦਿਹਾੜਾ; ਹਰ ਸਾਲ 24 ਸਾਵਣ ਨੂੰ ਗੁਰੂ ਕੇ ਬਾਗ ਮੋਰਚੇ ਦੀ ਯਾਦ 'ਚ ਮਨਾਇਆ ਜਾਂਦਾ ਹੈ। ••

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243






ਵੱਲੋਂ

# ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ

ਮੁਖੀ ਦਮਦਮੀ ਟਕਸਾਲ,
ਜਥਾ ਭਿੰਡਰਾਂ, ਮਹਿਤਾ

**ਅਤੇ ਪ੍ਰਧਾਨ ਸੰਤ ਸਮਾਜ**




ਵੱਲੋਂ :

**ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ**

ਸਾਬਕਾ ਜਥੇਦਾਰ

ਸ੍ਰੀ ਅਕਾਲ ਤਖ਼ਤ ਸਾਹਿਬ

ਸੰਪਰਕ : 98140-13915, 98140-29018






--✶ ਵੱਲੋਂ ✶--

# ਜਥੇਦਾਰ ਬਲਜੀਤ ਸਿੰਘ ਜੀ ਦਾਦੂਵਾਲ

**ਚੇਅਰਮੈਨ, ਧਰਮ ਪ੍ਰਚਾਰ**
**ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ**

ਚੇਅਰਮੈਨ, ਸੁੱਖ ਸਿਮਰਨ ਸੇਵਾ ਟਰੱਸਟ (ਰਜਿ.)
ਪੰਥਕ ਸੇਵਾ ਲਹਿਰ ਦਾਦੂ ਸਾਹਿਬ ਜਥੇਬੰਦੀ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ








--★ ਵੱਲੋਂ ★--

# ਭਾਈ ਰਘਵੀਰ ਸਿੰਘ ਵਾਲਸਾਲ
# ਐਡੀਟਰ-ਇਨ-ਚੀਫ

ਆਵਾਜ਼ਿ-ਕੌਮ ਅੰਤਰ-ਰਾਸ਼ਟਰੀ ਅਖ਼ਬਾਰ ਤੇ ਵੈਬ ਚੈਨਲ

ਪ੍ਰਧਾਨ,

ਇੰਟਰਨੈਸ਼ਨਲ ਪੰਥਕ ਦਲ, ਯੂ. ਕੇ.




--✶ ਵੱਲੋਂ ✶--

# ਭਾਈ ਕਪਤਾਨ ਸਿੰਘ
# ( ਇੰਗਲੈਂਡ )

ਜਨਰਲ ਸਕੱਤਰ ਅਤੇ ਮੁੱਖ ਬੁਲਾਰਾ
ਇੰਟਰਨੈਸ਼ਨਲ ਪੰਥਕ ਦਲ, ਯੂ. ਕੇ.






# ਧੰਨ ਭਾਈ ਤਾਰੂ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਤੇ ਪ੍ਰਣਾਮ

# Dhan Bhai Taru Singh Ji de Shaheedi Dihare Te Parnam

www.damdamitaksal.net

## 1 ਸਾਵਣ 16 ਜੁਲਾਈ ਨੂੰ ਸ਼ਹੀਦੀ ਦਿਹਾੜੇ 'ਤੇ ਵਿਸ਼ੇਸ਼

# ਸ਼ਹੀਦ ਭਾਈ ਤਾਰੂ ਸਿੰਘ ਜੀ

**ਭਾਈ ਤਾਰੂ ਸਿੰਘ ਜੀ** ਨੇ ਸੰਸਾਰ ਭਰ ਵਿੱਚ ਸ਼ਹੀਦੀ ਦੀ ਇੱਕ ਵੱਖਰੀ ਤੇ ਅਨੋਖੀ ਮਿਸਾਲ ਕਾਇਮ ਕਰਦਿਆਂ ਸਿੱਖੀ ਦਾ ਜੋ ਪਰਚਮ ਲਹਿਰਾਇਆ, ਉਹ ਸਦਾ-ਸਦਾ ਲਈ ਰਹਿੰਦੀ ਦੁਨੀਆਂ ਤੱਕ ਜੱਗ ਤੇ ਝੂਲਦਾ ਰਹੇਗਾ ਤੇ ਭਾਈ ਸਾਹਬ ਦੀ ਕੁਰਬਾਨੀ ਦੀ ਯਾਦ ਦਿਵਾਉਂਦਾ ਰਹੇਗਾ।ਜ਼ਾਲਮ ਹੁਕਮਰਾਨ ਕਈ ਸਦੀਆਂ ਭੋਲੀ-ਭਾਲੀ ਜਨਤਾ ਨੂੰ

ਆਵਾਜ਼ਿ ਕੌਮ AWAZE QAUM International Newspaper & WEB TV

ਲੁੱਟਦੇ, ਕੁੱਟਦੇ ਤੇ ਡੰਡੇ ਦੇ ਜ਼ੋਰ ਨਾਲ ਰਾਜ ਕਰਦੇ ਰਹੇ।

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਹੌਂਸਲੇ ਅਤੇ ਨਿੱਡਰਤਾ ਨੇ ਦੱਬੇ ਕੁਚਲੇ ਲੋਕਾਂ ਨੂੰ ਅਹਿਸਾਸ ਕਰਵਾ ਕੇ ਉਹਨਾਂ ਵਿੱਚ ਨਵੀਂ ਰੂਹ ਫੂਕੀ। ਫਿਰ ਦੱਸਵੀਂ ਜੋਤ ਦੇ ਰੂਪ ਵਿੱਚ ਸੰਨ 1699 ਈ: ਨੂੰ ਵਿਸਾਖੀ ਵਾਲੇ ਦਿਨ ਖਾਲਸਾ ਸਾਜ ਕੇ ਖਾਲਸਾ ਫੌਜ ਸਥਾਪਿਤ ਕੀਤੀ। ਅੰਮ੍ਰਿਤ ਦੀ ਪਵਿੱਤਰ ਦਾਤ ਦੀ ਬਖਸ਼ਿਸ਼ ਕਰਕੇ ਖਾਲਸੇ ਨੂੰ ਜ਼ਾਲਮ ਤੇ ਜ਼ੁਲਮ ਦੇ ਵਿਰੁੱਧ ਟਕਰਾ ਕੇ ਸਵੈਮਾਣ ਤੇ ਅਣਖ ਦੇ ਰੰਗ ਵਿੱਚ ਐਸਾ ਰੰਗਿਆ ਕਿ ਜਿੰਨ੍ਹਾਂ ਨੇ ਆਪਣੇ ਫਰਜ਼ ਲਈ ਹਰ ਕੱਸ਼ਟ ਹੱਸ ਕੇ ਸਹਿ ਲਿਆ। ਆਪਣੇ ਫਰਜ਼ ਲਈ ਚਾਹੇ ਚਰੱਖੜੀਆਂ ਤੇ ਚੜਨਾ ਪਿਆ, ਬੰਦ-ਬੰਦ ਕਟਵਾਉਣੇ ਪਏ, ਪੁੱਠੀਆਂ ਖੱਲਾਂ ਲਵਾਉਣੀਆਂ ਪਈਆਂ, ਆਰਿਆ ਨਾਲ ਚੀਰੇ ਗਏ, ਕੀਮਾਂ-ਕੀਮਾਂ ਕੀਤੇ ਗਏ, ਨੇਜ਼ਿਆਂ ਤੇ ਟੰਗੇ ਗਏ, ਦੇਗਾਂ ਵਿੱਚ ਪਾ ਕੇ ਉਬਾਲੇ ਗਏ ਜਾਂ ਰੰਬੀ ਨਾਲ ਖੋਪਰੀਆਂ ਉਤਰਵਾਉਣੀਆਂ ਪਈਆਂ, ਪਰ ਸੀ ਤੱਕ ਨਾ ਉਚਾਰੀ। ਸਿੱਖੀ ਸਿੱਦਕ ਤੋੜ ਤੱਕ ਨਿਭਿਆ।

ਐਸੇ ਸਿੱਖ ਕੌਮ ਦੇ ਅਨਮੋਲ ਹੀਰਿਆਂ ਵਿੱਚ ਇੱਕ ਹੀਰਾ ਭਾਈ ਤਾਰੂ ਸਿੰਘ ਜੀ ਸਨ। ਭਾਈ ਤਾਰੂ ਸਿੰਘ ਪਿੰਡ ਪੂਹਲਾ ਦਾ ਰਹਿਣ ਵਾਲਾ ਗੁਰਸਿੱਖ ਸੀ। ਇਤਿਹਾਸ ਵਿੱਚ ਆਉਂਦਾ ਹੈ ਕਿ ਭਾਈ ਤਾਰੂ ਸਿੰਘ ਜੀ ਛੋਟੇ ਜਿਹੇ ਕਿਸਾਨ ਸਨ। ਇੰਨ੍ਹਾਂ ਦੇ ਪਿਤਾ ਵੀ ਗੁਰੂ ਘਰ ਦੇ ਪ੍ਰੇਮੀ ਸਨ। ਉਹ ਮੁਕਤਸਰ ਸਾਹਬ ਦੀ ਲੜਾਈ ਵਿੱਚ ਸੂਬਾ ਸਰਹੰਦ ਦੀ ਫੌਜ ਨਾਲ ਲੜਦੇ ਸ਼ਹੀਦੀ ਜਾਮ ਪੀ ਗਏ ਸਨ। ਘਰ ਵਿੱਚ ਮਾਤਾ ਤੇ ਇੱਕ ਭੈਣ ਸੀ ਜੋ ਵਿਆਹੀ ਹੋਈ ਸੀ, ਪਰ ਉਸਦਾ ਪਤੀ ਗੁਜ਼ਰ ਚੁੱਕਾ ਸੀ ਤੇ ਉਹ ਵੀ ਆਪਣੇ ਭਰਾ ਤੇ ਮਾਂ ਕੋਲ ਹੀ ਰਹਿੰਦੀ ਸੀ। ਭਾਈ ਸਾਹਬ ਸ਼ਾਂਤ ਸੁਭਾਅ ਦੇ ਮਾਲਕ ਸਨ। ਸਦਾ ਉਸ ਪਰਮਾਤਮਾ ਦੀ ਬੰਦਗੀ ਹੀ ਉਹਨਾਂ ਦਾ ਧਰਮ ਕਰਮ ਸੀ। ਖੇਤਾਂ ਵਿੱਚ ਜੋ ਵਾਹੁੰਦੇ ਬੀਜਦੇ ਸਨ। ਉਹ ਸਰਬੱਤ ਦੇ ਭਲੇ ਲਈ ਲੰਗਰ ਲਾ ਛੱਡਣੇ, ਇਸ ਗੁਰਸਿੱਖ ਦਾ ਨਿੱਤ ਦਾ ਕਰਮ ਸੀ। ਭਾਈ ਰਤਨ ਸਿੰਘ ਭੰਗੂ ਲਿੱਖਦੇ ਹਨ ਕਿ:

**ਸਾਖੀ ਤਾਰੂ ਸਿੰਘ ਕੀ ਸੁਨੌਂ ਸਿੰਘ ਮਨ ਲਾਇ।**
**ਜੋ ਖਾਨ ਬਹਾਦਰ ਲੈ ਤੁਰਯੋ, ਖੋਪਰੀ ਸਿਰੋਂ ਉਤਰਾਇ।**
**ਸੋ ਮਾਝੈ ਮੈਂ ਬਸਤ ਥੋ, ਭਲੇ ਸੁ ਪੂਲੈ ਗਾਮ।**
**ਹਠੀ ਤਪੀ ਸਾਚੋ ਸਤੀ, ਨਿਹੰਗ ਤਾਰੂ ਸਿੰਘ ਨਾਮ।**

ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹਾਦਤ ਤੋਂ ਬਾਅਦ ਸਿੱਖਾਂ ਤੇ ਮਾੜੇ ਦਿਨਾਂ ਦਾ ਬੋਲ-ਬਾਲਾ ਸੀ। ਉਸ ਸਮੇਂ ਹਕੂਮਤ ਨੇ ਸਿੱਖਾਂ ਦੇ ਨੱਕ ਵਿੱਚ ਦਮ ਕਰ ਰੱਖਿਆ ਹੋਇਆ ਸੀ। ਸਿੱਖ ਜੰਗਲਾਂ ਵਿੱਚ ਜਾ ਛੁਪੇ ਸਨ। ਭਾਈ ਸਾਹਬ ਜੋ ਕੁੱਝ ਕਮਾਉਂਦੇ ਸਨ। ਸਿੱਖਾਂ ਨੂੰ ਜੰਗਲਾਂ ਬੇਲਿਆਂ ਵਿੱਚ ਜਾ ਕੇ ਲੰਗਰ ਪਾਣੀ ਛਕਾ ਆਉਂਦੇ ਸਨ। ਪਿੰਡ ਪੂਹਲੇ ਦੇ ਲਾਗੇ ਹੀ ਇੱਕ ਰੱਖ ਵਿੱਚ ਕਦੇ ਕਦਾਈ ਕੁੱਝ ਸਿੰਘ ਆ ਕੇ ਠਹਿਰ ਜਾਂਦੇ ਸਨ, ਜੋ ਹਕੂਮਤ ਨਾਲ ਗਾਹੇ-ਬਗਾਹੇ ਟੱਕਰ ਲੈ ਲੈਂਦੇ ਸਨ। ਭਾਈ ਸਾਹਬ ਲੰਗਰ ਤਿਆਰ ਕਰਕੇ ਉਸ ਰੱਖ ਵਿੱਚ ਰਾਤ ਨੂੰ ਉਹਨਾਂ ਸਿੱਖਾਂ ਨੂੰ ਛਕਾ ਆਉਂਦੇ ਤੇ ਨਾਲੇ ਹੋਰ ਵੀ ਕਈ ਪ੍ਰਕਾਰ ਦੀ ਮਦਦ (ਸੂਹ ਵਗੈਰਾ) ਦੇ ਆਉਂਦੇ ਸਨ। ਜਦ ਇਸ ਸਾਰੀ ਗੱਲ ਦਾ ਪਤਾ ਜ਼ਾਲਮ ਹਕੂਮਤ ਦੇ ਮੁਖਬਿਰ ਜੰਡਿਆਲਾ ਨਿਵਾਸੀ ਹਰਭਗਤ ਨਿਰੰਜਨੀਏ ਨੂੰ ਲੱਗਾ ਤਾਂ ਉਸ ਨੇ ਝੱਟ ਜਾ ਕੇ ਸੂਬੇਦਾਰ ਜਕਰੀਆਂ ਖਾਂ ਨੂੰ ਇਤਲਾਹ ਦਿੱਤੀ ਕਿ ਇੱਕ ਸਿੱਖ ਜਿਸਦਾ ਨਾਂ ਭਾਈ ਤਾਰੂ ਸਿੰਘ ਹੈ ਤੇ ਉਹ ਪਿੰਡ ਪੂਹਲਿਆਂ ਦਾ ਰਹਿਣ ਵਾਲਾ ਹੈ, ਹਕੂਮਤ ਦੇ ਵਿਰੋਧੀਆਂ ਨੂੰ ਆਪਣੇ ਘਰ ਵਿੱਚ ਪਨਾਹ ਦਿੰਦਾ ਹੈ ਤੇ ਲੰਗਰ ਪਾਣੀ ਵੀ ਛਕਾਉਂਦਾ ਹੈ। ਆਪ ਵੀ ਉਹਨਾਂ ਨਾਲ ਰਲ ਕੇ ਰਾਤ ਨੂੰ ਲੁੱਟਾਂ- ਖੋਹਾਂ ਕਰਦਾ ਤੇ ਸੰਨ੍ਹਾਂ ਲਾਉਂਦਾ ਹੈ। ਜਕਰੀਆਂ ਖਾਂ ਦੇ ਹੁਕਮ ਮੁਤਾਬਿਕ ਭਾਈ ਤਾਰੂ ਸਿੰਘ ਨੂੰ ਫੜ ਕੇ ਲਾਹੌਰ ਲਿਆਂਦਾ ਗਿਆ। ਭਾਈ ਤਾਰੂ ਸਿੰਘ ਨੂੰ ਜਕਰੀਆ ਖਾਂ ਦੀ ਕਚਹਿਰੀ ਵਿੱਚ ਪੇਸ਼ ਕਰਨ ਉਪਰੰਤ ਹਕੂਮਤ ਨੇ ਬਾਗੀ ਸਿੰਘਾਂ ਨੂੰ ਆਪਣੇ ਕੋਲ ਪਨਾਹ ਦੇਣ, ਲੁੱਟਾਂ-ਖੋਹਾਂ ਕਰਨ, ਚੋਰੀਆਂ ਡਾਕੇ ਤੇ ਹੋਰ ਕਈ ਤਰ੍ਹਾਂ ਦੇ ਮਨਘੜ੍ਹਤ ਕੇਸ ਪਾ ਕੇ ਭਾਈ ਸਾਹਬ ਨੂੰ ਕੇਸ ਕਤਲ ਕਰਵਾ ਕੇ ਮੁਸਲਮਾਨ ਬਣ ਜਾਣ ਲਈ ਕਿਹਾ ਤਾਂ ਭਾਈ ਸਾਹਬ ਨੇ ਲਲਕਾਰ ਕੇ ਕਿਹਾ ਕਿ ਇਹ ਕਦੇ ਨਹੀ ਹੋ ਸਕਦਾ, ਇਸ ਸਿੱਖ ਦਾ ਸਿੱਦਕ ਕੇਸਾਂ, ਸੁਆਸਾਂ ਨਾਲ ਨਿਭੇਗਾ। ਇਹ ਗੱਲ ਸੁਣ ਕੇ ਜ਼ਕਰੀਆਂ ਖਾਂ ਗੁੱਸੇ ਵਿੱਚ ਬੋਲਿਆ ਕਿ 'ਜਿੰਨ੍ਹਾਂ ਕੇਸਾਂ ਤੂੰ ਇੰਨ੍ਹਾਂ ਮਾਣ ਕਰਦਾ ਏ ਨਾ, ਮੈਂ ਜੁੱਤੀਆਂ ਮਾਰ-ਮਾਰ ਕੇ ਤੇਰੇ ਉਹ ਕੇਸ ਉਖਾੜ ਦਿਆਗਾਂ'।

**'ਅਕਾਲ, ਅਕਾਲ' ਸਿੰਘ ਜਾਪ ਉਚਾਰੇ। ਸੁਣ ਨਵਾਬ ਮੂੰਦੇ ਕੰਨ ਸਾਰੇ।**
**ਤਬ ਨਵਾਬ ਬਹੁ ਕ੍ਰੋਧਹਿ ਭਰਾ। ਸੋਊ ਹੁਕਮ ਉਨ ਮੋਚੀਅਨ ਕਰਾ।**
**ਇਸ ਕੀ ਖੋਪਰੀ ਸਾਥੇ ਬਾਲ। ਕਾਟ ਉਤਾਰੋ ਰੰਬੀ ਨਾਲ।**
**ਤਬੈ ਕਸਾਇਨ ਵੈਸੀ ਕਰੌ। ਕਰ ਪੈਨੀ ਸਿਰ ਰੰਬੀ ਧਰੀ। (ਸ੍ਰੀ ਗੁਰ ਪੰਥ ਪ੍ਰਕਾਸ਼)**

ਭਾਈ ਤਾਰੂ ਸਿੰਘ ਨੇ ਕਿਹਾ ਕਿ ਜ਼ਕਰੀਆ ਖਾਂ 'ਤੈਨੂੰ ਇਹ ਖਾਲਸਾ ਆਪਣੀ ਜੁੱਤੀ ਦੇ ਅੱਗੇ ਲਾ ਕੇ ਲੈ ਕੇ ਜਾਵੇਗਾ।'

**ਕਹੋ ਜਾਇ ਹੋ ਰਹੁ ਮਜ਼ਬੂਤ। ਮਾਰੋਂ ਬੰਦ ਕਰ ਹਗਣੋ ਮੂਤ।**
**ਹੋਹੁ ਤਯਾਰ ਤੂੰ ਦੋਜਕ ਤਾਊਂ। ਮਾਰ ਜੂਤਨ ਤੁਹ ਪਹਿਲੋਂ ਲਿਜਾਊਂ।। (ਪੰਥ ਪ੍ਰਕਾਸ਼)**

ਭਾਈ ਸਾਹਬ ਦੇ ਨਾਂਹ ਕਰਨ ਤੇ ਅੰਤ ਵਿੱਚ ਫਤਵਾ ਦਿੱਤਾ ਗਿਆ ਕਿ ਇਸ ਦੀ ਖੋਪਰੀ ਉਤਾਰ ਦਿੱਤੀ ਜਾਵੇ। ਜ਼ਲਾਦਾਂ ਨੇ ਰੰਬੀ ਨਾਲ ਭਾਈ ਤਾਰੂ ਸਿੰਘ ਜੀ ਦੀ ਖੋਪਰੀ ਉਤਾਰ ਦਿੱਤੀ। ਖੂਨ ਦੀਆਂ ਧਾਰਾਂ ਭਾਈ ਸਾਹਬ ਦੇ ਸਰੀਰ ਉੱਪਰ ਵਹਿ ਤੁਰੀਆਂ। ਆਪ ਅਡੋਲ ਚਿੱਤ ਜਪੁ ਜੀ ਸਾਹਬ ਜੀ ਦਾ ਪਾਠ ਕਰਦੇ ਰਹੇ। ਭਾਈ ਤਾਰੂ ਸਿੰਘ ਜੀ ਨੂੰ ਕਚਹਿਰੀ ਦੇ ਬਾਹਰ ਸੁੱਟ ਦਿੱਤਾ ਗਿਆ। ਉੱਥੋਂ ਕੁੱਝ ਸਿੱਖਾਂ ਸਰਕਾਰੀ ਕਾਰਵਾਈ ਪੂਰੀ ਕਰਕੇ ਭਾਈ ਸਾਹਬ ਨੂੰ ਨੇੜੇ ਦੀ ਧਰਮਸ਼ਾਲਾ ਵਿੱਚ ਲੈ ਗਏ। ਉੱਥੇ ਭਾਈ ਸਾਹਬ ਦਾ ਜਿੰਨ੍ਹਾਂ ਇਲਾਜ ਸੰਭਵ ਸੀ, ਉਨਾਂ ਕੀਤਾ ਗਿਆ।ਥੋੜ੍ਹੇ ਦਿਨਾਂ ਬਾਦ ਹੀ ਜ਼ਕਰੀਆਂ ਖਾਂ ਦਾ ਪੇਸ਼ਾਬ ਬੰਦ ਹੋ ਗਿਆ । ਜ਼ਕਰੀਆਂ ਖਾਂ ਬਹੁਤ ਤੰਗ ਹੋ ਗਿਆ। ਕਾਜ਼ੀ ਮੁਲਾਣਿਆਂ ਨ ਬਥੇਰੇ ਉਹੜ-ਪੋਹੜ ਕੀਤੇ ਸਭ ਬੇਅਸਰ ਗਏ। ਕਿਸੇ ਸਿਆਣੇ ਦੇ ਕਹਿਣ ਤੇ ਭਾਈ ਤਾਰੂ ਸਿੰਘ ਨੂੰ ਜ਼ਕਰੀਆਂ ਖਾਂ ਨੂੰ ਮੁਆਫ ਕਰਨ ਲਈ ਕਿਹਾ ਗਿਆ।




ਭਾਈ ਤਾਰੂ ਸਿੰਘ ਨੇ ਕਿਹਾ ਕਿ ਜੋ ਹੋਣਾ ਸੀ ਉਹ ਹੋ ਗਿਆ। ਹੁਣ ਮੈਂ ਕੁੱਝ ਨਹੀ ਕਰ ਸਕਦਾ। ਹੁਣ ਤਾਂ ਖਾਲਸਾ ਪੰਥ ਹੀ ਕੁੱਝ ਕਰ ਸਕਦਾ ਹੈ। ਖਾਲਸਾ ਪੰਥ ਤੱਕ ਪਹੁੰਚ ਕਰਨ ਲਈ ਭਾਈ ਸ਼ਹਿਬਾਜ਼ ਸਿੰਘ ਜੰਬਰ ਨੂੰ ਕਿਹਾ ਗਿਆ ਤਾਂ ਉਹ ਖਾਲਸਾ ਪੰਥ ਤੱਕ ਜੰਗਲਾਂ ਵਿੱਚ ਪਹੁੰਚੇ ਤਾਂ ਖਾਲਸਾ ਪੰਥ ਨੇ ਸਾਰੀ ਗੱਲ ਸੁਣ ਕੇ ਕਿਹਾ ਕਿ ਪਹਿਲਾਂ ਤਾਂ ਜ਼ਕਰੀਆ ਖਾਂ ਸਿੱਖਾਂ ਤੇ ਜ਼ੁਲਮ ਕਰਨੇ ਬੰਦ ਕਰੇ। ਦੂਜਾ ਸ਼ਹੀਦ ਹੋਏ ਸਿੱਖਾਂ ਦੇ ਸਸਕਾਰ ਕੀਤੇ ਜਾਣ। ਤੀਜਾ ਭਾਈ ਤਾਰੂ ਸਿੰਘ ਜੀ ਦਾ ਜੁੱਤਾ ਜ਼ਕਰੀਆ ਖਾਂ ਦੇ ਸਿਰ ਵਿੱਚ ਮਾਰਿਆ ਜਾਵੇ। ਇਸੇ ਤਰ੍ਹਾਂ ਹੀ ਕੀਤਾ ਗਿਆ। ਪਹਿਲਾਂ ਤਾਂ ਜੁੱਤਾ ਰੇਸ਼ਮੀ ਕੱਪੜੇ ਵਿੱਚ ਲਪੇਟ ਕੇ ਮਾਰਿਆ ਗਿਆ ਤੇ ਥੋੜ੍ਹਾ ਜਿਹਾ ਪੇਸ਼ਾਬ ਆਇਆ। ਫਿਰ ਕੱਪੜੇ ਵਿੱਚੋਂ ਕੱਢ ਕੇ ਜੁੱਤਾ ਜ਼ਕਰੀਆ ਖਾਂ ਦੇ ਸਿਰ ਵਿੱਚ ਮਾਰਿਆ ਤਾਂ ਖੁੱਲ ਕੇ ਪੇਸ਼ਾਬ ਆ ਗਿਆ। ਹਰ ਵਾਰੀ ਇਸੇ ਤਰ੍ਹਾਂ ਹੀ ਪੇਸ਼ਾਬ ਆਉਂਦਾ। ਅਗਲੇ ਦਿਨ ਹੀ ਜ਼ਕਰੀਆ ਖਾਂ ਮਰ ਗਿਆ। ਇਹ ਖਬਰ ਜਦ ਭਾਈ ਤਾਰੂ ਸਿੰਘ ਜੀ ਤੱਕ ਪਹੁੰਚੀ ਤਾਂ ਇਤਹਾਸ ਵਿੱਚ ਆਉਂਦਾ ਹੈ ਕਿ ਖੋਪਰੀ ਉਤਾਰਨ ਤੋਂ 22 ਦਿਨ ਬਾਅਦ 16 ਜੁਲਾਈ 1745 ਈ: ਭਾਈ ਤਾਰੂ ਸਿੰਘ ਜੀ ਗੁਰੂ ਸਾਹਿਬ ਦਾ ਸ਼ੁਕਰਾਨਾ ਕਰਦੇ ਹੋਏ ਗੁਰੂ ਚਰਨਾਂ ਵਿੱਚ ਜਾ ਬਿਰਾਜੇ।ਗੁਰੂ ਜੀ ਦਾ ਸੱਚੇ ਸਿੱਖ ਦੇ ਕਹੇ ਬੋਲ ਗੁਰੂ ਕ੍ਰਿਪਾ ਨਾਲ ਪੂਰੇ ਹੋਏ ਜ਼ਕਰੀਆ ਖਾਂ ਨੂੰ ਜੁੱਤੀ ਨਾਲ ਅੱਗੇ ਲਾ ਕੇ ਲੈ ਕੇ ਗਏ।

ਤਬ ਤਾਰੂ ਸਿੰਘ ਉੱਤਰ ਕਹੈ।
ਅਪਨੀ ਗਤਿ ਗੁਰ ਆਪੇ ਲਹੈ।
ਨਹੀਂ ਅੰਤ ਕਿਛੁ ਪਾਯਾ ਜਾਇ।
ਉਨ ਕੇ ਭੇਦ ਹੈਂ ਉਨ ਹੀ ਪਾਹਿ। (**ਰਤਨ ਸਿੰਘ ਭੰਗੂ**)

ਭਾਈ ਤਾਰੂ ਸਿੰਘ ਜੀ ਦਾ ਸਸਕਾਰ ਲਾਹੌਰ ਦੇ ਸ਼ਹੀਦ ਗੰਜ਼ ਵਾਲੇ ਅਸਥਾਨ ਤੇ ਕੀਤਾ ਗਿਆ। ਭਾਈ ਸਾਹਬ ਜੀ ਨੇ ਸਿੱਖੀ ਕੇਸਾਂ ਸੁਆਸਾਂ ਸੰਗ ਨਿਭਾ ਕੇ ਇਸ ਸੰਸਾਰ ਵਿੱਚ ਇੱਕ ਵੱਖਰੀ ਮਿਸਾਲ ਕਾਇਮ ਕੀਤੀ। ਭਾਈ ਤਾਰੂ ਸਿੰਘ ਜੀ ਦੀ ਸ਼ਹੀਦੀ ਲਾਮਿਸਾਲ ਹੈ। ਭਾਈ ਸਾਹਬ ਜੀ ਦੀ ਸ਼ਹੀਦੀ ਨੂੰ ਕੋਟਿਨ-ਕੋਟਿ ਪ੍ਰਣਾਮ।

**-ਧਰਮਿੰਦਰ ਸਿੰਘ (ਚੱਬਾ), ਪਿੰਡ ਤੇ ਡਾਕ: ਚੱਬਾ, ਤਰਨਤਾਰਨ ਰੋਡ, ਅੰਮ੍ਰਿਤਸਰ**

# ਐਡਵੋਕੇਟ ਧਾਮੀ ਦੀ ਅਗਵਾਈ 'ਚ ਹੋਈਆਂ ਅੰਤ੍ਰਿੰਗ ਕਮੇਟੀ ਅਤੇ ਧਰਮ ਪ੍ਰਚਾਰ ਕਮੇਟੀ ਦੀਆਂ ਇਕੱਤਰਤਾਵਾਂ

## ਬੰਦੀ ਸਿੰਘਾਂ ਅਤੇ ਪੁਲਿਸ ਤਸ਼ੱਦਦ ਕਰਨ ਵਾਲੇ ਅਧਿਕਾਰੀਆਂ ਪ੍ਰਤੀ ਸਰਕਾਰ ਦੀ ਦੋਹਰੀ ਨੀਤੀ ਦੁਖਦਾਈ- ਐਡਵੋਕੇਟ ਧਾਮੀ

ਅੰਮ੍ਰਿਤਸਰ, 15 ਜੁਲਾਈ (ਆਵਾਜ਼ਿ ਕੌਮ ਬਿਊਰੋ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ 'ਚ ਅੱਜ ਇਥੇ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ 'ਚ ਅੰਤ੍ਰਿੰਗ ਕਮੇਟੀ ਦੀ

ਆਵਾਜ਼ਿ ਕੌਮ AWAZE QAUM International Newspaper & WEB TV

ਇਕੱਤਰਤਾ ਹੋਈ। ਇਕੱਤਰਤਾ 'ਚ ਲਏ ਗਏ ਫੈਸਲਿਆਂ ਸਬੰਧੀ ਜਾਰੀ ਪ੍ਰੈੱਸ ਬਿਆਨ ਰਾਹੀਂ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਅੱਜ ਦੀ ਅੰਤ੍ਰਿੰਗ ਕਮੇਟੀ 'ਚ ਮਤਾ ਪਾਸ ਕਰਦਿਆਂ ਸੰਨ 80-90 ਦੇ ਦਹਾਕਿਆਂ ਦੌਰਾਨ ਸਿੱਖਾਂ 'ਤੇ ਹੋਏ ਪੁਲਿਸ ਅੱਤਿਆਚਾਰ ਨੂੰ ਰੂਪਮਾਨ ਕਰਦੀ ਫ਼ਿਲਮ 'ਸਤਲੁਜ' ਦੀ ਸਮੁੱਚੀ ਟੀਮ ਦਾ ਇਸ ਕਾਰਜ ਲਈ ਧੰਨਵਾਦ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਕਾਲਾ ਸੱਚ ਹੈ ਕਿ ਇਸ ਦੌਰ ਦੌਰਾਨ ਸਿੱਖ ਨੌਜਵਾਨੀ ਦਾ ਸਰਕਾਰੀ ਤੌਰ 'ਤੇ ਮਿੱਥ ਕੇ ਘਾਣ ਕੀਤਾ ਗਿਆ। ਸਿੱਖਾਂ ਦੀ ਰੂਹ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਅਨੇਕਾਂ ਗੁਰਦੁਆਰਾ ਸਾਹਿਬਾਨ ਨੂੰ ਨਿਸ਼ਾਨਾ ਬਣਾਇਆ ਗਿਆ। ਦਿੱਲੀ, ਕਾਨਪੁਰ, ਬੋਕਾਰੋ ਸਮੇਤ ਕਈ ਸ਼ਹਿਰਾਂ ਵਿਚ ਸਿੱਖ ਕਤਲੇਆਮ ਕੀਤਾ ਗਿਆ ਅਤੇ ਇਸ ਤੋਂ ਬਾਅਦ ਪੰਜਾਬ ਵਿਚ ਇੱਕ ਦਹਾਕਾ ਹਜ਼ਾਰਾਂ ਬੇਦੋਸ਼ੇ ਸਿੱਖਾਂ ਨੂੰ ਮਾਰਿਆ ਗਿਆ। ਇਨ੍ਹਾਂ ਸਿੱਖਾਂ ਦੀਆਂ ਲਾਸ਼ਾਂ ਤਕ ਵੀ ਪਰਿਵਾਰਾਂ



ਨੂੰ ਨਾ ਦਿੱਤੀਆਂ ਗਈਆਂ, ਜਿਸ ਕਰਕੇ ਅੱਜ ਤਕ ਉਨ੍ਹਾਂ ਦੇ ਪਰਿਵਾਰ ਉਡੀਕ ਕਰ ਰਹੇ ਹਨ। ਐਡਵੋਕੇਟ ਧਾਮੀ ਨੇ ਕਿਹਾ ਕਿ ਇਨ੍ਹਾਂ ਮਾਰੇ ਗਏ, ਲਾਵਾਰਿਸ ਕਹਿ ਕੇ ਸਾੜੇ ਗਏ ਤੇ ਨਹਿਰਾਂ ਦਰਿਆਵਾਂ ਵਿਚ ਵਹਾਅ ਦਿੱਤੇ ਗਏ ਨਿਰਦੋਸ਼ ਸਿੱਖਾਂ ਦਾ ਸੱਚ ਸਾਹਮਣੇ ਲਿਆਉਣ ਲਈ ਹਿੰਮਤ ਕਰਨ, ਮਨੁੱਖੀ ਅਧਿਕਾਰਾਂ ਲਈ ਲੜਾਈ ਲੜਨ ਵਾਲੇ ਭਾਈ ਜਸਵੰਤ ਸਿੰਘ ਖਾਲੜਾ ਨੂੰ ਵੀ ਪੁਲਿਸ ਵੱਲੋਂ ਤਸ਼ੱਦਦ ਕਰਕੇ ਸ਼ਹੀਦ ਕਰ ਦਿੱਤਾ ਗਿਆ ਅਤੇ ਉਨ੍ਹਾਂ ਦਾ ਸਰੀਰ ਹਰੀਕੇ ਪੱਤਣ 'ਤੇ ਨਹਿਰ ਵਿਚ ਰੋੜ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਇਹ ਸਿਲਸਿਲਾ ਸਰਕਾਰੀ ਅੱਤਿਆਚਾਰ ਦੀ ਸਿਖਰ ਸੀ, ਜਿਸ ਨੂੰ ਚੇਤੇ ਕਰਕੇ ਅੱਜ ਵੀ ਪੰਜਾਬ ਦੇ ਲੋਕ ਸੁੰਨ ਹੋ ਜਾਂਦੇ ਹਨ। ਪਾਸ ਕੀਤੇ ਮਤੇ 'ਚ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਾਹਿਬ ਦਾ ਸਿੱਖ ਕਤਲੇਆਮ ਦੇ ਪੀੜ੍ਹਤ ਸ਼ਹੀਦਾਂ ਲਈ ਹਰੀਕੇ ਪੱਤਣ ਵਿਖੇ ਸਮੂਹਿਕ ਅਰਦਾਸ ਕਰਨ ਦੇ ਉਪਰਾਲੇ ਦਾ ਸਤਿਕਾਰ ਕੀਤਾ ਗਿਆ ਅਤੇ ਇਸ ਮੌਕੇ ਕੀਤੇ ਗਏ ਆਦੇਸ਼ ਪ੍ਰਤੀ ਵਚਨਬੱਧਤਾ ਪ੍ਰਗਟਾਈ ਗਈ। ਐਡਵੋਕੇਟ ਧਾਮੀ ਨੇ ਦੱਸਿਆ ਕਿ ਇਸੇ ਤਰ੍ਹਾਂ ਇਕ ਹੋਰ ਮਤਾ ਪਾਸ ਕਰਦਿਆਂ ਤਿੰਨ-ਤਿੰਨ ਦਹਾਕਿਆਂ ਤੋਂ ਜੇਲ੍ਹਾਂ ਵਿਚ ਨਜ਼ਰਬੰਦ ਸਿੱਖ ਨੌਜੁਆਨਾਂ ਲਈ ਇਨਸਾਫ਼ ਦੀ ਮੰਗ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ 1980 ਤੋਂ ਬਾਅਦ ਪੰਜਾਬ ਵਿੱਚ ਵਾਪਰੀਆਂ ਸਿੱਖ ਵਿਰੋਧੀ ਘਟਨਾਵਾਂ ਦੌਰਾਨ ਸਰਕਾਰਾਂ ਵੱਲੋਂ ਸਿੱਖਾਂ ਦੇ ਪਾਵਨ ਅਸਥਾਨਾਂ ਅਤੇ ਸਿੱਖ ਨੌਜੁਆਨਾਂ ਨੂੰ ਮਿੱਥ ਕੇ ਨਿਸ਼ਾਨਾ ਬਣਾਇਆ ਗਿਆ। ਇਸੇ ਦੇ ਵਿਰੋਧ ਵਿਚ ਕਈ ਨੌਜਵਾਨ ਸੰਘਰਸ਼ ਦੇ ਰਾਹ ਪੈਣ ਲਈ ਮਜ਼ਬੂਰ ਹੋਏ। ਇਨ੍ਹਾਂ ਵਿੱਚੋਂ ਕਈ ਅੱਜ ਤਿੰਨ-ਤਿੰਨ ਦਹਾਕੇ ਦੀਆਂ ਸਜ਼ਾਵਾਂ ਭੁਗਤਣ ਦੇ ਬਾਅਦ ਵੀ ਜ਼ੇਲ੍ਹਾਂ ਵਿਚ ਬੰਦ ਹਨ। ਇਨ੍ਹਾਂ ਸੰਘਰਸ਼ੀ ਨੌਜਵਾਨਾਂ ਨੇ ਭਾਰਤੀ ਕਨੂੰਨ ਅਨੁਸਾਰ ਮਿਲੀਆਂ ਸਜਾ.ਵਾਂ ਤੋਂ ਕਿਤੇ ਵਧੇਰੇ ਸਮਾਂ ਜੇਲ੍ਹਾਂ ਵਿਚ ਗੁਜ਼ਾਰਿਆ ਹੈ। ਲੰਬੇ ਸਮੇਂ ਤੋਂ ਕੈਦ ਰਹਿਣ ਦੇ ਬਾਵਜੂਦ ਉਨ੍ਹਾਂ ਦੀ ਰਿਹਾਈ ਸਬੰਧੀ ਸਿੱਖ ਕੌਮ ਵੱਲੋਂ ਕੀਤੀ ਜਾ ਰਹੀ ਮੰਗ ਨੂੰ ਅਣਗੌਲਿਆਂ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਦੂਜੇ ਪਾਸੇ ਸਿੱਖ ਨੌਜਵਾਨਾਂ ਤੇ ਤਸ਼ੱਦਦ ਕਰਨ ਅਤੇ ਬੇਦੋਸ਼ਿਆਂ ਨੂੰ ਸ਼ਹੀਦ ਕਰਨ ਵਾਲੇ ਪੁਲਿਸ ਅਧਿਕਾਰੀ ਜਿਨ੍ਹਾਂ ਨੂੰ ਅਦਾਲਤਾਂ ਨੇ ਦੋਸ਼ੀ ਮੰਨਿਆ ਹੈ, ਨੂੰ ਮੌਜੂਦਾ ਸਰਕਾਰ ਵੱਲੋਂ ਵਿਸ਼ੇਸ਼ ਰਿਆਇਤਾਂ ਦਿੱਤੀਆਂ ਜਾ ਰਹੀਆਂ ਹਨ ਅਤੇ ਸਮੇਂ ਤੋਂ ਪਹਿਲਾਂ ਰਿਹਾਈ ਲਈ ਹਰ ਤਰੀਕਾ ਵਰਤਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਦੋਹਰੀ ਨੀਤੀ ਸਰਕਾਰਾਂ ਦੇ ਸਿੱਖ ਵਿਰੋਧੀ ਚਿਹਰੇ ਨੂੰ ਨੰਗਾ ਕਰਦੀ ਹੈ। ਇਸ ਤੋਂ ਇਲਾਵਾ ਅੰਤ੍ਰਿੰਗ ਕਮੇਟੀ ਵਿਚ ਗੁਰਦੁਆਰਾ ਸਾਹਿਬਾਨ, ਟਰੱਸਟ, ਪ੍ਰੈੱਸਾਂ ਦੇ ਮਾਮਲਿਆਂ ਨੂੰ ਪ੍ਰਵਾਨਗੀਆਂ ਦਿੱਤੀਆਂ ਗਈਆਂ। ਇਸੇ ਦੌਰਾਨ ਹੋਈ ਧਰਮ ਪ੍ਰਚਾਰ ਕਮੇਟੀ ਦੀ ਇਕੱਤਰਤਾ ਵਿਚ ਸਿੱਖੀ ਪ੍ਰਚਾਰ ਲਹਿਰ ਨੂੰ ਹੋਰ ਤੇਜ਼ ਕਰਨ ਲਈ ਵਿਚਾਰਾਂ ਹੋਈਆਂ। ਇਕੱਤਰਤਾ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਸ. ਸੁਰਜੀਤ ਸਿੰਘ ਗੜ੍ਹੀ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਦਲਜੀਤ ਸਿੰਘ ਭਿੰਡਰ, ਸ. ਬਲਦੇਵ ਸਿੰਘ ਕਾਇਮਪੁਰ, ਸ. ਮੇਜਰ ਸਿੰਘ ਢਿੱਲੋਂ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਸ. ਸੁਖਵਰਸ਼ ਸਿੰਘ ਪੰਨੂ, ਸ. ਅਵਤਾਰ ਸਿੰਘ ਵਣਵਾਲਾ, ਸ. ਰਾਮਪਾਲ ਸਿੰਘ ਬਹਿਣੀਵਾਲ, ਸ. ਤੇਜਿੰਦਰਪਾਲ ਸਿੰਘ ਲਾਂਡਵਾਂ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਇੰਜੀ: ਸੁਖਮਿੰਦਰ ਸਿੰਘ, ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਵਧੀਕ ਸਕੱਤਰ ਸ. ਬਿਜੈ ਸਿੰਘ, ਸ. ਪ੍ਰੀਤਪਾਲ ਸਿੰਘ, ਸ. ਜਸਵਿੰਦਰ ਸਿੰਘ ਜੱਸੀ, ਸ. ਭਗਵੰਤ ਸਿੰਘ ਧੰਗੇੜਾ, ਸ. ਬਲਵਿੰਦਰ ਸਿੰਘ ਖੈਰਾਬਾਦ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੇਜਰ ਸਿੰਘ, ਮੀਤ ਸਕੱਤਰ ਸ. ਗੁਰਦਿਆਲ ਸਿੰਘ, ਸ. ਗੁਰਨਾਮ ਸਿੰਘ, ਸ. ਸੁਖਬੀਰ ਸਿੰਘ, ਸ. ਅਜ਼ਾਦ ਦੀਪ ਸਿੰਘ, ਕਾਨੂੰਨੀ ਸਲਾਹਕਾਰ ਐਡਵੋਕੇਟ ਅਮਨਬੀਰ ਸਿੰਘ ਸਿਆਲੀ, ਐਕਸੀਅਨ ਸ. ਜਤਿੰਦਰਪਾਲ ਸਿੰਘ ਤੇ ਸ. ਅਮਨਦੀਪ ਸਿੰਘ ਆਦਿ ਸ਼ਾਮਲ ਸਨ।

# ਸਾਵਣੁ ਆਇਆ ਝਿਮਝਿਮਾ ਹਰਿ ਗੁਰਮੁਖਿ ਨਾਮੁ ਧਿਆਇ ।।

**ਸਾਉਣ** ਦਾ ਮਹੀਨਾ ਦੇਸੀ ਪੰਜਵਾਂ ਮਹੀਨਾ ਹੈ।ਇਹ 16 ਜੁਲਾਈ ਨੂੰ ਆਉਂਦਾ ਹੈ। ਹਾੜ੍ਹ ਮਹੀਨੇ ਦੀਆਂ ਤਪਦੀਆਂ ਧੁੱਪਾਂ ਤੋਂ ਰਾਹਤ ਮਿਲਣ ਦੀ ਆਸ ਹੁੰਦੀ ਹੈ। ਹਾੜ੍ਹ ਵਿੱਚ ਪਾਰਾ 43 ਜਾਂ ਕਦੇ ਕਦੇ 45 ਡਿਗਰੀ ਕਦੀਂ-ਕਦੀਂ 50 ਤੋਂ ਵੀ ਪਾਰ ਚਲਾ ਜਾਂਦਾ ਹੈ।ਕਾਂ ਅੱਖ ਨਿਕਲਦੀ ਹੈ।ਧਰਤੀ ਤਪ-ਤਪ ਕੇ ਸੜ ਜਾਂਦੀ ਹੈ। ਧਰਤੀ ਤੇ ਪੈਰ ਰੱਖਣਾ ਮੁਸ਼ਕਿਲ ਹੋ ਜਾਂਦਾ ਹੈ।ਪਿਆਸ ਨਾਲ ਬੁਰਾ ਹਾਲ ਹੋ ਜਾਂਦਾ ਹੈ।ਦਿਲ ਘਬਰਾਉਂਦਾ ਹੈ।ਠੰਡੀਆਂ ਚੀਜਾਂ ਵਸਤਾਂ ਹੀ ਰਾਹਤ ਦਿੰਦੀਆਂ ਹਨ। ਸਾਉਣ ਮਹੀਨਾ ਆਉਣ ਨਾਲ ਮੌਸਮ ਵਿੱਚ ਕਾਫੀ ਹੱਦ ਤੱਕ ਬਦਲਾਅ ਮਹਿਸੂਸ ਕੀਤਾ ਜਾਂਦਾ ਹੈ। ਜਿਹੜੇ ਅਸਮਾਨ ਵੱਲ ਦਿਨੇ ਦੁਪਿਹਰੇ ਸੂਰਜ ਕਾਰਨ ਤੱਕਿਆ ਨਹੀ ਜਾਂਦਾ, ਉਸ ਅਸਮਾਨ ਤੇ ਕਾਲੀਆਂ ਘਨਘੋਰ ਘਟਾਵਾਂ ਛਾ ਜਾਂਦੀਆਂ ਹਨ। ਠੰਡੀਆਂ ਹਵਾਵਾਂ ਰੁੱਖਾਂ ਸੰਗ ਅਠਖੇਲੀਆਂ ਕਰਦੀਆਂ ਅਲਾਹੀ ਸੰਗੀਤ ਪੈਦਾ ਕਰਦੀਆਂ ਹਨ।ਖੇਤ ਹਰੇ ਭਰੇ ਹੋ ਜਾਂਦੇ ਹਨ।ਦਰੱਖਤਾਂ ਦੀ ਰੂਹ ਨਸ਼ਿਆਈ ਜਾਂਦੀ ਹੈ। ਦਰੱਖਤ ਤੇ ਹਰੇ ਭਰੇ ਖੇਤ ਠੰਡੀ-ਠੰਡੀ ਤੇ ਮਿੱਠੀ-ਮਿੱਠੀ ਹਵਾ ਵਿੱਚ ਲਹਿਰਾਉਂਦੇ ਹੋਏ, ਉਸ ਕੁਦਰਤ ਦੀ ਪ੍ਰਸੰਸਾ ਕਰਦੇ ਗੀਤ ਗਾਉਂਦੇ ਹਨ ਤੇ ਖੁਸ਼ੀ ਵਿੱਚ ਖੀਵੇ ਹੋ ਦੂਹਰੇ ਤੀਹਰੇ ਹੋ-ਹੋ ਨੱਚਦੇ, ਟੱਪਦੇ ਤੇ ਬੋਲੀਆਂ ਪਾਉਂਦੇ ਪ੍ਰਤੀਤ ਹੁੰਦੇ ਹਨ।

ਇਸ ਵਾਰ ਹਾੜ੍ਹ ਮਹੀਨਾ ਹੀ ਸਾਉਣ ਮਹੀਨਾ ਬਣਿਆ ਹੋਇਆ ਹੈ।ਸਾਉਣ ਮਹੀਨੇ ਤੋਂ ਦਸ-ਪੰਦਰਾਂ ਦਿਨ ਪਹਿਲਾਂ ਹੀ ਬਰਸਾਤ ਸ਼ੁਰੂ ਹੋ ਗਈ ਹੈ। ਉਹ ਵੀ ਬਹੁਤ ਤੇਜ਼ ਬਾਰਿਸ਼ ਹੋ ਰਹੀ ਹੈ। ਨਦੀਆਂ, ਦਰਿਆ ਚੜ੍ਹੇ ਹੋਏ ਹਨ।ਹਾਲਾਤ ਬਹੁਤ ਮਾੜੇ ਹੋਏ। ਹੜ੍ਹਾਂ ਕਾਰਨ ਸਥਿਤੀ ਨਾਜ਼ੁਕ ਬਣੀ ਹੋਈ ਹੈ।ਦੁਕਾਨਾਂ, ਗੱਡੀਆਂ, ਘਰ, ਖੇਤ, ਡੰਗਰ, ਪਸ਼ੂ ਰੁੜ ਰਹੇ ਹਨ। ਪਸ਼ੂ ਮਰ ਰਹੇ ਹਨ।ਐਸੇ ਵਕਤ ਵਿੱਚ ਸਭ ਨੂੰ ਸੰਜ਼ਮ ਤੋਂ ਕੰਮ ਲੈਣ ਦੀ ਲੋੜ ਹੈ। ਹਿੰਮਤ ਬਣਾਈ ਰੱਖਣ ਦੀ ਲੋੜ ਹੈ।ਇੱਕ ਦੂਜੇ ਦੀ ਮਦਦ ਕਰਨ ਦਾ ਵਕਤ ਹੈ। ਪ੍ਰਮਾਤਮਾ ਸਭ ਭਲੀ ਕਰੇਗਾ।

**ਮੋਰਾਂ ਦੀ ਮਸਤੀ**-ਸਾਉਣ ਦੇ ਮਹੀਨੇ ਵਿੱਚ ਜਿੱਥੇ ਫਸਲਾਂ ਲਹਿਰਾਉਂਦੀਆਂ ਤੇ ਪੂਰੀ ਕਾਇਨਾਤ ਨੱਚ ਉੱਠਦੀ ਹੈ, ਉੱਥੇ ਪਸ਼ੂ-ਪੰਛੀ ਵੀ ਖੁਸ਼ੀ ਦੇ ਗੀਤ ਗਾਉਂਦੇ, ਨੱਚਦੇ ਤੇ ਟੱਪਦੇ ਨਜ਼ਰ ਆਉਂਦੇ ਹਨ। ਜਦੋਂ ਅਸਮਾਨ ਵਿੱਚ ਕਾਲੀ ਘਨਘੋਰ ਘਟਾ ਛਾਈ ਹੁੰਦੀ ਹੈ ਤਾਂ ਮੋਰ ਸਭ ਕੁੱਝ ਭੁੱਲ-ਭੁਲਾ ਕੇ ਆਪਣੇ ਖੰਭ ਖਿਲਾਰ ਕੇ ਖੁਸ਼ੀ ਵਿਚ ਪੈਲਾਂ ਪਾਉਂਦਾ ਨਜ਼ਰ ਆਉਂਦਾ ਹੈ।ਪੈਲਾਂ ਪਾਉਣ ਦੌਰਾਨ ਉਹ ਆਪਣੇ ਕੁੱਝ ਖੰਭ ਸੁੱਟ ਜਾਂਦਾ ਹੈ ਤੇ ਬੱਚੇ ਉਹ ਖੰਭ ਆਪਣੀਆਂ ਕਿਤਾਬਾਂ ਵਿੱਚ ਇਸ ਧਾਰਨਾ ਨਾਲ ਰੱਖਦੇ ਹਨ ਕਿ ਪੜ੍ਹਾਈ ਜ਼ਿਆਦਾ ਆਉਂਦੀ ਹੈ। ਮੋਰ ਦੇ ਖੰਭ ਇਤਨੇ ਪਵਿੱਤਰ ਮੰਨੇ ਜਾਂਦੇ ਹਨ ਕਿ ਮੰਦਰਾਂ ਤੇ ਗੁਰਦੁਆਰਿਆਂ ਵਿੱਚ ਵੀ ਇਸਤੇਮਾਲ ਕੀਤੇ ਜਾਂਦੇ ਹਨ।

**ਖੀਰ ਪੂੜੇ**-ਅੱਜ ਵੀ ਯਾਦ ਹੈ, ਜਦ ਛੋਟੇ ਹੁੰਦੇ ਸੀ ਤਾਂ ਪੰਜਾਬ ਦੇ ਪਿੰਡਾਂ ਵਿੱਚ ਸਾਵਣ ਆਉਣ ਤੇ ਘਰਾਂ ਵਿੱਚ ਵਿਆਹ ਵਰਗਾ ਮਾਹੌਲ ਹੁੰਦਾ ਸੀ।ਸਾਂਵੇਂ ਵਾਲੇ ਦਿਨ ਐਤਵਾਰ ਨੂੰ ਮਾੜੇ ਘਰਾਂ ਵਾਲਿਆਂ ਨੇ ਆਟਾ ਤੇ ਗੁੜ ਘੋਲ ਕੇ ਪਿੱਪਲ ਦੇ ਪੱਤਿਆਂ ਨਾਲ ਤਵੇ ਤੇ ਫੈਲਾ ਕੇ ਪੂੜੇ ਬਣਾਉਣੇ। ਨਾਲ ਦੁੱਧ ਦੀ ਖੀਰ ਬਣਾਈ ਜਾਂਦੀ ਸੀ। ਅੰਬ ਦੇ ਆਚਾਰ ਨਾਲ ਉਹ ਪੂੜੇ ਤੇ ਖੀਰ ਖਾਣੀ।ਇਸਦਾ ਆਪਣਾ ਹੀ ਆਨੰਦ ਸੀ।ਤਕੜੇ ਘਰ ਵਾਲਿਆ ਨੇ ਮਾਲ ਪੂੜ੍ਹੇ ਬਣਾ ਲੈਣੇ। ਅੱਜ ਕੱਲ ਦੀ ਨੌਜਵਾਨ ਪੀੜ੍ਹੀ ਇਸ ਸੱਭਿਆਚਾਰ ਤੋਂ ਕੋਹਾਂ ਦੂਰ ਹੈ। ਹੱਥੀਂ ਮਿਹਨਤ ਕਰਨ ਦੀ ਥਾਂ ਬਜ਼ਾਰੋ ਖੀਰ ਪੂੜੇ ਮੰਗਵਾ ਕੇ ਖਾ ਲਏ ਜਾਂਦੇ ਹਨ। ਘਰ ਵਿੱਚ ਬਣਾਏ ਖੀਰ ਪੂੜੇ ਸ਼ੁੱਧ ਸਾਜ਼ੋ ਸਮਾਨ ਨਾਲ ਬਣਾਏ ਸਨ, ਇਸ ਲਈ ਸਿਹਤ ਲਈ ਵੀ ਚੰਗੀ ਰਹਿੰਦੀ ਸੀ। ਅੱਜ ਕੱਲ ਬਜ਼ਾਰ ਵਾਲੇ ਮਿਲਾਵਟੀ ਸਮਾਨ ਨਾਲ ਬਣਾਏ ਜਾਂਦੇ ਹਨ ਤੇ ਸਿਹਤ ਲਈ ਬੀਮਾਰੀਆਂ ਦਾ ਕਾਰਨ ਬਣਦੇ ਹਨ।ਇਸ ਲਈ ਬਜ਼ਾਰੀ ਖਾਣ-ਪੀਣ ਦੇ ਸਮਾਨ ਤੋਂ ਪਰਹੇਜ਼ ਹੀ ਚੰਗਾ ਹੈ।

**ਸਾਂਵੇਂ ਲੱਗਣੇ**-ਹਰ ਪਿੰਡ ਵਿੱਚ ਇੱਕ ਜਗ੍ਹਾ ਮੁਕੱਰਰ ਕੀਤੀ ਜਾਂਦੀ ਸੀ। ਉਸ ਜਗ੍ਹਾ ਪਿੱਪਲ ਜਾਂ ਬੋਹੜ ਦਾ ਦਰੱਖਤ ਜਰੂਰ ਹੁੰਦਾ ਸੀ। ਉਸ ਉੱਤੇ ਕਿਸੇ ਗੱਭਰੂ ਵੱਲੋਂ ਚੜ੍ਹ ਕੇ ਸਭ ਤੋਂ ਉੱਚੇ ਟਾਹਣੇ ਤੇ ਲੰਬੀ ਪੀਂਘ ਪਾਈ ਜਾਂਦੀ ਸੀ।ਮੁਕੱਰਰ ਕੀਤੀ ਉਸ ਜਗ੍ਹਾ ਤੇ ਹਰ ਐਤਵਾਰ ਦੀ ਸ਼ਾਮ ਨੂੰ ਪਿੰਡ ਦੀਆਂ ਪੇਕੇ ਘਰ ਆਈਆਂ ਸੱਜ ਵਿਆਹੀਆਂ ਧੀਆਂ ਧਿਆਣੀਆਂ(ਜੋ ਆਪਣੇ ਪੇਕੇ ਪਿੰਡ ਆਈਆਂ ਹੁੰਦੀਆਂ ਸਨ) ਤੇ ਕੁਆਰੀਆਂ ਕੁੜੀਆਂ ਚਿੜੀਆਂ ਸੱਜ-ਧੱਜ ਕੇ ਸ਼ਾਮ ਨੂੰ ਉਸ ਜਗ੍ਹਾ ਤੇ ਜਾ ਕੇ ਗਿੱਧਾ, ਬੋਲੀਆਂ ਤੇ ਕਿੱਕਲੀਆਂ ਪਾਉਂਦੀਆਂ ਤੇ ਜ਼ਿਦੋ-ਜ਼ਿਦੀ ਇੱਕ ਦੂਜੀ ਤੋਂ ਉੱਚੀ ਪੀਂਘ ਚੜ੍ਹਾਉਂਦੀਆਂ ਸਨ।ਕਈ ਤਾਂ ਇੱਕਲੀਆਂ ਤੇ ਕਈ ਦੋ ਜਣੀਆਂ ਰਲ ਕੇ ਜ਼ੋਰੋ-ਜ਼ੋਰੀ ਪੀਂਘ ਚੜ੍ਹਾਂਉਂਦੀਆਂ ਸਨ।ਦੂਜੇ ਪਾਸੇ ਗੱਭਰੂ ਵੀ ਸੱਜ-ਧੱਜ ਕੇ ਨਵੇਂ ਕੱਪੜੇ ਪਾ ਕੇ ਭੰਗੜੇ ਪਾਉਂਦੇ। ਕਬੱਡੀਆ ਤੇ ਘੋਲ ਕਰਦੇ ਨਾ ਥੱਕਦੇ।ਇਹ ਸਾਂਵੇਂ ਰੂਪੀ ਮੇਲਾ ਦੇਰ ਰਾਤ ਤੱਕ ਚੱਲਦਾ। ਅਖੀਰ ਸਾਰੇ ਇੱਕਠੇ ਹੋ ਕੇ ਉੱਚੀ-ਉੱਚੀ ਗੱਲਾਂ ਕਰਦੇ ਤੇ ਹੱਸਦੇ ਖੇਡਦੇ ਹੋਏ ਘਰਾਂ ਨੂੰ ਪਰਤਦੇ। ਘਰ ਆ ਕੇ ਬਣੇ ਹੋਏ ਖੀਰ ਪੂੜ੍ਹੇ ਖਾਂਦੇ ਤੇ ਫਿਰ ਸੌਂ ਜਾਂਦੇ। ਫਿਰ ਪੂਰਾ ਹਫਤਾ ਉਸ ਸਾਂਵੇਂ ਤੇ ਆਉਣ ਵਾਲੇ ਅਗਲੇ ਸਾਂਵੇਂ ਬਾਰੇ ਚਰਚਾ ਕਰਦੇ ਰਹਿੰਦੇ।

**ਪੁਰਾਣਾ ਸਾਉਣ**-ਪਿਛਲੇ ਸਮੇਂ ਦੌਰਾਨ ਜਦ ਸਾਉਣ ਮਹੀਨਾ ਆਉਣਾ ਤੇ ਜਦ ਕਾਲੀਆਂ ਘਟਾਵਾਂ ਚੜਣੀਆਂ, ਮੀਂਹ ਪੈਣੇ ਸ਼ੁਰੂ ਹੋਣੇ ਤਾਂ ਕਈ-ਕਈ ਦਿਨ ਕਿਣ-ਮਿਣ ਹੁੰਦੀ ਰਹਿਣੀ। ਨਿੱਕਾ-ਨਿੱਕਾ ਮੀਂਹ ਪੈਂਦਾ ਰਹਿਣਾ।ਕਈ-ਕਈ ਦਿਨ ਝੜੀਆਂ ਲੱਗੀਆਂ ਰਹਿਣੀਆਂ। ਸੂਰਜ ਦੇਵਤਾ ਸਾਉਣ ਵਿੱਚ ਘੱਟ ਹੀ ਦਿਖਾਈ ਦੇਂਦਾ ਸੀ।ਉਦੋਂ ਘਰ ਤਕਰੀਬਨ ਜ਼ਿਆਦਾਤਰ ਕੱਚੀ ਮਿੱਟੀ ਦੇ ਬਣੇ ਹੁੰਦੇ ਸਨ। ਕੋਈ ਵਿਰਲਾ ਟਾਵਾਂ ਹੀ ਹੁੰਦਾ ਸੀ, ਜਿਸਦਾ ਘਰ ਪੱਕਾ ਹੁੰਦਾ ਸੀ।ਘਰਾਂ ਵਿੱਚੋਂ ਬਾਲਣ ਖਤਮ ਹੋ ਜਾਣੇ(ਉਦੋਂ ਗੈਸ ਸਿਲੰਡਰ ਨਹੀ ਹੁੰਦੇ ਸਨ) ਘਰਾਂ ਦੀਆਂ ਛੱਤਾਂ ਚੋਣ ਲੱਗ ਪੈਂਦੀਆਂ ਸਨ। ਛੱਤਾਂ ਚੋਣ ਨਾਲ ਇੱਕਠਾ ਕੀਤਾ ਬਾਲਣ ਜਿਸ ਵਿੱਚ ਪਾਥੀਆਂ, ਛਿਟਕੀਆਂ, ਟਿੱਜ਼ਣ ਜਾਂ ਲੱਕੜਾਂ ਹੋਣੀਆਂ ਤਾਂ ਉਹ ਗਿੱਲੀਆਂ ਹੋ ਜਾਣੀਆਂ। ਬਾਲਣ ਤੋਂ ਬੜੀ ਮੁਸ਼ਕਿਲ ਆਉਣੀ। ਡੰਗਰਾਂ ਦਾ ਸੁੱਕਾ ਚਾਰਾ ਮੁੱਕ ਜਾਣਾ। ਹੋਰ ਮੁਸ਼ਕਿਲ ਵੱਧ ਜਾਣੀ। ਘਰ ਜ਼ਿਆਦਾਤਰ ਕੱਚੇ ਹੋਣ ਨਾਲ ਕਈ-ਕਈ ਦਿਨ ਪੈਂਦੇ ਮੀਂਹ ਕਾਰਨ ਕਿਸੇ ਦਾ ਆਪਣਾ ਰਹਿਣ ਵਾਲਾ ਕੋਠਾ, ਕਿਸੇ ਦਾ ਡੰਗਰਾਂ ਵਾਲਾ ਕੋਠਾ ਜਾਂ ਕਿਸੇ ਦੀ ਕੰਧ ਡਿੱਗਣ ਦੀਆਂ ਅਵਾਜ਼ਾਂ ਸਾਉਣ ਵਿੱਚ ਮਿਲਣੀਆਂ ਆਮ ਗੱਲ ਸੀ। ਜੇ ਕਿਸੇ ਦਾ ਕੋਠਾ ਡਿੱਗ ਪੈਂਦਾ ਜਾਂ ਘਰ ਨੀਵਾਂ ਹੋਣ ਕਰਕੇ ਪਾਣੀ ਆ ਜਾਂਦਾ ਤਾਂ ਲੋਕ ਆਪਣਾ ਜਰੂਰੀ ਤੇ ਕੀਮਤੀ ਸਮਾਨ ਕਿਸੇ ਦੂਜੇ ਦੇ ਘਰ, ਜਿਸਦਾ ਘਰ ਉੱਚੀ ਥਾਂ ਤੇ ਹੁੰਦਾ ਸੀ, ਉਸ ਘਰ ਆਪਣਾ ਸਮਾਨ ਸਿਰਾਂ ਤੇ ਜਾਂ ਗੱਡਿਆ ਤੇ ਲੱਦ ਕੇ ਪਹੁੰਚਾਉਂਦੇ ਆਮ ਵੇਖੇ ਜਾਂਦੇ ਸਨ।(ਮੈਨੂੰ ਧੁੰਦਲਾ-ਧੁੰਦਲਾ ਯਾਦ ਹੈ ਕਿ ਨਿੱਕੇ ਹੁੰਦਿਆਂ ਸਾਡੇ ਘਰ ਵੀ ਪਾਣੀ ਆ ਗਿਆ ਸੀ ਤੇ ਅਸੀਂ ਵੀ ਸਮਾਨ, ਡੰਗਰ ਤੇ ਡੰਗਰਾਂ ਦਾ ਚਾਰਾ ਕਿਸੇ ਉੱਚੀ ਥਾਂ ਵਾਲੇ ਦੇ ਘਰ ਰੱਖਿਆ ਸੀ) ਕਿਸੇ ਦੂਜੇ ਦਾ ਕੰਧ ਕੋਠਾ ਡਿੱਗਾ ਵੇਖ ਕੇ ਸਾਰਿਆਂ ਨੂੰ



ਆਪੋ-ਆਪਣੇ ਕੰਧਾਂ ਕੋਠਿਆਂ ਦਾ ਖਿਆਲ ਸਤਾਉਣ ਲੱਗ ਜਾਣਾ ਕਿ ਜੇ ਕੋਈ ਕੰਧ ਕੋਠਾ ਮੀਂਹ ਵਿੱਚ ਡਿੱਗ ਪਿਆ ਤਾਂ ਇਸ ਬਾਰਸ਼ ਵਿੱਚ ਕਿੱਥੇ ਜਾਵਾਂਗੇ ਜਾਂ ਡੰਗਰ ਕਿੱਥੇ ਬੰਨ੍ਹਾਂਗੇ।ਲੋਕ ਮੀਂਹ ਘੱਟ ਹੋਣ ਤੇ ਕੋਠਿਆਂ ਤੇ ਚੜ੍ਹ ਕੇ ਛੱਤਾਂ ਵੇਖਦੇ ਨਜ਼ਰੀ ਪੈਂਦੇ ਸਨ। ਕਈ ਨੀਵੇਂ ਘਰ ਹੋਣ ਕਰਕੇ ਬਾਲਟੀ ਡੱਬਿਆ ਨਾਲ ਪਾਣੀ ਬਾਹਰ ਕੱਢਦੇ ਸਨ।ਅੱਜ ਕੱਲ ਇਹ ਸਭ ਕੁੱਝ ਨਹੀ ਹੈ। ਇਨਸਾਨ ਲਈ ਬਹੁਤ ਸੁੱਖ ਸਹੂਲਤਾਂ ਹੋ ਗਈਆਂ ਹਨ। ਜ਼ਿਆਦਾ ਮੀਂਹ ਪੈਣ ਨਾਲ ਬਾਹਰ ਗਲੀਆਂ, ਨਾਲੀਆਂ, ਛੱਪੜ, ਟੋਭਿਆਂ ਵਿੱਚ ਪਾਣੀ ਭਰ ਜਾਣਾ। ਛੱਪੜਾਂ, ਟੋਭਿਆਂ ਵਿੱਚ ਨਹਾਉਂਦੇ ਫਿਰਨਾ। ਉਸ ਪਾਣੀ ਵਿੱਚ ਕਾਗਜ਼ ਦੀਆਂ ਬੇੜੀਆਂ, ਕਿਸ਼ਤੀਆਂ ਬਣਾ ਕੇ ਤਾਰਨੀਆਂ। ਗਲੀਆਂ ਵਚ ਸਾਈਕਲ ਦਾ ਟਾਇਰ ਲੈ ਕੇ ਪਾਣੀ ਵਿੱਚ ਨੰਗ-ਧੜੰਗੇ ਟਾਇਰ ਭਜਾਈ ਫਿਰਨੇ। ਇੱਕ ਦੂਜੇ ਉੱਤੇ ਛਿੱਟੇ ਪਾਉਣੇ ਤੇ ਉੱਚੀ-ਉੱਚੀ ਗਾਉਂਦੇ ਫਿਰਨਾ ਕਿ:

**ਕਾਲੀਆਂ ਇੱਟਾਂ ਕਾਲੇ ਰੋੜ**
**ਮੀਂਹ ਵਰਾ ਦੇ ਜ਼ੋਰੋ ਜ਼ੋਰ**

--( )

**ਰੱਬਾ ਰੱਬਾ ਮੀਂਹ ਵਰਾ**
**ਸਾਡੀ ਕੋਠੀ ਦਾਣੇ ਪਾ**

--( )

**ਧਾਰਮਿਕ ਮਹੱਤਤਾ**-ਮਹਾਨ ਕੋਸ਼ ਦੇ ਲਿਖਾਰੀ ਭਾਈ ਕਾਹਨ ਸਿੰਘ ਨਾਭਾ ਅਨੁਸਾਰ ਸੰਸਕ੍ਰਿਤ ਦੇ ਸ਼੍ਰਾਵਣ, ਸੰਗਿਆ ਸ਼ਰਵਣ, ਨਛਤ੍ਰ ਹੋਵੇ ਜਿਸ ਦੀ ਪੂਰਨਮਾਸ਼ੀ ਵਿੱਚ ਐਸਾ ਮਹੀਨਾ ਹੈ ਸਾਉਣ।ਤਕਰੀਬਨ-ਤਕਰੀਬਨ ਸਾਰੇ ਗੁਰੂ ਸਹਿਬਾਨਾਂ ਵੱਲੋਂ ਪਵਿੱਤਰ ਗੁਰਬਾਣੀ ਵਿੱਚ ਸਾਉਣ ਮਹੀਨੇ ਦਾ ਜ਼ਿਕਰ ਕੀਤਾ ਗਿਆ ਹੈ।ਗੁਰੂ ਨਾਨਕ ਸਾਹਿਬ ਜੀ ਆਪਣੀ ਰਚਨਾ ਵੰਡਹੰਸੁ ਮਹਲਾ 1 ਘਰ 2 ਵਿੱਚ ਜ਼ਿਕਰ ਕਰਦੇ ਹਨ ਕਿ:

ਮੋਰੀ ਰੁਣ ਝੁਣ ਲਾਇਆ ਭੈਣੇ ਸਾਵਣੁ ਆਇਆ।।
ਤੇਰੇ ਮੁੰਧ ਕਟਾਰੇ ਜੇਵਡਾ ਤਿਨਿ ਲੋਭੀ ਲੋਭ ਲੁਭਾਇਆ।।
(ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, ਵੰਡਹੰਸੁ ਮਹਲਾ 1, ਘਰ 2, ਅੰਗ-557)

ਸਲੋਕ ਮ:2
ਸਾਵਣੁ ਆਇਆ ਹੇ ਸਖੀ ਕੰਤੈ ਚਿਤਿ ਕਰੇਹੁ।।
ਨਾਨਕ ਝੂਰਿ ਮਰਹਿ ਦੋਹਾਗਣੀ ਜਿਨ ਅਵਰੀ ਲਾਗਾ ਨੇਹੁ।।
(ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, ਸਲੋਕ ਮ:2, ਅੰਗ-1280)

ਮ: 4
ਸਾਵਣੁ ਆਇਆ ਝਿਮਝਿਮਾ ਹਰਿ ਗੁਰਮੁਖਿ ਨਾਮੁ ਧਿਆਇ।।
(ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ, ਮ: 4, ਅੰਗ-1250)

ਸਾਵਣਿ ਸਰਸੀ ਕਾਮਣੀ ਚਰਨ ਕਮਲ ਸਿਉ ਪਿਆਰੁ।।
ਮਨੁ ਤਨੁ ਰਤਾ ਸਚ ਰੰਗਿ ਇਕੋ ਨਾਮੁ ਅਧਾਰੁ।।
(ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, , ਬਾਰਹ ਮਾਹਾ ਮਾਂਝ ਮਹਲਾ:5, ਘਰੁ 4,ਅੰਗ-134)

**ਛੰਤੁ**
ਰੁਤਿ ਬਰਸੁ ਸੁਹੇਲੀਆ ਸਾਵਣ ਭਾਦਵੇ ਆਨੰਦ ਜੀਉ।।
ਘਣ ਉਨਵਿ ਵੁਠੇ ਜਲ ਥਲ ਪੂਰਿਆ ਮਕਰੰਦ ਜੀਉ।।
(ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, ਛੰਤੁ, ਅੰਗ-928)

**ਰਾਗੁ ਆਸਾ**
ਕਤਿਕ ਕੂੰਜਾਂ ਚੇਤਿ ਡਉ ਸਾਵਣਿ ਬਿਜੁਲੀਆਂ।।
ਸੀਆਲੇ ਸੋਹੰਦੀਆਂ ਪਿਰ ਗਲਿ ਬਾਹੜੀਆਂ।।
ਚਲੇ ਚਲਣਹਾਰ ਵਿਚਾਰਾ ਲੇਇ ਮਨੋ।।
ਗੰਢੇਦਿਆਂ ਛਿਅ ਮਾਹ ਤੁੜੰਦਿਆ ਹਿਕੁ ਖਿਨੋ।।
(ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, ਆਸਾ, ਅੰਗ-488)

ਸਾਵਣ ਲਹਿਰ ਤਰੰਗ ਨੀਰੁ ਨੀਵਾਣਿਆ।
(ਭਾਈ ਗੁਰਦਾਸ ਜੀ, ਵਾਰ 19ਵੀਂ, ਪਉੜੀ 9ਵੀਂ)

ਸਾਵਣ ਵਣ ਹਰੀਆਵਲੇ ਵੁਠੇ ਸੁਕੇ ਅਕੁ ਜਵਾਹਾ।
(ਭਾਈ ਗੁਰਦਾਸ ਜੀ, ਵਾਰ 31ਵੀਂ, ਪਉੜੀ 3ਜੀਂ)

**ਸਾਵਣ ਪ੍ਰਤੀ ਗੀਤ, ਲੋਕ ਗੀਤ**-ਸਾਵਣ ਦੇ ਮਹੀਨੇ ਦਾ ਜ਼ਿਕਰ ਜਿਸ ਤਰ੍ਹਾਂ ਗੁਰਬਾਣੀ ਵਿੱਚ ਕਈ ਵਾਰ ਆਇਆ ਹੈ, ਇਸੇ ਤਰ੍ਹਾਂ ਹੀ ਸਮੇਂ-ਸਮੇਂ ਤੇ ਕਵੀਆਂ ਨੇ ਵੀ ਸਾਵਣ ਦਾ ਬਾਖੂਬੀ ਜ਼ਿਕਰ ਕਰਦਿਆਂ ਅਨੇਕਾਂ ਹੀ ਗੀਤ ਰਚੇ ਹਨ। ਕਈ ਗੀਤ ਤਾਂ ਲੋਕ ਗੀਤਾਂ ਦੀ ਪੱਦਵੀ ਧਾਰਨ ਕਰ ਗਏ ਹਨ। ਸਾਰੇ ਤਾਂ ਨਹੀ ਸਾਉਣ ਮਹੀਨੇ ਨਾਲ ਵਾਹ-ਵਾਸਤਾ ਰੱਖਣ ਵਾਲੇ ਕੁੱਝ ਕੁ ਗੀਤਾਂ ਦਾ ਜ਼ਿਕਰ ਇੱਥੇ ਕਰਾਂਗੇ ਜਿਵੇਂ:

ਬਾਬਾ ਬੁੱਲ੍ਹੇ ਸ਼ਾਹ ਆਪਣੇ ਬਾਰਾਂ ਮਾਹ ਵਿੱਚ ਦੇਸੀ ਬਾਰਾਂ ਮਹੀਨਿਆਂ ਦਾ ਬਾਖੂਬੀ ਜ਼ਿਕਰ ਕਰਦੇ ਹਨ।ਸਾਉਣ ਮਹੀਨੇ ਬਾਰੇ ਵੀ ਉਹ ਆਪਣੇ ਜ਼ਜ਼ਬਾਤ ਪ੍ਰਗਟ ਕਰਦੇ ਲਿੱਖਦੇ ਹਨ ਕਿ:

ਸਾਵਣ ਸੋਹੇ ਮੇਂਘਲਾ ਘਟ ਸੋਹੇ ਕਰਤਾਰ
ਠੋਰ ਠੋਰ ਅਨਾਇਤ ਬਸੇ ਪਪੀਹਾ ਕਰੇ ਪੁਕਾਰ

ਸੋਹਣ ਮਲਿਹਾਰਾਂ ਸਾਰੇ ਸਾਵਣ, ਦੂਤੀ ਦੁੱਖ ਲੱਗੇ ਉੱਠ ਜਾਵਣ
ਨੀਂਗਰ ਖੇਡਣ ਕੁੜੀਆਂ ਗਾਵਣ, ਮੈਂ ਘਰ ਰੰਗ ਰੰਗੀਲੇ ਆਵਣ
ਆਸਾਂ ਪੁੰਨੀਆਂ
ਮੇਰੀਆਂ ਆਸਾਂ ਰੱਬ ਪੁਚਾਈਆਂ, ਮੈਂ ਤਾਂ ਉਠ ਸੰਗ ਅੱਖੀਆਂ ਲਾਈਆਂ
ਸਈਆਂ ਦੇਣ ਮੁਬਾਰਕ ਆਈਆਂ, ਸ਼ਾਹ ਅਨਾਇਤ ਆਖਾਂ ਸਾਈਆਂ

**ਆਸਾਂ ਪੁੰਨੀਆਂ**

-----()-----

ਬੜੇ ਮਹਾਨ ਕਵੀ ਹੋਏ ਹਨ, ਭਾਈ ਵੀਰ ਸਿੰਘ ਜੀ। ਉਹ ਆਪਣੀ 'ਕੰਤ ਮਹੇਲੀ ਬਾਰਾਂ ਮਾਹ' ਨਾਂਅ ਦੀ ਕਿਤਾਬ ਵਿੱਚ 'ਸਾਵਣ' ਕਵਿਤਾ ਰਾਹੀਂ ਸੰਬੋਧਨ ਹੁੰਦੇ ਲਿਖਦੇ ਹਨ ਕਿ:

ਚੜ੍ਹਿਆ ਸਾਵਣ ਮਹੀਨਾ
ਸਹੀਆਂ ਪੀਘਾਂ ਨੇ ਪਾਈਆਂ।
ਸੂਲਾਂ ਵੱਜਣ ਕਲੇਜੇ
ਝਿੱਕੀ ਮੰਜ਼ੀ ਤੇ ਪਈਆਂ।
ਸਹੀਆਂ ਟੁੰਬਦੀਆਂ ਆ ਜਾ
'ਉੱਠ ਨੀ ਸਾਂਵੇਂ' ਨੀ ਆਏ
ਅਨੀਓ! ਮਾਹੀ ਵਿਹੂਣੀ,
ਦੁੱਖਾਂ ਮਾਰ ਮੁਕਈਆਂ।
ਟੁਰ ਗਿਆ ਦੇਸ ਬਿਦੇਸੀਂ
ਛਡ ਕੇ ਹਾਇ ਇੱਕਲੀ,
ਰੋ ਰੋ ਹੋਈ ਹਾਂ ਝੱਲੀ
ਜੀਉਂਦੀ ਕਾਹਨੂੰ ਹਾਂ ਰਹੀਆਂ।

--()

ਬਾਬੂ ਫ਼ੀਰੋਜ਼ਦੀਨ ਸ਼ਰਫ ਵੀ ਸਾਵਣ ਮਹੀਨੇ ਬਾਰੇ ਆਪਣੇ ਵਿਚਾਰ ਪ੍ਰਗਟ ਕਰਦੇ ਲਿੱਖਦੇ ਹਨ ਕਿ:

ਸਾਵਣ ਸੀਸ ਗੁੰਦਾ ਕੇ ਸਈਆਂ,
ਹਾਰ-ਸ਼ਿੰਗਾਰ ਸਜ਼ਾਏ ਨੇ।
ਮਿੱਠੇ-ਮਿੱਠੇ ਗੀਤ ਮਾਹੀ ਦੇ,
ਸਭਨਾਂ ਰਲ ਮਿਲ ਗਾਏ ਨੇ।

--()

ਪ੍ਰਸਿੱਧ ਸ਼ਾਇਰਾ ਅੰਮ੍ਰਿਤਾ ਪ੍ਰੀਤਮ ਵੀ ਸਾਵਣ ਮਹੀਨੇ ਸਬੰਧੀ ਆਪਣੇ ਹਾਵ-ਭਾਵ ਪ੍ਰਗਟ ਕਰਦੀ ਲਿੱਖਦੀ ਹੈ ਕਿ:

ਉਮੜ-ਉਮੜ ਕੇ ਬੱਦਲ ਆਇਆ,
ਕਣੀ ਕਣੀ ਵੱਸ ਜਾਣਾ।
ਭਰਿਆ ਤ੍ਰਿੰਝਣ ਡਾਰ ਕੂੰਜ਼ਾਂ ਦੀ,
ਸਭਨਾਂ ਨੇ ਉੱਡ ਜਾਣਾ।

--()

ਲ਼ਾਲਾ ਧਨੀ ਰਾਮ ਚਾਤ੍ਰਿਕ ਦੀ ਬੜੀ ਸੋਹਣੀ ਕਵਿਤਾ ਜੋ ਉਹਨਾਂ ਸਾਉਣ ਮਹੀਨੇ ਬਾਰੇ ਲਿਖੀ ਹੈ। ਇਸ ਕਵਿਤਾ ਵਿੱਚ ਉਹਨਾਂ ਪਿੰਡ ਵਿਚਲੇ ਸਾਉਣ ਦਾ ਬਾਖੂਬੀ ਚਿਤ੍ਰਣ ਕੀਤਾ ਹੈ।ਮੈਂ ਇੱਥੇ ਸਾਰੀ ਕਵਿਤਾ ਦੱਸਣੀ ਚਾਹਾਗਾਂ।

ਸਾਉਣੀ ਮਾਂਹ, ਝੜੀਆਂ ਗਰਮੀ ਝਾੜ ਸੁੱਟੀ,
ਧਰਤੀ ਪੁੰਗਰੀ ਟਹਿਕੀਆਂ ਡਾਲੀਆਂ ਨੇ।
ਰਾਹ ਰੋਕ ਲਏ ਛੱਪੜਾਂ-ਟੋਭਿਆਂ ਨੇ,
ਨਦੀਆਂ ਨਾਲਿਆਂ ਜੂਹਾਂ ਰੰਗਾਲੀਆਂ ਨੇ।
ਧਾਈਂ ਉਸਰੇ, ਨਿੱਸਰੀ ਚਰ੍ਹੀ ਮੱਕੀ,
ਤੇ ਕਪਾਹੀਂ ਨਾ ਜਾਣ ਸੰਭਾਲੀਆਂ ਨੇ।
ਜੰਮੂ ਰਸੇ ਅਨਾਰ ਵਿੱਚ ਆਈ ਸ਼ੀਰੀਂ,
ਚੜ੍ਹੀਆਂ ਸਬਜ਼ੀਆਂ ਨੂੰ ਗਿੱਠ ਗਿੱਠ ਲਾਲੀਆਂ ਨੇ।
ਤਿੜ੍ਹਾਂ ਤਿੜਕੀਆਂ, ਪੱਠਿਆਂ ਲਹਿਰ ਲਾਈ,
ਡੰਗਰ ਛੱਡ ਦਿੱਤੇ ਖੁੱਲ੍ਹੇ ਪਾਲੀਆਂ ਨੇ।
ਵੱਟਾਂ ਬੱਧੀਆਂ, ਜੋਤਰੇ ਖੋਲ੍ਹ ਦਿੱਤੇ,
ਛਾਵੇਂ ਮੰਜ਼ੀਆਂ ਡਾਹੀਆਂ ਹਾਲੀਆਂ ਨੇ।
ਪੇਕੀਂ ਬੈਠੀਆਂ ਤਾਈਂ ਦਿਹਾਰ ਆਏ,
ਤੇ ਸ਼ਿੰਗਾਰ ਲਾਏ ਸਹੁਰੀਂ ਆਈਆਂ ਨੇ।

ਵੰਗਾਂ-ਚੂੜ੍ਹੀਆਂ ਪਹਿਨੀਆਂ ਕੁਆਰੀਆਂ ਨੇ,
ਰੰਗ ਚੁੰਨੀਆਂ, ਮਹਿੰਦੀਆਂ ਲਾਈਆਂ ਨੇ।
ਖੀਰਾਂ ਰਿੱਝੀਆਂ, ਪੂੜਿਆਂ ਡੰਡ ਲਾਹੀ,
ਕੁੜੀਆਂ ਵਹੁਟੀਆਂ ਨੇ ਪੀਘਾਂ ਪਾਈਆਂ ਨੇ।
ਗਿੱਧੇ ਵੱਜਦੇ, ਕਿਲਕਿਲੀ ਮੱਚਦੀ ਏ,
ਘਟਾਂ ਕਾਲੀਆਂ ਵੇਖ ਕੇ ਛਾਈਆਂ ਨੇ।
ਸੇਂਚੀ ਖੇਡਦੇ ਗੱਭਰੂ ਪਿੜਾਂ ਅੰਦਰ,
ਛਿੰਝਾਂ ਪਾਉਂਦੇ ਤੇ ਛਾਲਾਂ ਲਾਉਂਦੇ ਨੇ।
ਲੋਕੀਂ ਖੁਸ਼ੀ ਅੰਦਰ ਖੀਵੇ ਹੋਏ ਚਾਤ੍ਰਿਕ,
ਸਾਉਣ ਮਾਹ ਦੇ ਸੋਹਲੇ ਗਾਉਂਦੇ ਨੇ।

--()--

ਤੀਆਂ ਧੀਆਂ ਦੀਆਂ-

ਸਾਵਣ ਦੇ ਮਹੀਨੇ ਵਿੱਚ ਨਵ-ਵਿਆਹੀਆਂ ਨੂੰ ਉਸਦਾ ਭਰਾ ਸਹੁਰੇ ਘਰੋਂ ਲੈਣ ਜਾਂਦਾ ਹੈ।ਭਰਾ ਨੂੰ ਵੇਖ ਕੇ ਭੈਣ ਦੂਣੀ-ਚੋਣੀ ਹੋਈ ਫਿਰਦੀ ਧਰਤੀ ਪੱਬ ਨੀ ਲਾਉਂਦੀ।ਹੱਸਦੀ ਟੱਪਦੀ ਖੁਸ਼ੀ-ਖੁਸ਼ੀ ਆਪਣੇ ਵੀਰ ਲਈ ਵੰਨ-ਸੁਵੰਨੇ ਖਾਣੇ ਬਣਾਉਂਦੀ ਹੈ।ਜੇ ਕਿਸੇ ਅੜ੍ਹਬ ਸੱਸ ਨੇ ਭਰਾ ਲਈ ਬਹੁਤੇ ਸਵਾਦਿਸ਼ਟ ਪਕਵਾਨ ਬਣਾਉਣ ਦੀ ਆਗਿਆ ਨਹੀ ਦਿੱਤੀ ਤਾਂ ਨੂੰਹ ਆਪਣੀ ਸੱਸ ਨੂੰ ਦੱਬਵੀਂ ਅਵਾਜ਼ ਵਿੱਚ ਮਿਹਣਾ ਮਾਰਦੀ ਹੋਈ ਕਹਿੰਦੀ ਹੈ ਕਿ:

ਸੱਸੇ ਤੇਰੀ ਮਹਿ ਮਰ ਜੇ,
ਮੇਰੇ ਵੀਰ ਨੂੰ ਸੁੱਕੀ ਖੰਡ ਪਾਈ।

ਪੇਕੇ ਘਰ ਜਾਣ ਲਈ ਭੈਣ ਕਾਹਲੀ ਹੁੰਦੀ ਹੈ। ਜੇ ਕਿਸੇ ਭੈਣ ਦਾ ਭਰਾ ਕਿਸੇ ਕਾਰਨ ਕਰਕੇ ਸਾਉਣ ਵਿੱਚ ਆਪਣੀ ਭੈਣ ਨੂੰ ਲੈਣ ਨਾ ਸਕੇ ਤਾਂ ਸੱਸ ਮਿਹਣਾ ਮਾਰਦੀ ਹੈ।

ਤੈਨੂੰ ਤੀਆਂ ਤੇ ਲੈਣ ਨਾ ਆਏ,
ਨੀ ਬਹੁਤਿਆਂ ਭਰਾਵਾਂ ਵਾਲੀਏ।

ਭੈਣ ਆਪਣੇ ਭਰਾ ਨਾਲ ਪੇਕੇ ਘਰ ਆ ਕੇ ਇਸ ਤਰ੍ਹਾਂ ਮਹਿਸੂਸ ਕਰਦੀ ਹੈ ਜਿਵੇਂ ਪੰਛੀ ਪਿੰਜਰੇ ਵਿੱਚੋਂ ਬਾਹਰ ਨਿਕਲ ਕੇ ਅਜ਼ਾਦ ਫ਼ਿਜਾ ਵਿੱਚ ਉਡਾਰੀਆਂ ਲਾ ਕੇ ਖੁਸ਼ ਹੁੰਦਾ ਹੈ।ਉਹ ਆਪਣੀਆਂ ਦੂਜੀਆਂ ਵਿਆਹੀਆਂ ਤੇ ਪੇਕੇ ਪਿੰਡ ਆਈਆਂ ਸਹੇਲੀਆਂ ਨੂੰ ਮਿਲਣ ਲਈ ਉਤਾਵਲੀ ਹੁੰਦੀ ਹੈ। ਸਾਰੀਆਂ ਵਿਆਹੀਆਂ ਤੇ ਕੁਆਰੀਆਂ ਕੁੜੀਆਂ ਚਿੜੀਆਂ ਇੱਕਠੀਆਂ ਹੋ ਕੇ ਐਤਵਾਰ ਨੂੰ ਸਾਂਵੇਂ ਵਾਲੇ ਤੀਆਂ ਵਾਲੇ ਦਿਨ ਝੁਰਮਟ ਪਾਉਂਦੀਆਂ, ਨੱਚਦੀਆਂ, ਟੱਪਦੀਆਂ ਕਿੱਕਲੀਆਂ ਪਾਉਂਦੀਆਂ ਤੇ ਖੁਸ਼ੀ ਦੇ ਗੀਤ ਗਾਉਂਦੀਆਂ ਹਨ। ਨਵੀਆਂ ਵਿਆਹੀਆਂ ਆਪੋ ਆਪਣੇ ਸਹੁਰਿਆਂ ਦੀਆਂ ਸਿਫਤਾਂ ਤੇ ਖਾਮੀਆਂ ਆਪਣੀਆਂ ਸਹੇਲੀਆਂ ਨਾਲ ਸਾਂਝੀਆਂ ਕਰਦੀਆਂ ਹਨ ਕਿਉਂਕਿ ਜੋ ਅਸੀਂ ਆਪਣੇ ਦੋਸਤਾਂ ਮਿੱਤਰਾਂ ਨਾਲ ਖੁੱਲ਼ ਕੇ ਗੱਲਬਾਤ ਕਰ ਸਕਦੇ ਹਾਂ ਸ਼ਾਇਦ ਹੋਰ ਕਿਸੇ ਨਾਲ ਨਹੀ। ਕਈ ਨਵ ਵਿਆਹੀਆਂ ਦੇ ਕੰਤ ਬੜੇ ਚਲਾਕ ਚੁਸਤ ਹੁੰਦੇ ਹਨ, ਉਹ ਕੋਈ ਨਾ ਕੋਈ ਬਹਾਨਾ ਬਣਾ ਲੈਂਦੇ ਹਨ ਕਿ ਮਾਂ ਬੀਮਾਰ ਹੋ ਗਈ ਹੈ, ਬਾਪੂ ਦਾ ਤਿਲਕ ਕੇ ਪੈਰ ਦਾ ਮਾਸ ਪਾਟ ਗਿਆ ਹੈ,ਵਗੈਰਾ-ਵਗੈਰਾ। ਉਹ ਦੂਜੇ ਜਾਂ ਤੀਜੇ ਸਾਂਵੇਂ ਹੀ ਆਪਣੀ ਦੁਲਹਨ ਨੂੰ ਲੈ ਜਾਂਦੇ ਹਨ ਤੇ ਆਖ਼ਿਰ ਜਦ ਸਾਵਣ ਖਤਮ ਹੋ ਜਾਂਦਾ ਹੈ ਤਾਂ ਸਭ ਨੇ ਵਿਛੜਣਾ ਹੁੰਦਾ ਹੈ ਤਾਂ ਇਹ ਗੀਤ ਚੇਤੇ ਆਉਂਦਾ ਹੈ।

ਸਾਉਣ ਵੀਰ ਇੱਕਠੀਆਂ ਕਰੇ,
ਭਾਦੋਂ ਚੰਦਰੀ ਵਿਛੋੜੇ ਪਾਵੇ।

--()

ਤੀਆਂ ਤੀਜ਼ ਦੀਆਂ, ਵਰੇ ਦਿਨਾਂ ਨੂੰ ਫੇਰ।

ਇਹ ਧੀਆਂ ਧਿਆਣੀਆਂ ਦਿਲ ਤੇ ਪੱਥਰ ਰੱਖ ਕੇ ਅਗਲੇ ਸਾਉਣ ਫਿਰ ਮਿਲਣ ਦੀ ਆਸ ਨਾਲ ਇੱਕ ਦੂਜੀ ਕੋਲੋਂ ਵਾਅਦਾ ਲੈ ਕੇ ਅਣਮੰਨੇ ਮਨ ਨਾਲ ਵਿੱਛੜ ਜਾਂਦੀਆਂ ਹਨ।

**-ਧਰਮਿੰਦਰ ਸਿੰਘ (ਚੱਬਾ),**
**ਪਿੰਡ ਤੇ ਡਾਕ:ਚੱਬਾ, ਤਰਨਤਾਰਨ ਰੋਡ, ਅੰਮ੍ਰਿਤਸਰ**

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194895582124531/

YouTube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 16 ਜੁਲਾਈ 2026 (ਨਾਨਕਸ਼ਾਹੀ ਸੰਮਤ : ੫੫੮, ੧ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243

# ਪੰਜਾਬ ਕਾਂਗਰਸ ਦਾ ਕਾਟੋ-ਕਲੇਸ਼ ਖ਼ਤਮ ! ਬਾਜਵਾ ਹੋਣਗੇ ਪੰਜਾਬ ਕਾਂਗਰਸ ਦੇ 'ਕਪਤਾਨ'

## ਵੜਿੰਗ ਅਸਤੀਫ਼ਾ ਦੇਣਗੇ • ਚੰਨੀ ਧੜੇ ਵਿਰੁੱਧ ਹੋਏਗੀ ਕਾਰਵਾਈ • ਪ੍ਰਤਾਪ ਸਿੰਘ ਬਾਜਵਾ ਦਾ ਦਾਅਵਾ ਦੋ ਕਾਰਨਾਂ ਕਰਕੇ ਮਜ਼ਬੂਤ




### ਆਵਾਜ਼ਿ ਕੌਮ ਦੀ ਵਿਸ਼ੇਸ਼ ਰਿਪੋਰਟ

ਪੰਜਾਬ ਕਾਂਗਰਸ ਵਿੱਚ ਅੰਦਰੂਨੀ ਕਲੇਸ਼ ਦੇ ਵਿਚਕਾਰ, ਵਿਧਾਇਕ ਦਲ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨਵੇਂ ਸੂਬਾ ਪ੍ਰਧਾਨ ਬਣ ਸਕਦੇ ਹਨ। ਰਾਹੁਲ ਗਾਂਧੀ ਅਤੇ ਰਾਸ਼ਟਰੀ ਪ੍ਰਧਾਨ ਮਲਿਕਾਰਜੁਨ ਖੜਗੇ ਵਿਚਕਾਰ ਕੱਲ੍ਹ (14 ਜੁਲਾਈ) ਹੋਈ ਮੁਲਾਕਾਤ ਤੋਂ ਬਾਅਦ, ਉਨ੍ਹਾਂ ਨੂੰ ਬੁੱਧਵਾਰ ਨੂੰ ਅਚਾਨਕ ਦਿੱਲੀ ਬੁਲਾਇਆ ਗਿਆ, ਜਿੱਥੇ ਉਨ੍ਹਾਂ ਨੇ ਕੇਸੀ ਵੇਣੂਗੋਪਾਲ ਨਾਲ ਮੁਲਾਕਾਤ ਕੀਤੀ ਹੈ। ਕਾਂਗਰਸ ਹਾਈਕਮਾਨ ਦੇ ਕਰੀਬੀ ਸੂਤਰਾਂ ਅਨੁਸਾਰ, ਮੌਜੂਦਾ ਪ੍ਰਧਾਨ ਰਾਜਾ ਵੜਿੰਗ ਹਾਈਕਮਾਨ ਦੇ ਕਹਿਣ 'ਤੇ ਅਸਤੀਫਾ ਦੇ ਸਕਦੇ ਹਨ। ਹਾਲਾਂਕਿ, ਕਾਂਗਰਸ ਹਾਈਕਮਾਨ ਬਾਗ਼ੀ ਧੜੇ ਦੀ ਅਗਵਾਈ ਕਰ ਰਹੇ ਚੰਨੀ ਧੜੇ ਨੂੰ ਵੱਡਾ ਝਟਕਾ ਦੇਣ ਦੀ ਤਿਆਰੀ ਕਰ ਰਹੀ ਹੈ। ਉਨ੍ਹਾਂ ਵਿਰੁੱਧ ਕਾਰਵਾਈ ਕੀਤੀ ਜਾ ਸਕਦੀ ਹੈ। ਪ੍ਰਤਾਪ ਸਿੰਘ ਬਾਜਵਾ ਦਾ ਦਾਅਵਾ ਦੋ ਕਾਰਨਾਂ ਕਰਕੇ ਮਜ਼ਬੂਤ ਹੈ। ਪਹਿਲਾ, ਉਨ੍ਹਾਂ ਨੇ ਇਸ ਬਗਾਵਤ ਦੌਰਾਨ ਇੱਕ ਨਿਰਪੱਖ ਸਥਿਤੀ ਬਣਾਈ ਰੱਖੀ ਹੈ। ਉਹ ਬਘੇਲ ਦੇ ਪੰਜਾਬ ਆਉਣ ਤੇ ਉਨ੍ਹਾਂ ਨੂੰ ਵੀ ਮਿਲੇ ਅਤੇ ਰਾਜਾ ਵੜਿੰਗ ਦੇ ਨਾਲ ਵੀ ਗਏ ਸੀ। ਇਸ ਤੋਂ ਬਾਅਦ ਉਨ੍ਹਾਂ ਨੇ ਬਘੇਲ ਦੀ ਚੰਨੀ ਧੜੇ ਨਾਲ ਹੋਈਆਂ ਮੀਟਿੰਗਾਂ ਵਿੱਚ ਵੀ ਹਿੱਸਾ ਲਿਆ, ਇਸ ਤਰ੍ਹਾਂ ਉਹ ਧੜੇਬੰਦੀ ਤੋਂ ਦੂਰ ਰਹੇ। ਦੂਜੇ ਪਾਸੇ, ਇਹ ਹੈ ਕਿ 2017 ਵਿੱਚ ਕਾਂਗਰਸ ਨੇ ਉਨ੍ਹਾਂ ਨੂੰ ਮੁੱਖ ਮੰਤਰੀ ਦੇ ਅਹੁਦੇ ਤੋਂ ਹਟਾ ਦਿੱਤਾ ਅਤੇ ਕੈਪਟਨ ਅਮਰਿੰਦਰ ਸਿੰਘ ਨੂੰ ਮੁੱਖ ਮੰਤਰੀ ਬਣਾਇਆ ਸੀ। ਜਿੱਤਣ ਤੋਂ ਬਾਅਦ ਕੈਪਟਨ ਅਮਰਿੰਦਰ ਸਿੰਘ ਵੀ ਮੁੱਖ ਮੰਤਰੀ ਬਣੇ। ਬਾਜਵਾ ਨੇ ਹਮੇਸ਼ਾ ਕਾਂਗਰਸ ਹਾਈ ਕਮਾਂਡ ਨੂੰ ਸ਼ਿਕਾਇਤ ਕੀਤੀ ਹੈ ਕਿ ਉਹ ਫ਼ਸਲ ਬੀਜਦਾ ਹੈ ਅਤੇ ਕੋਈ ਹੋਰ ਉਸ ਦੀ ਵਾਢੀ ਕਰਦਾ ਹੈ। ਹਾਈ ਕਮਾਂਡ ਇਸ ਮੁੱਦੇ ਨੂੰ ਵੀ ਹੱਲ ਕਰ ਸਕਦੀ ਹੈ। ਇਸ ਦੌਰਾਨ, ਰਾਹੁਲ ਗਾਂਧੀ ਨੇ ਇੰਚਾਰਜ ਬਘੇਲ ਨੂੰ ਵੀ ਅੱਜ ਰਾਏਪੁਰ ਤੋਂ ਦਿੱਲੀ ਬੁਲਾਇਆ ਹੈ, ਜਿੱਥੇ ਉਨ੍ਹਾਂ ਦੀ ਮੀਟਿੰਗ ਚੱਲ ਰਹੀ ਹੈ। ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਚੰਨੀ ਨੇ ਕਾਂਗਰਸ ਇੰਚਾਰਜ ਭੁਪੇਸ਼ ਬਘੇਲ ਅੱਗੇ ਤਿੰਨ ਸੰਸਦ ਮੈਂਬਰਾਂ, ਨੌਂ ਵਿਧਾਇਕਾਂ ਅਤੇ 92 ਜਿੱਤਣ ਅਤੇ ਹਾਰਨ ਵਾਲੇ ਆਗੂਆਂ ਦੀ ਪਰੇਡ ਕਰਵਾਈ ਹੈ। ਇਸ ਦੇ ਬਾਵਜੂਦ, ਕਾਂਗਰਸ ਹਾਈਕਮਾਨ ਉਨ੍ਹਾਂ ਦੇ ਦਬਾਅ ਅੱਗੇ ਝੁਕਣ ਤੋਂ ਇਨਕਾਰ ਕਰ ਰਹੀ ਹੈ। ਬਾਗ਼ੀ ਧੜੇ ਨਾਲ ਤਿੰਨ ਮੀਟਿੰਗਾਂ ਤੋਂ ਬਾਅਦ, ਚੰਨੀ ਨੇ ਹੁਣ ਯੂਥ ਕਾਂਗਰਸ ਦੇ ਆਗੂਆਂ ਨੂੰ ਵੀ ਤਲਬ ਕੀਤਾ ਹੈ। ਇਸ ਦੇ ਬਾਵਜੂਦ, ਹਾਈਕਮਾਨ ਬੇਫਿਕਰ ਹੈ। ਸਭ ਤੋਂ ਵੱਡਾ ਸਵਾਲ ਇਹ ਹੈ ਕਿ ਅਜਿਹਾ ਕਿਉਂ ? ਇਸਦਾ ਮੁੱਖ ਕਾਰਨ 2022 ਦੀਆਂ ਚੋਣਾਂ ਅਤੇ ਉਨ੍ਹਾਂ ਦੇ ਨਤੀਜਿਆਂ ਤੋਂ ਬਾਅਦ 8 ਮਹੀਨੇ ਦਾ ਸਮਾਂ ਹੈ, ਜਦੋਂ ਚੰਨੀ ਦੀ ਅਗਵਾਈ ਵਿੱਚ ਨਾ ਸਿਰਫ਼ ਪਾਰਟੀ ਬੁਰੀ ਤਰ੍ਹਾਂ ਪੰਜਾਬ ਦੀਆਂ ਵਿਧਾਨ ਸਭਾ ਚੋਣਾਂ ਹਾਰੀ, ਬਲਕਿ ਚੰਨੀ ਖੁਦ ਵੀ ਦੋ ਸੀਟਾਂ ਹਾਰ ਗਏ।

## ਪੰਜਾਬ ਕਾਂਗਰਸ ਦੇ ਅੰਦਰੂਨੀ ਕਲੇਸ਼ 'ਤੇ ਮੁੱਖ ਮੰਤਰੀ ਭਗਵੰਤ ਮਾਨ ਦਾ ਤੰਜ, ਕਿਹਾ- ਚੋਣਾਂ 'ਚ ਇੰਨੀਆਂ ਹੀ ਸੀਟਾਂ ਦਿਓ ਕਿ...

**ਪੰਜਾਬ ਦੇ ਹੁਸ਼ਿਆਰਪੁਰ ਜ਼ਿਲ੍ਹੇ ਦੇ ਮੁਕੇਰੀਆਂ ਵਿੱਚ** ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬ ਕਾਂਗਰਸ ਦੀ ਅੰਦਰੂਨੀ ਗੁੱਟਬਾਜ਼ੀ 'ਤੇ ਆਪਣੇ ਅੰਦਾਜ਼ ਵਿੱਚ ਨਿਸ਼ਾਨਾ ਸਾਧਿਆ। ਉਨ੍ਹਾਂ ਕਿਹਾ ਕਿ ਕਾਂਗਰਸ ਦੀ ਹਾਲਤ ਇਹ ਹੋ ਗਈ ਹੈ ਕਿ "ਰਾਜਾ ਵੜਿੰਗ ਦੀ ਚਰਨਜੀਤ ਸਿੰਘ ਚੰਨੀ ਨਾਲ ਨਹੀਂ ਬਣਦੀ, ਚੰਨੀ ਦੀ ਪ੍ਰਤਾਪ ਸਿੰਘ



ਬਾਜਵਾ ਨਾਲ ਨਹੀਂ ਬਣਦੀ, ਬਾਜਵਾ ਦੀ ਰੰਧਾਵਾ ਨਾਲ ਨਹੀਂ ਬਣਦੀ, ਰੰਧਾਵਾ ਦੀ ਵੜਿੰਗ ਨਾਲ ਨਹੀਂ ਬਣਦੀ, ਵੜਿੰਗ ਦੀ

ਆਵਾਜ਼ਿ ਕੌਮ AWAZE QAUM International Newspaper & WEB TV

ਨਵਜੋਤ ਸਿੰਘ ਸਿੱਧੂ ਨਾਲ ਨਹੀਂ ਬਣਦੀ ਅਤੇ ਸਿੱਧੂ ਦੀ ਕਿਸੇ ਨਾਲ ਨਹੀਂ ਬਣਦੀ। ਮਾਨ ਨੇ ਤੰਜ ਕੱਸਦਿਆਂ ਕਿਹਾ ਕਿ ਹੁਣ ਕਾਂਗਰਸ ਦੀ ਲੜਾਈ ਖਤਮ ਕਰਵਾਉਣੀ ਵੀ ਲਾਜ਼ਮੀ ਹੋ ਗਈ ਹੈ ਅਤੇ ਸ਼ਾਇਦ ਉਨ੍ਹਾਂ ਨੂੰ ਹੀ ਵਿਚਕਾਰ ਆਉਣਾ ਪਵੇ। ਉਨ੍ਹਾਂ ਕਿਹਾ ਕਿ ਕਾਂਗਰਸ ਨੂੰ ਇੰਨੀਆਂ ਹੀ ਸੀਟਾਂ ਮਿਲਣ ਕਿ ਮੁੱਖ ਮੰਤਰੀ ਬਣਨ ਦੀ ਨੌਬਤ ਹੀ ਨਾ ਆਵੇ। "ਨਾ ਰਹੇਗਾ ਬਾਂਸ, ਨਾ ਵੱਜੇਗੀ ਬਾਂਸਰੀ। ਮੁੱਖ ਮੰਤਰੀ ਨੇ ਕਿਹਾ ਕਿ ਕਾਂਗਰਸੀ ਆਗੂ ਇਸ ਤਰ੍ਹਾਂ ਵਰਤਾਅ ਕਰ ਰਹੇ ਹਨ ਜਿਵੇਂ ਰਾਜਪਾਲ ਨੇ ਪਹਿਲਾਂ ਹੀ ਮੁੱਖ ਮੰਤਰੀ ਦੀ ਸਹੁੰ ਚੁੱਕਣ ਦਾ ਸਮਾਂ ਤੈਅ ਕਰ ਦਿੱਤਾ ਹੋਵੇ ਅਤੇ ਹੁਣ ਸਿਰਫ਼ ਇਹ ਫੈਸਲਾ ਹੋਣਾ ਬਾਕੀ ਹੋਵੇ ਕਿ ਮੁੱਖ ਮੰਤਰੀ ਕੌਣ ਬਣੇਗਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਸਰਕਾਰ ਬਣਾਉਣ ਲਈ 59 ਸੀਟਾਂ ਦੀ ਲੋੜ ਹੁੰਦੀ ਹੈ ਪਰ ਕਾਂਗਰਸ ਪਹਿਲਾਂ ਸੀਟਾਂ ਜਿੱਤਣ ਦੀ ਬਜਾਏ ਮੁੱਖ ਮੰਤਰੀ ਦੀ ਕੁਰਸੀ ਲਈ ਆਪਸ ਵਿੱਚ ਹੀ ਲੜ ਰਹੀ ਹੈ। ਮਾਨ ਨੇ ਕਾਂਗਰਸ ਦੀ ਪ੍ਰਸਤਾਵਿਤ ਬੱਸ ਯਾਤਰਾ 'ਤੇ ਵੀ ਚੁਟਕੀ ਲੈਂਦਿਆਂ ਕਿਹਾ ਕਿ ਰਾਹੁਲ ਗਾਂਧੀ ਸਾਰੇ ਆਗੂਆਂ ਨੂੰ ਬੱਸ ਵਿੱਚ ਤਾਂ ਇਕੱਠੇ ਬਿਠਾ ਦੇਣਗੇ ਪਰ ਜਦੋਂ ਉਹ ਬੱਸ ਤੋਂ ਉਤਰਣਗੇ ਤਾਂ ਕੋਈ ਵੀ ਇਕੱਠੇ ਨਹੀਂ ਹੋਵੇਗਾ।

## ਕੈਨੇਡਾ 'ਚ ਬਿਲਡਿੰਗ ਨੂੰ ਅੱਗ ਲੱਗਣ ਕਾਰਨ ਪੰਜਾਬੀ ਜੋੜੇ ਦੀ ਹੋਈ ਮੌਤ

### ਮੇਜਰ ਸਿੰਘ ਭੰਡਾਲ ਅਤੇ ਸੁਰਿੰਦਰ ਕੌਰ ਵਜੋਂ ਹੋਈ ਮ੍ਰਿਤਕਾਂ ਦੀ ਪਛਾਣ



ਹੰਬੜਾਂ, 15 ਜੁਲਾਈ (ਆਵਾਜ਼ਿ ਕੌਮ ਬਿਊਰੋ)-ਐਡਮਿੰਟਨ (ਕੈਨੇਡਾ) 'ਚ 132 ਐਵੇਨਿਊ ਅਤੇ 82 ਸਟ੍ਰੀਟ ਦੇ ਨੇੜੇ ਇਕ ਤਿੰਨ ਮੰਜ਼ਿਲਾਂ ਰਿਹਾਇਸ਼ੀ ਤੇ ਕਮਰਸ਼ੀਅਲ ਬਿਲਡਿੰਗ 'ਚ ਅੱਗ ਲੱਗਣ ਨਾਲ ਵੱਡਾ ਹਾਦਸਾ ਵਾਪਰਿਆ,ਜਿਸ ਵਿਚ ਤੀਜੀ ਮੰਜ਼ਿਲ 'ਤੇ ਪੰਜਾਬ ਦੇ ਲੁਧਿਆਣਾ ਜ਼ਿਲ੍ਹੇ ਦੇ ਪਿੰਡ ਆਲੀਵਾਲ ਦੇ ਬਜ਼ੁਰਗ ਜੋੜੇ ਦੀ ਅੱਗ ਲੱਗਣ ਨਾਲ ਦਰਦਨਾਕ ਮੌਤ ਹੋਣ ਦਾ ਦੁਖਦਾਈ ਸਮਾਚਾਰ ਪ੍ਰਪਤ ਹੋਇਆ ਹੈ। ਜੋੜੇ ਦੀ ਪਛਾਣ ਮੇਜਰ ਸਿੰਘ ਭੰਡਾਲ ਅਤੇ ਉਨ੍ਹਾਂ ਦੀ ਪਤਨੀ ਸੁਰਿੰਦਰ ਕੌਰ ਵਜੋਂ ਹੋਈ ਹੈ ਅਤੇ ਇਸ ਵਾਪਰੇ ਹਾਦਸੇ ਕਾਰਨ ਆਲੀਵਾਲ ਪਿੰਡ 'ਚ ਸੋਗ ਦੀ ਲਹਿਰ ਪਾਈ ਜਾ ਰਹੀ ਹੈ। ਮ੍ਰਿਤਕ ਜੋੜੇ ਦੇ ਭਤੀਜੇ ਪੰਚ ਜਗਪਾਲ ਸਿੰਘ ਭੋਲਾ (ਟੈਂਟ ਵਾਲੇ) ਤੇ ਹੋਰ ਪਰਿਵਾਰਕ ਮੈਂਬਰਾਂ ਦੇ ਨਾਲ ਸਾਬਕਾ ਸਰਪੰਚ ਪ੍ਰਗਟ ਸਿੰਘ ਢਿੱਲੋਂ ਨੇ ਦੁਖੀ ਮਨ ਨਾਲ ਦੱਸਿਆ ਕਿ ਕੈਨੇਡਾ 'ਚ ਅੱਗ ਲੱਗਣ ਦੇ ਵਾਪਰੇ ਹਾਦਸੇ 'ਚ ਸਾਡੇ ਬਹੁਤ ਹੀ ਸਤਿਕਾਰਯੋਗ ਮੇਜਰ ਸਿੰਘ ਭੰਡਾਲ (82) ਦੀ ਜਿੱਥੇ ਮੌਤ ਹੋ ਚੁੱਕੀ ਹੈ 'ਤੇ ਉਨ੍ਹਾ ਦੀ ਮ੍ਰਿਤਕ ਦੇਹ ਦੀ ਪਛਾਣ ਸਾਡੇ ਪਰਿਵਾਰਕ ਮੈਂਬਰਾਂ ਵਲੋਂ ਅਡਮਿੰਟਨ 'ਚ ਕਰ ਲਈ ਗਈ ਹੈ ਪਰ ਸਾਡੇ ਚਾਚੀ ਜੀ ਸੁਰਿੰਦਰ ਕੌਰ (80) ਪਤਨੀ ਮੇਜਰ ਸਿੰਘ ਭੰਡਾਲ ਅੱਗ ਵਾਲੀ ਬਿਲਡਿੰਗ 'ਚ ਖਤਮ ਹੋ ਚੁੱਕੇ ਹਨ ਕਿਉਂਕਿ ਅੱਗ 'ਤੇ ਅਜੇ ਵੀ ਕਾਬੂ ਨਹੀਂ ਪਾਇਆ ਜਾ ਸਕਿਆ ਤੇ ਇਕ ਤਰ੍ਹਾਂ ਨਾਲ ਉਨ੍ਹਾਂ ਦੀ ਵੀ ਮੌਤ ਦੀ ਪੁਸ਼ਟੀ ਹੋ ਚੁੱਕੀ ਹੈ। ਜਗਪਾਲ ਸਿੰਘ ਭੋਲਾ ਨੇ ਦੱਸਿਆ ਕਿ ਮ੍ਰਿਤਕ ਮੇਜਰ ਸਿੰਘ ਤੇ ਉਨ੍ਹਾਂ ਦੀ ਪਤਨੀ ਸੁਰਿੰਦਰ ਕੌਰ ਆਪਣੀ ਬੇਟੀ ਸੰਦੀਪ ਕੌਰ ਕੋਲ ਲੰਮੇ ਸਮੇਂ ਤੋਂ ਕੈਨੇਡਾ 'ਚ ਰਹਿ ਰਹੇ ਸਨ ਤੇ ਉਕਤ ਵਾਪਰੇ ਹਾਦਸੇ 'ਚ ਮੌਤ ਹੱਥੋਂ ਹਾਰ ਗਏ।

## ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸ਼ਹੀਦ ਬੀ.ਐਸ.ਐਫ. ਸਬ ਇੰਸਪੈਕਟਰ ਬਲਬੀਰ ਸਿੰਘ ਨੂੰ ਸ਼ਰਧਾਂਜਲੀ ਭੇਟ ਕੀਤੀ



ਕੋਟਕਪੂਰਾ,15 ਜੁਲਾਈ (ਆਵਾਜ਼ਿ ਕੌਮ ਬਿਊਰੋ)- ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੱਜ ਕੋਟਕਪੂਰਾ ਦੀ ਢਿੱਲੋਂ ਕਲੋਨੀ ਵਿਖੇ ਬੀ.ਐਸ.ਐਫ. ਦੇ ਸ਼ਹੀਦ ਸਬ ਇੰਸਪੈਕਟਰ ਬਲਬੀਰ ਸਿੰਘ ਦੇ ਅੰਤਿਮ ਸੰਸਕਾਰ ਵਿੱਚ ਸ਼ਿਰਕਤ ਕਰਦਿਆਂ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਸਪੀਕਰ ਸੰਧਵਾਂ ਨੇ ਕਿਹਾ ਕਿ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕਰਦੇ ਹੋਏ ਆਪਣੀ ਡਿਊਟੀ ਨਿਭਾਉਣ ਵਾਲੇ ਜਵਾਨਾਂ ਦੀ ਕੁਰਬਾਨੀ ਸਦਾ ਯਾਦ ਰੱਖੀ ਜਾਵੇਗੀ। ਉਨ੍ਹਾਂ ਕਿਹਾ ਕਿ ਸ਼ਹੀਦ ਸਬ ਇੰਸਪੈਕਟਰ ਬਲਬੀਰ ਸਿੰਘ ਨੇ ਆਪਣੀ ਡਿਊਟੀ ਪ੍ਰਤੀ ਪੂਰੀ ਨਿਸ਼ਠਾ ਅਤੇ ਸਮਰਪਣ ਨਾਲ ਸੇਵਾ ਨਿਭਾਈ ਅਤੇ ਉਨ੍ਹਾਂ ਦਾ ਬਲਿਦਾਨ ਸਮੁੱਚੇ ਦੇਸ਼ ਲਈ ਮਾਣ ਵਾਲੀ ਗੱਲ ਹੈ। ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸ਼ਹੀਦ ਦੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਇਸ ਦੁੱਖ ਦੀ ਘੜੀ ਵਿੱਚ ਪਰਿਵਾਰ ਦੇ ਨਾਲ ਖੜ੍ਹੀ ਹੈ। ਉਨ੍ਹਾਂ ਅਰਦਾਸ ਕੀਤੀ ਕਿ ਪਰਮਾਤਮਾ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਪਰਿਵਾਰ ਨੂੰ ਇਹ ਦੁੱਖ ਸਹਿਣ ਦਾ ਬਲ ਬਖ਼ਸ਼ਣ। ਜ਼ਿਕਰਯੋਗ ਹੈ ਕਿ ਸਬ ਇੰਸਪੈਕਟਰ ਬਲਬੀਰ ਸਿੰਘ, ਪੁੱਤਰ ਨਾਜਰ ਸਿੰਘ, ਬੀ.ਐਸ.ਐਫ. ਦੀ 57ਵੀਂ ਬਟਾਲੀਅਨ, ਸਿਲੀਗੁੜੀ (ਪੱਛਮੀ ਬੰਗਾਲ) ਵਿੱਚ ਤਾਇਨਾਤ ਸਨ। ਆਪਣੀ ਡਿਊਟੀ ਦੌਰਾਨ ਅਸਮਾਨੀ ਬਿਜਲੀ ਡਿੱਗਣ ਕਾਰਨ ਉਨ੍ਹਾਂ ਦਾ ਦਿਹਾਂਤ ਹੋ ਗਿਆ। ਭਾਰਤ ਸਰਕਾਰ ਅਤੇ ਬੀ.ਐਸ.ਐਫ. ਵੱਲੋਂ ਉਨ੍ਹਾਂ ਨੂੰ ਸ਼ਹੀਦ ਦਾ ਦਰਜਾ ਪ੍ਰਦਾਨ ਕੀਤਾ ਗਿਆ ਹੈ। ਇਸ ਮੌਕੇ ਐਸ.ਡੀ.ਐਮ. ਕੋਟਕਪੂਰਾ ਰਾਜਿੰਦਰ ਸਿੰਘ, ਨਾਇਬ ਤਹਿਸੀਲਦਾਰ ਗੁਰਚਰਨ ਸਿੰਘ, ਬੀ.ਐਸ.ਐਫ. ਦੇ ਅਧਿਕਾਰੀ, ਸ਼ਹਿਰਵਾਸੀ, ਪਰਿਵਾਰਕ ਮੈਂਬਰ ਸਮੇਤ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀ ਹਾਜ਼ਰ ਸਨ।

## 2024 ਤੋਂ ਹੁਣ ਤੱਕ 87 ਬੱਚਿਆਂ ਨੂੰ ਮਿਲਿਆ ਨਵਾਂ ਪਰਿਵਾਰ

### ਹਰ ਜ਼ਿਲੇ 'ਚ ਸਥਾਪਿਤ ਹੋਈਆਂ ਸਪੈਸ਼ਲ ਅਡਾਪਸ਼ਨ ਏਜੰਸੀਆਂ: ਡਾ. ਬਲਜੀਤ ਕੌਰ

ਚੰਡੀਗੜ੍ਹ, 15 ਜੁਲਾਈ (ਆਵਾਜ਼ਿ ਕੌਮ ਬਿਊਰੋ)- ਪੰਜਾਬ ਵਿੱਚ ਬੱਚਾ ਗੋਦ ਲੈਣ ਦੀ ਤਿਆਰੀ ਕਰ ਰਹੇ ਜੋੜਿਆਂ ਲਈ ਇੱਕ ਵੱਡੀ ਰਾਹਤ ਹੈ। ਪੰਜਾਬ ਸਰਕਾਰ ਨੇ ਸੂਬੇ ਵਿੱਚ ਗੋਦ ਲੈਣ ਦੀ ਪ੍ਰਕਿਰਿਆ ਨੂੰ ਸਰਲ ਅਤੇ ਬਹੁਤ ਪਾਰਦਰਸ਼ੀ ਬਣਾ ਦਿੱਤਾ ਹੈ। ਲੋਕਾਂ ਨੂੰ ਹੁਣ ਸੰਘਰਸ਼ ਨਹੀਂ ਕਰਨਾ ਪਵੇਗਾ,




ਕਿਉਂਕਿ ਸਰਕਾਰ ਨੇ ਜ਼ਿਲ੍ਹਾ ਪੱਧਰ 'ਤੇ ਗੋਦ ਲੈਣ ਵਾਲੀਆਂ ਏਜੰਸੀਆਂ ਤਾਇਨਾਤ ਕੀਤੀਆਂ ਹਨ। ਇਹ ਦਾਅਵਾ ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕੀਤਾ। ਡਾ. ਬਲਜੀਤ ਕੌਰ ਨੇ ਕਿਹਾ ਕਿ ਸਰਕਾਰ ਦੀ ਕੋਸ਼ਿਸ਼ ਹਰ ਕਾਨੂੰਨੀ ਪ੍ਰਕਿਰਿਆ ਨੂੰ ਸਰਲ ਬਣਾਉਣ ਅਤੇ ਇਹ ਯਕੀਨੀ ਬਣਾਉਣ ਦੀ ਹੈ ਕਿ ਅਨਾਥ ਅਤੇ ਬੇਸਹਾਰਾ ਬੱਚਿਆਂ ਨੂੰ ਮਾਪਿਆਂ ਦਾ ਪਿਆਰ ਮਿਲੇ। ਇਸ ਤੋਂ ਇਲਾਵਾ, ਵਿਦੇਸ਼ੀ ਜੋੜਿਆਂ ਜਾਂ ਵਿਦੇਸ਼ਾਂ ਵਿੱਚ ਰਹਿਣ ਵਾਲੇ ਵਿਅਕਤੀਆਂ ਦੁਆਰਾ 21 ਬੱਚਿਆਂ ਨੂੰ ਗੋਦ ਲਿਆ ਗਿਆ ਹੈ। ਮੰਤਰੀ ਬਲਜੀਤ ਕੌਰ ਨੇ ਕਿਹਾ ਕਿ ਪਹਿਲਾਂ, ਰਾਜ ਵਿੱਚ ਸਿਰਫ 10 ਗੋਦ ਲੈਣ ਵਾਲੀਆਂ ਏਜੰਸੀਆਂ ਕੰਮ ਕਰ ਰਹੀਆਂ ਸਨ, ਜਿਸ ਕਾਰਨ ਪ੍ਰਕਿਰਿਆ ਵਿੱਚ ਦੇਰੀ ਹੋ ਰਹੀ ਸੀ ਅਤੇ ਜੋੜਿਆਂ ਲਈ ਮੁਸ਼ਕਲਾਂ ਪੈਦਾ ਹੋ ਰਹੀਆਂ ਸਨ। ਸਰਕਾਰ ਨੇ ਹੁਣ 16 ਨਵੀਆਂ ਗੋਦ ਲੈਣ ਵਾਲੀਆਂ ਏਜੰਸੀਆਂ ਸ਼ੁਰੂ ਕੀਤੀਆਂ ਹਨ। ਇਸਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕੋਈ ਵੀ ਬੱਚਾ ਮਾਪਿਆਂ ਦੇ ਪਿਆਰ ਤੋਂ ਵਾਂਝਾ ਨਾ ਰਹੇ। ਕੈਬਨਿਟ ਮੰਤਰੀ ਨੇ ਕਿਹਾ ਕਿ ਹਾਲ ਹੀ ਵਿੱਚ ਰਾਜ ਵਿੱਚ ਬੱਚਿਆਂ ਦੀ ਭੀਖ ਮੰਗਣ ਤੋਂ ਰੋਕਣ ਲਈ ਇੱਕ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਗਈ ਸੀ। ਇਸ ਮੁਹਿੰਮ ਦੌਰਾਨ, ਕਈ ਬੱਚਿਆਂ ਨੂੰ ਬਚਾਇਆ ਗਿਆ ਸੀ। ਹਾਲਾਂਕਿ, ਇਹ ਚਿੰਤਾ ਦਾ ਵਿਸ਼ਾ ਸੀ ਕਿ ਬਹੁਤ ਸਾਰੇ ਬੱਚਿਆਂ ਦੇ ਮਾਪੇ ਜਾਂ ਰਿਸ਼ਤੇਦਾਰ ਉਨ੍ਹਾਂ ਨੂੰ ਵਾਪਸ ਲੈਣ ਨਹੀਂ ਆਏ। ਜਿਵੇਂ-ਜਿਵੇਂ ਇਹ ਬੱਚੇ ਵੱਡੇ ਹੁੰਦੇ ਗਏ, ਉਨ੍ਹਾਂ ਦਾ ਭਵਿੱਖ ਹੋਰ ਵੀ ਸਵਾਲੀਆ ਹੁੰਦਾ ਜਾ ਰਿਹਾ ਸੀ।


ਦੇਗ ਤੇਗ ਫ਼ਤਹਿ
ਪੰਥ ਕੀ ਜੀਤ
ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਪਾਰਕ ਐਵਨਿਊ ਵਿਖੇ
ਮਹਾਨ ਸ਼ਹੀਦੀ ਸਮਾਗਮ
24 ਤੋਂ 26 ਜੁਲਾਈ 2026
ਅਰੰਭ
ਸ੍ਰੀ ਅਖੰਡਪਾਠ ਸਾਹਿਬ
24 ਜੁਲਾਈ 2026
ਭੋਗ
ਸ੍ਰੀ ਅਖੰਡਪਾਠ ਸਾਹਿਬ
26 ਜੁਲਾਈ 2026
ਸ਼ਹੀਦ ਸਿੰਘਾਂ ਦੀ ਯਾਦ ਵਿੱਚ
ਸ਼ਹੀਦ ਜਨਰਲ ਲਾਭ ਸਿੰਘ — ਮੁਖੀ ਖਾਲਿਸਤਾਨ ਕਮਾਂਡੋ ਫੋਰਸ
ਸ਼ਹੀਦ ਜਨਰਲ ਅਵਤਾਰ ਸਿੰਘ ਬ੍ਰਹਮਾ — ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
ਸ਼ਹੀਦ ਜਨਰਲ ਗੁਰਜੰਟ ਸਿੰਘ ਬੁੱਧਸਿੰਘ ਵਾਲਾ — ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
ਸ਼ਹੀਦ ਭਾਈ ਮਹਿੰਦਰ ਸਿੰਘ ਟੋਰਾਂਟੋ (ਕਨੇਡਾ)
ਸ਼ਹੀਦ ਭਾਈ ਸੁਖਦੇਵ ਸਿੰਘ ਬੱਬਰ — ਜਥੇਦਾਰ ਬੱਬਰ ਖਾਲਸਾ
ਸ਼ਹੀਦ ਭਾਈ ਰਸ਼ਪਾਲ ਸਿੰਘ ਛੰਦੜਾ — ਜਨਰਲ ਭਿੰਡਰਾਂ ਵਾਲਾ ਟਾਈਗਰ ਫੋਰਸ
ਸ਼ਹੀਦੀ ਸਮਾਗਮ
ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਵੇਰੇ 11 ਵਜੇ ਤੋਂ 1 ਵਜੇ ਤੱਕ ਦੀਵਾਨ ਸਜਾਏ ਜਾਣਗੇ।
ਪੰਥਕ ਬੁਲਾਰੇ ਸ਼ਹੀਦ ਸਿੰਘਾਂ ਦੀਆਂ ਜੀਵਨੀਆਂ ਬਾਰੇ ਆਪਣੇ ਵਿਚਾਰ ਦੇਣਗੇ।
ਸਮੂਹ ਪੰਥਕ ਆਗੂਆਂ ਨੂੰ ਸੱਦਾ ਦਿੱਤਾ ਜਾਂਦਾ ਹੈ।
ਸੰਗਤਾਂ ਨੂੰ ਵਧ-ਚੜ੍ਹ ਕੇ ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ।
ਸਿੱਖ ਫੈਡਰੇਸ਼ਨ, ਯੂ. ਕੇ.
ਪਰਮਿੰਦਰ ਸਿੰਘ ਬੱਲ — ਪ੍ਰਧਾਨ
ਅਜੀਤਪਾਲ ਸਿੰਘ ਸਹੋਤਾ — ਜਨਰਲ ਸਕੱਤਰ
ਹਰਮੇਲ ਸਿੰਘ ਖਾਲਸਾ — ਆਰਗੇਨਾਈਜ਼ਰ
ਟੈਲੀਫ਼ੋਨ: 07771608 363 | ਈ-ਮੇਲ: PSBAL46@gmail.com

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net




ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net


# ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ - ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ

ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470

ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137

ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ

ਸੰਪਰਕ ਨੰਬਰ 84278-66404

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ ਕੌਮ AWAZE QAUM
International Newspaper & WEB TV


ਸਿੱਖ ਪੰਥ ਦੇ ਮਹਾਨ ਵਿਦਵਾਨ
ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਜੀ
ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ
ਪ੍ਰਚਾਰ ਦੌਰੇ ਤੇ ਅਮਰੀਕਾ ਵਿਖੇ ਪਹੁੰਚ ਰਹੇ ਹਨ।
24 ਜੂਨ – 21 ਜੁਲਾਈ 2026
ਨਿਊ ਯਾਰਕ
ਨਿਊ ਜਰਸੀ
ਫਿਲਾਡੈਲਫੀਆ
ਇੰਡੀਆਨਾ
ਰਿਵਰਸਾਈਡ
ਬੇਕਰਸਫੀਲਡ
ਫਰਿਜ਼ਨੋ
ਟਰੇਸੀ
ਆਵਾਜ਼ਿ ਕੌਮ
AWAZE QAUM
International Newspaper & WEB TV
ਵਧੇਰੇ ਜ਼ਾਣਕਾਰੀ ਲਈ ਸੰਪਰਕ ਕਰੋ:
+1 209 740 1731
+1 209 624 6549
+1 209 624 91

# ਇੱਕ ਨਜ਼ਰ...



## ਡੈਂਗੂ, ਚਿਕਨਗੁਨੀਆ ਅਤੇ ਮਲੇਰੀਆ ਬੁਖਾਰ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ

ਧੂਰੀ, 15 ਜੁਲਾਈ (ਰਣਜੀਤ ਸਿੰਘ ਪੇਧਨੀ)- ਸਿਵਲ ਸਰਜਨ ਡਾ. ਅਮਰਜੀਤ ਕੌਰ ਜੀ ਦੇ ਦਿਸ਼ਾ ਨਿਰਦੇਸ਼ਾ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਰਮਨਦੀਪ ਕੌਰ ਜੀ ਅਤੇ ਐਸ ਐਮ ਓ ਡਾਕਟਰ ਜਸਦੀਪ ਸਿੰਘ ਜੀ ਦੀ ਯੋਗ ਅਗਵਾਈ ਅਤੇ ਅਸ਼ੋਕ ਕੁਮਾਰ ਐਸ ਆਈ ਦੀ ਸੁਪਰਵੀਜਨ ਵਿੱਚ ਸੈਕਟਰ ਕਾਂਝਲਾ ਆਧੀਨ ਆਉਂਦੇ ਪਿੰਡ ਬੇਨੜਾ ਵਿਖੇ ਟੀਮ ਮੈਂਬਰ ਅਮਰੀਕ ਸਿੰਘ ਮ,ਪ,ਹ,ਵ(ਮ) ਵੱਲੋਂ ਗਰਮੀ ਦੇ ਬਚਾਓ ਅਤੇ ਬਿਮਾਰੀਆਂ ਡੈਂਗੂ,ਚਿਕਨਗੁਨੀਆ,ਮਲੇਰੀਆ ਬੁਖਾਰ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਅਤੇ ਡੇਂਗੂ ਦਾ ਲਾਰਵਾ ਲੱਭਣ ਤੇ ਨਸ਼ਟ ਕਰਨ ਲਈ ਗਠਿਤ ਸਿਹਤ ਵਿਭਾਗ ਦੀਆਂ ਟੀਮ ਵੱਲੋਂ ਵੈਕਟਰ ਬੌਰਨ ਡਜ਼ੀਜ ਐਕਟੀਵਿਟੀ ਕੀਤੀ ਗਈ ਅਤੇ ਡੈਂਗੂ ਦੇ ਖ਼ਾਤਮੇ ਲਈ ਲਾਰਵੀਸਾਈਡ ਦੀ ਸਪਰੇਅ ਕਰਵਾਈ ਗਈ ਟੀਮ ਮੈਂਬਰ ਰਵਿੰਦਰ ਸਿੰਘ ਅਤੇ ਗੁਰਪ੍ਰੀਤ ਸਿੰਘ ਬਰੀਡ ਚੈਕਰ ਹਾਜਰ ਸਨ।

## ਪ੍ਰਧਾਨ ਮੰਤਰੀ ਦੀ ਜਲੰਧਰ ਫੇਰੀ ਨੂੰ ਲੈ ਕੇ ਪੰਜਾਬੀਆਂ 'ਚ ਖੁਸ਼ੀ ਦੀ ਲਹਿਰ: ਪ੍ਰੋ.ਓਂਕਾਰ ਸਿੰਘ ਸਿੱਧੂ



ਧੂਰੀ, 15 ਜੁਲਾਈ (ਰਣਜੀਤ ਸਿੰਘ ਪੇਧਨੀ)- ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ 17 ਜੁਲਾਈ ਨੂੰ ਜਲੰਧਰ ਛਾਉਣੀ ਵਿੱਚ ਨਵੀਨੀਕਰਨ ਕੀਤੇ ਗਏ ਆਧੁਨਿਕ ਰੇਲਵੇ ਸਟੇਸ਼ਨ ਦਾ ਉਦਘਾਟਨ ਕਰਨ ਲਈ ਜਲੰਧਰ ਆ ਰਹੇ ਹਨ। ਪ੍ਰਧਾਨ ਮੰਤਰੀ ਦੀ ਜਲੰਧਰ ਫੇਰੀ ਨੂੰ ਲੈ ਕੇ ਪੰਜਾਬੀ ਬੇਮਿਸਾਲ ਉਤਸ਼ਾਹ ਅਤੇ ਖੁਸ਼ੀ ਮਹਿਸੂਸ ਕਰ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਨੇ ਕੀਤਾ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੰਜਾਬ ਨਾਲ ਵਿਸ਼ੇਸ਼ ਲਗਾਅ ਹੈ, ਉਹ ਰਾਜਨੀਤੀ ਵਿੱਚ ਆਉਣ ਤੋਂ ਪਹਿਲਾਂ ਲੰਬੇ ਸਮੇਂ ਤੱਕ ਇੱਥੇ ਰਹਿ ਚੁੱਕੇ ਹਨ । ਉਨ੍ਹਾਂ ਕਿਹਾ ਕਿ ਇਹੀ ਕਾਰਨ ਹੈ ਕਿ ਵਿਰੋਧੀ ਧਿਰ ਦੇ ਝੂਠੇ ਪ੍ਰਚਾਰ ਦੇ ਬਾਵਜੂਦ, ਲੋਕਾਂ ਨੇ ਨਰਿੰਦਰ ਮੋਦੀ ਨੂੰ ਤੀਜੀ ਵਾਰ ਪ੍ਰਧਾਨ ਮੰਤਰੀ ਦੇ ਅਹੁਦੇ ਲਈ ਚੁਣਿਆ ਹੈ। ਹੁਣ, ਪੰਜਾਬ ਦੇ ਸੂਝਵਾਨ ਲੋਕ ਪਹਿਲੀ ਵਾਰ ਪੰਜਾਬ ਵਿੱਚ ਭਾਜਪਾ ਦੀ ਡਬਲ-ਇੰਜਣ ਸਰਕਾਰ ਬਣਾਉਣ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣਨ ਨਾਲ ਕਿਸਾਨ, ਮਜ਼ਦੂਰ, ਔਰਤਾਂ, ਨੌਜਵਾਨ, ਦੁਕਾਨਦਾਰ ਅਤੇ ਕਾਰੋਬਾਰੀ ਸਮੇਤ ਹਰ ਵਰਗ ਦੇ ਲੋਕ ਰਾਹਤ ਮਹਿਸੂਸ ਕਰਨਗੇ ਕਿਉਂਕਿ ਭਾਜਪਾ ਵਿਕਾਸ ਦਾ ਸਮਾਨਾਰਥੀ ਹੈ। ਭਾਜਪਾ ਦੀ ਸਰਕਾਰ ਬਣਨ ਨਾਲ, ਪੰਜਾਬ ਇੱਕ ਵਾਰ ਫਿਰ ਦੇਸ਼ ਦੇ ਨੰਬਰ ਇੱਕ ਰਾਜ ਵਜੋਂ ਆਪਣਾ ਦਰਜਾ ਪ੍ਰਾਪਤ ਕਰਨ ਲਈ ਤਿਆਰ ਹੋਵੇਗਾ। ਪ੍ਰਧਾਨ ਮੰਤਰੀ ਦਾ ਅਹੁਦਾ ਸੰਭਾਲਣ ਤੋਂ ਤੁਰੰਤ ਬਾਅਦ, ਨਰਿੰਦਰ ਮੋਦੀ ਨੇ ਕਈ ਲੋਕ ਭਲਾਈ ਯੋਜਨਾਵਾਂ ਸ਼ੁਰੂ ਕੀਤੀਆਂ, ਜਿਨ੍ਹਾਂ ਨੇ ਲੋਕਾਂ ਦੇ ਜੀਵਨ ਪੱਧਰ ਨੂੰ ਸੁਧਾਰਿਆ ਹੈ ਅਤੇ ਉਨ੍ਹਾਂ ਦੇ ਜੀਵਨ ਵਿੱਚ ਸਕਾਰਾਤਮਕ ਬਦਲਾਅ ਲਿਆਂਦੇ ਹਨ।

## ਨਵੇਂ ਫੀਸ ਰੈਗੂਲੇਸ਼ਨ ਕਾਨੂੰਨ ਨਾਲ ਮਾਪਿਆਂ ਨੂੰ ਮਿਲੇਗੀ ਵੱਡੀ ਰਾਹਤ : ਬਲਜੀਤ ਕੌਰ ਸੋਹੀ, ਅਮਰੀਕ ਸਿੰਘ ਸੋਹੀ





ਧੂਰੀ, 15 ਜੁਲਾਈ (ਰਣਜੀਤ ਸਿੰਘ ਪੇਧਨੀ)-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪ੍ਰਾਈਵੇਟ ਸਕੂਲਾਂ ਦੀਆਂ ਫੀਸਾਂ ਨੂੰ ਲੈ ਕੇ ਲਿਆ ਗਿਆ ਨਵਾਂ ਫ਼ੈਸਲਾ ਮਾਪਿਆਂ ਲਈ ਰਾਹਤ ਭਰਿਆ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬਲਜੀਤ ਕੌਰ ਪਤਨੀ ਸਮਾਜ ਸੇਵੀ ਅਮਰੀਕ ਸਿੰਘ ਸੋਹੀ ਚੇਅਰਪਰਸਨ ਵੇਰਕਾ ਮਿਲਕ ਪਲਾਂਟ ਸੰਗਰੂਰ ਨੇ ਕੀਤਾ। ਉਨ੍ਹਾਂ ਕਿਹਾ ਕਿ ਨਵੇਂ ਫੀਸ ਰੈਗੂਲੇਸ਼ਨ ਕਾਨੂੰਨ ਨਾਲ ਸਕੂਲ ਹੁਣ ਨਿਰਧਾਰਿਤ ਨਿਯਮਾਂ ਅਨੁਸਾਰ ਹੀ ਫੀਸਾਂ ਵਿੱਚ ਵਾਧਾ ਕਰ ਸਕਣਗੇ। ਉਨ੍ਹਾਂ ਕਿਹਾ ਕਿ ਪਿਛਲੇ ਤਿੰਨ ਸਾਲਾਂ ਦੌਰਾਨ 15 ਫੀਸਦੀ ਤੋਂ ਵੱਧ ਫੀਸ ਵਧਾਉਣ ਵਾਲੇ ਸਕੂਲਾਂ ਨੂੰ ਵਾਧੂ ਵਸੂਲੀ ਗਈ ਰਕਮ ਇੱਕ ਮਹੀਨੇ ਦੇ ਅੰਦਰ ਮਾਪਿਆਂ ਨੂੰ ਵਾਪਸ ਕਰਨੀ ਪਵੇਗੀ। ਇਸ ਸਬੰਧੀ ਹਰ ਜ਼ਿਲ੍ਹੇ ਵਿੱਚ ਡਿਪਟੀ ਕਮਿਸ਼ਨਰ ਦੀ ਅਗਵਾਈ ਹੇਠ ਫੀਸ ਰੈਗੂਲੇਟਰੀ ਕਮੇਟੀ ਬਣਾਈ ਜਾਵੇਗੀ, ਜੋ ਸ਼ਿਕਾਇਤਾਂ ਦੀ ਜਾਂਚ ਕਰੇਗੀ ਅਤੇ ਲੋੜ ਪੈਣ 'ਤੇ ਕਾਰਵਾਈ ਕਰੇਗੀ। ਉਨ੍ਹਾਂ ਕਿਹਾ ਕਿ ਨਵੇਂ ਕਾਨੂੰਨ ਅਨੁਸਾਰ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਸਕੂਲਾਂ ਖਿਲਾਫ਼ ਜੁਰਮਾਨੇ ਦਾ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪਹਿਲੀ ਵਾਰ 50 ਹਜ਼ਾਰ ਰੁਪਏ, ਦੂਜੀ ਵਾਰ ਇੱਕ ਲੱਖ ਰੁਪਏ ਜੁਰਮਾਨਾ ਲੱਗੇਗਾ, ਜਦਕਿ ਵਾਰ-ਵਾਰ ਨਿਯਮ ਤੋੜਨ 'ਤੇ ਮਾਨਤਾ ਰੱਦ ਕਰਨ ਦੀ ਕਾਰਵਾਈ ਵੀ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਇਸ ਫ਼ੈਸਲੇ ਨਾਲ ਪੰਜਾਬ ਦੇ ਹਜ਼ਾਰਾਂ ਪ੍ਰਾਈਵੇਟ ਸਕੂਲਾਂ ਵਿੱਚ ਪੜ੍ਹ ਰਹੇ ਲੱਖਾਂ ਵਿਦਿਆਰਥੀਆਂ ਦੇ ਪਰਿਵਾਰਾਂ ਨੂੰ ਫ਼ਾਇਦਾ ਮਿਲੇਗਾ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਸਿੱਖਿਆ ਖੇਤਰ ਵਿੱਚ ਪਾਰਦਰਸ਼ਤਾ ਲਿਆਉਣਾ ਅਤੇ ਮਾਪਿਆਂ 'ਤੇ ਬੇਲੋੜਾ ਆਰਥਿਕ ਬੋਝ ਘਟਾਉਣਾ ਹੈ।

# ਕਰਤਾਰਪੁਰ ਸਾਹਿਬ ਕੌਰੀਡੋਰ ਖੋਲ੍ਹਣ ਲਈ ਦੋਵੇਂ ਸਰਕਾਰਾਂ ਭਾਰਤ-ਪਾਕਿਸਤਾਨ ਤੁਰੰਤ ਕਦਮ ਚੁੱਕਣ: ਮਨਜੀਤ ਸਿੰਘ ਭੋਮਾ

## ਪਾਕਿਸਤਾਨ ਦੇ ਸਿੱਖ ਵੀ ਪਾਕਿਸਤਾਨ ਸਰਹੱਦ ਤੇ ਅਰਦਾਸ ਸ਼ੁਰੂ ਕਰਨ !







ਡੇਰਾ ਬਾਬਾ ਨਾਨਕ, 15 ਜੁਲਾਈ (ਆਵਾਜ਼ਿ ਕੌਮ ਬਿਊਰੋ)- ਸ੍ਰੀ ਕਰਤਾਰਪੁਰ ਸਾਹਿਬ ਕੌਰੀਡੋਰ ਲਾਂਘਾ ਮੁੜ ਖੋਲ੍ਹਣ ਦੀ ਮੰਗ ਨੂੰ ਲੈ ਕੇ ਸਿੱਖ ਸੰਗਤਾਂ ਵੱਲੋਂ ਮਹੀਨੇਵਾਰ ਅਰਦਾਸ ਕੀਤੀ ਗਈ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਾਈ ਮਨਜੀਤ ਸਿੰਘ ਭੋਮਾ ਨੇ ਕਿਹਾ ਕਿ ਭਾਰਤ ਅਤੇ ਪਾਕਿਸਤਾਨ ਦੀਆਂ ਸਰਕਾਰਾਂ ਨੂੰ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਸ੍ਰੀ ਕਰਤਾਰਪੁਰ ਸਾਹਿਬ ਕਾਰੀਡੋਰ ਨੂੰ ਤੁਰੰਤ ਖੋਲ੍ਹਣਾ ਚਾਹੀਦਾ ਹੈ, ਤਾਂ ਜੋ ਸਿੱਖ ਸੰਗਤਾਂ ਆਪਣੇ ਗੁਰੂ ਘਰ ਦੇ ਖੁੱਲ੍ਹੇ ਦਰਸ਼ਨ-ਦੀਦਾਰ ਕਰ ਸਕਣ। ਸਿੱਖ ਆਗੂ ਭਾਈ ਸੁਰਿੰਦਰ ਪਾਲ ਸਿੰਘ ਤਾਲਬਪੁਰਾ ਨੇ ਕਿਹਾ ਕਿ ਜਿੱਥੇ ਭਾਰਤ ਵਾਲੇ ਪਾਸੇ ਸਿੱਖ ਸੰਗਤਾਂ ਵੱਲੋਂ ਹਰ ਮਹੀਨੇ ਅਰਦਾਸ ਕੀਤੀ ਜਾਂਦੀ ਹੈ, ਉੱਥੇ ਹੀ ਪਾਕਿਸਤਾਨ ਵਿੱਚ ਵੱਸਦੇ ਸਿੱਖ ਵੀ ਕਰਤਾਰਪੁਰ ਸਾਹਿਬ ਵਾਲੇ ਪਾਸੇ ਅਰਦਾਸ ਕਰਨ, ਤਾਂ ਜੋ ਦੋਵੇਂ ਦੇਸ਼ਾਂ ਦੀਆਂ ਸਰਕਾਰਾਂ 'ਤੇ ਕਾਰੀਡੋਰ ਮੁੜ ਖੋਲ੍ਹਣ ਲਈ ਨੈਤਿਕ ਦਬਾਅ ਬਣੇ। ਉਨ੍ਹਾਂ ਕਿਹਾ ਕਿ ਸ੍ਰੀ ਕਰਤਾਰਪੁਰ ਸਾਹਿਬ ਕੌਰੀਡੋਰ ਖੋਲ੍ਹਣ ਲਈ ਸਮੁੱਚੇ ਪੰਥ ਨੂੰ ਇੱਕਜੁੱਟ ਹੋਣਾ ਚਾਹੀਦਾ ਹੈ। ਭਾਈ ਸਰਬਜੀਤ ਸਿੰਘ ਜੰਮੂ ਨੇ ਕਿਹਾ ਕਿ ਹਰ ਮਹੀਨੇ ਹੋਣ ਵਾਲੇ ਅਰਦਾਸ ਦਿਵਸ ਵਿੱਚ ਵੱਧ ਤੋਂ ਵੱਧ ਸਿੱਖ ਸੰਗਤਾਂ ਨੂੰ ਸ਼ਾਮਲ ਹੋ ਕੇ ਗੁਰੂ ਚਰਨਾਂ ਵਿੱਚ ਅਰਦਾਸ ਕਰਨੀ ਚਾਹੀਦੀ ਹੈ, ਤਾਂ ਜੋ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਮੁੜ ਸ਼ੁਰੂ ਹੋਣ। ਇਸ ਮੌਕੇ ਸ ਸੁਖਜਿੰਦਰ ਸਿੰਘ ਮਜੀਠਾ , ਰਵਿੰਦਰ ਸਿੰਘ ਮਜੀਠਾ, ਪਰਮਜੀਤ ਸਿੰਘ ਪੰਮਾ ਪ੍ਰਧਾਨ ਭਾਈ ਰਜਵੰਤ ਸਿੰਘ ਮਹਿਲਾਂਵਾਲਾ, ਗੁਰਪ੍ਰੀਤ ਸਿੰਘ ਬਟਾਲਾ, ਡਾਕਟਰ ਤਰਲੋਚਨ ਸਿੰਘ ਵਡਾਲਾ , ਮਲਕੀਤ ਸਿੰਘ ਪੰਨੂ, ਮਨਜੋਤ ਸਿੰਘ ਪੁਰੇਵਾਲ, ਸਰਤਾਜਪ੍ਰੀਤ ਸਿੰਘ ਭੰਗੂ, ਹਰਦੀਪ ਸਿੰਘ ਸਰਪੰਚ, ਜਸਪਾਲ ਸਿੰਘ ਪੱਸ਼ੀਆ, ਸੁੱਚਾ ਸਿੰਘ ਜੱਟਾ, ਮੰਗਲ ਸਿੰਘ ਮਾਛੀਵਾਲਾ, ਗੁਰਬੀਰ ਸਿੰਘ ਦੁਧਰਾਏ, ਗੁਰਪ੍ਰੀਤ ਸਿੰਘ ਗੱਗੋਮਾਹਲ ,ਕੁਲਦੀਪ ਸਿੰਘ ਮਜੀਠਾ, ਜਥੇਦਾਰ ਦੀਦਾਰ ਸਿੰਘ ਚੌਧਰਪੁਰਾ, ਦਲਜੀਤ ਸਿੰਘ ਪਾਖਰਪੁਰਾ, ਮਨਬੀਰ ਸਿੰਘ ਦਾਬਾਂਵਾਲ, ਡਾ. ਤਰਲੋਚਨ ਸਿੰਘ ਵਡਾਲਾ, ਅਜ਼ਾਦ ਸਿੰਘ ਵੀਰਮ , ਨਿਸ਼ਾਨ ਸਿੰਘ , ਸਰਣਜੀਤ ਸਿੰਘ ਅਤੇ ਹੋਰ ਪੰਥਕ ਆਗੂ ਹਾਜ਼ਰ ਸਨ।

# ਲੰਡਨ ਦੇ ਹਿਲਿੰਗਡਨ ਬ੍ਰਾਰੋ ਦੇ ਹੇਜ਼ ਇਲਾਕੇ ਵਿੱਚ ਤਰਨਤਾਰਨ ਦੀ 24 ਸਾਲਾ ਸਿੱਖ ਮੁਟਿਆਰ ਕਿਰਨਦੀਪ ਕੌਰ ਦਾ ਚਾਕੂ ਮਾਰ ਕੇ ਕਤਲ, ਇੱਕ ਨੌਜਵਾਨ ਗੰਭੀਰ ਜ਼ਖ਼ਮੀ

## ਚਾਰ ਮਹੀਨੇ ਦਾ ਮਾਸੂਮ ਬੱਚਾ ਮਾਂ ਤੋਂ ਵਾਂਝਾ, ਮ੍ਰਿਤਕ ਦੇਹ ਪੰਜਾਬ ਲਿਆਉਣ ਲਈ ਪਰਿਵਾਰ ਵੱਲੋਂ ਯਤਨ ਜਾਰੀ



ਲੰਡਨ, 15 ਜੁਲਾਈ (ਸਰਬਜੀਤ ਸਿੰਘ ਬਨੂੜ)- ਲੰਡਨ ਦੇ ਹਿਲਿੰਗਡਨ ਬਾਰੋ ਅਧੀਨ ਆਉਂਦੇ ਹੇਜ਼ ਇਲਾਕੇ ਵਿੱਚ ਵਾਪਰੀ ਇੱਕ ਦਿਲ ਦਹਿਲਾ ਦੇਣ ਵਾਲੀ ਘਟਨਾ ਦੌਰਾਨ ਪੰਜਾਬ ਦੇ ਤਰਨਤਾਰਨ ਜ਼ਿਲ੍ਹੇ ਦੇ ਪਿੰਡ ਪਿੱਦੀ ਦੀ ਰਹਿਣ ਵਾਲੀ 24 ਸਾਲਾ ਸਿੱਖ ਮੁਟਿਆਰ ਕਿਰਨਦੀਪ ਕੌਰ ਦਾ ਚਾਕੂਆਂ ਦੇ ਵਾਰ ਕਰਕੇ ਕਤਲ ਕਰ ਦਿੱਤਾ ਗਿਆ, ਜਦਕਿ ਇੱਕ ਹੋਰ ਨੌਜਵਾਨ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਪੁਲਸ ਅਨੁਸਾਰ ਜ਼ਖ਼ਮੀ ਦੀ ਹਾਲਤ ਸਥਿਰ ਹੈ ਅਤੇ ਉਹ ਹਸਪਤਾਲ ਵਿੱਚ ਇਲਾਜ ਅਧੀਨ ਹੈ। ਮਿਲੀ ਜਾਣਕਾਰੀ ਅਨੁਸਾਰ ਕਿਰਨਦੀਪ ਕੌਰ ਕਰੀਬ ਦੋ ਸਾਲ ਪਹਿਲਾਂ ਸਟੂਡੈਂਟ ਵੀਜ਼ੇ 'ਤੇ ਯੂਨਾਈਟਿਡ ਕਿੰਗਡਮ ਆਈ ਸੀ ਅਤੇ ਬਾਅਦ ਵਿੱਚ ਵਰਕ ਪਰਮਿਟ 'ਤੇ ਕੰਮ ਕਰ ਰਹੀ ਸੀ। ਦਿਲ ਨੂੰ ਝੰਝੋੜ ਦੇਣ ਵਾਲੀ ਇਸ ਘਟਨਾ ਵਿੱਚ ਕਿਰਨਦੀਪ ਕੌਰ ਆਪਣੇ ਪਿੱਛੇ ਸਿਰਫ਼ ਚਾਰ ਮਹੀਨੇ ਦਾ ਮਾਸੂਮ ਬੱਚਾ ਛੱਡ ਗਈ ਹੈ, ਜੋ ਹੁਣ ਮਾਂ ਦੇ ਪਿਆਰ ਤੋਂ ਸਦਾ ਲਈ ਵਾਂਝਾ ਹੋ ਗਿਆ ਹੈ। ਇਸ ਦਿਲ ਦਹਿਲਾ ਦੇਣ ਵਾਲੀ ਘਟਨਾ ਤੋਂ ਬਾਅਦ ਹੇਜ਼ ਅਤੇ ਆਸ-ਪਾਸ ਦੇ ਸਿੱਖ ਭਾਈਚਾਰੇ ਵਿੱਚ ਸੋਗ ਅਤੇ ਚਿੰਤਾ ਦਾ ਮਾਹੌਲ ਹੈ। ਖ਼ਾਸ ਕਰਕੇ ਸਿੱਖ ਅਬਾਦੀ ਵਾਲੇ ਇਲਾਕਿਆਂ ਵਿੱਚ ਲੋਕ ਇਸ ਘਟਨਾ ਨੂੰ ਲੈ ਕੇ ਸਦਮੇ ਵਿੱਚ ਹਨ ਅਤੇ ਆਪਣੀ ਸੁਰੱਖਿਆ ਨੂੰ ਲੈ ਕੇ ਵੀ ਚਿੰਤਾ ਪ੍ਰਗਟ ਕਰ ਰਹੇ ਹਨ। ਉੱਧਰ, ਕਿਰਨਦੀਪ ਕੌਰ ਦੇ ਚਾਰ ਮਹੀਨੇ ਦੇ ਮਾਸੂਮ ਬੱਚੇ ਦੇ ਮਾਂ ਤੋਂ ਵਾਂਝੇ ਹੋ ਜਾਣ ਦੀ ਖ਼ਬਰ ਨੇ ਹਰ ਕਿਸੇ ਨੂੰ ਭਾਵੁਕ ਕਰ ਦਿੱਤਾ ਹੈ। ਇਸ ਦੁਖਦਾਈ ਘਟਨਾ ਨਾਲ ਪਰਿਵਾਰ, ਰਿਸ਼ਤੇਦਾਰਾਂ ਅਤੇ ਪੰਜਾਬ ਦੇ ਪਿੰਡ ਪਿੱਦੀ ਵਿੱਚ ਸੋਗ ਦੀ ਲਹਿਰ ਛਾਈ ਹੋਈ ਹੈ। ਇਸੇ ਦੌਰਾਨ ਪਰਿਵਾਰਕ ਮੈਂਬਰਾਂ ਵੱਲੋਂ ਕਿਰਨਦੀਪ ਕੌਰ ਦੀ ਮ੍ਰਿਤਕ ਦੇਹ ਨੂੰ ਅੰਤਿਮ ਸੰਸਕਾਰ ਲਈ ਪੰਜਾਬ ਲਿਆਉਣ ਵਾਸਤੇ ਬਰਤਾਨੀਆ ਵਿੱਚ ਲੋੜੀਂਦੀਆਂ ਕਾਨੂੰਨੀ ਅਤੇ ਕੌਂਸਲਰ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ। ਪਰਿਵਾਰ ਵੱਲੋਂ ਸਬੰਧਤ ਅਧਿਕਾਰੀਆਂ ਨਾਲ ਲਗਾਤਾਰ ਸੰਪਰਕ ਕੀਤਾ ਜਾ ਰਿਹਾ ਹੈ ਤਾਂ ਜੋ ਮ੍ਰਿਤਕ ਦੇਹ ਨੂੰ ਜਲਦੀ ਤੋਂ ਜਲਦੀ ਵਤਨ ਲਿਆਂਦਾ ਜਾ ਸਕੇ। ਮੈਟਰੋਪੋਲਿਟਨ ਪੁਲਸ ਨੇ ਇਸ ਮਾਮਲੇ ਵਿੱਚ 44 ਸਾਲਾ ਡੈਨੀਅਲ ਸੀਨ ਜੇਮਜ਼ ਨੂੰ ਕਤਲ, ਕਤਲ ਦੀ ਕੋਸ਼ਿਸ਼ ਅਤੇ ਧਾਰਦਾਰ ਹਥਿਆਰ ਰੱਖਣ ਦੇ ਦੋਸ਼ਾਂ ਹੇਠ ਚਾਰਜ ਕੀਤਾ ਹੈ। ਪੁਲਸ ਅਨੁਸਾਰ ਘਟਨਾ 12 ਜੁਲਾਈ ਦੀ ਸਵੇਰ ਕਰੀਬ 7:55 ਵਜੇ ਉਕਸਬ੍ਰਿਜ ਰੋਡ, ਹੇਜ਼ ਸਥਿਤ ਇੱਕ ਰਿਹਾਇਸ਼ 'ਤੇ ਵਾਪਰੀ। ਮਾਮਲੇ ਦੀ ਜਾਂਚ ਜਾਰੀ ਹੈ।

# ਪੰਜਾਬ 'ਚ ਮੁੜ ਬਣੇਗੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ: ਚੇਅਰਮੈਨ ਘੁੱਲੀ



ਧੂਰੀ, 15 ਜੁਲਾਈ (ਰਣਜੀਤ ਸਿੰਘ ਪੇਧਨੀ)- ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੇ ਹਰ ਵਰਗ ਦੀ ਭਲਾਈ ਲਈ ਇਤਿਹਾਸਕ ਅਤੇ ਲੋਕ-ਪੱਖੀ ਫ਼ੈਸਲੇ ਕੀਤੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮੁੱਖ ਮੰਤਰੀ ਦਫ਼ਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕੀਤਾ। ਉਨ੍ਹਾਂ ਕਿਹਾ ਕਿ ਸਰਕਾਰ ਨੇ ਸਿੱਖਿਆ, ਸਿਹਤ, ਕਿਸਾਨੀ, ਬਿਜਲੀ, ਰੋਜ਼ਗਾਰ, ਮਹਿਲਾ ਭਲਾਈ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਦੇ ਖੇਤਰ ਵਿੱਚ ਮਹੱਤਵਪੂਰਨ ਕੰਮ ਕੀਤੇ ਹਨ, ਜਿਨ੍ਹਾਂ ਦਾ ਲਾਭ ਲੱਖਾਂ ਪੰਜਾਬੀਆਂ ਤੱਕ ਪਹੁੰਚ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੀ ਦਿੱਖ ਅਤੇ ਪੜ੍ਹਾਈ ਦੇ ਮਿਆਰ ਨੂੰ ਸੁਧਾਰਨ ਲਈ ਵੱਡੇ ਪੱਧਰ 'ਤੇ ਕੰਮ ਕੀਤਾ ਗਿਆ ਹੈ। ਸਕੂਲ ਆਫ਼ ਐਮੀਨੈਂਸ ਦੀ ਸਥਾਪਨਾ, ਸਕੂਲਾਂ ਵਿੱਚ ਆਧੁਨਿਕ ਸਹੂਲਤਾਂ, ਨਵੇਂ ਕਲਾਸਰੂਮ ਅਤੇ ਵਿਦਿਆਰਥੀਆਂ ਲਈ ਬਿਹਤਰ ਸਿੱਖਿਆ ਪ੍ਰਬੰਧ ਯਕੀਨੀ ਬਣਾਏ ਗਏ ਹਨ। ਇਸੇ ਤਰ੍ਹਾਂ ਆਮ ਆਦਮੀ ਕਲੀਨਿਕਾਂ ਰਾਹੀਂ ਲੋਕਾਂ ਨੂੰ ਮੁਫ਼ਤ ਇਲਾਜ, ਦਵਾਈਆਂ ਅਤੇ ਟੈਸਟਾਂ ਦੀ ਸਹੂਲਤ ਮਿਲ ਰਹੀ ਹੈ, ਜਿਸ ਨਾਲ ਆਮ ਲੋਕਾਂ ਦੇ ਸਿਹਤ ਖਰਚੇ ਵਿੱਚ ਕਾਫ਼ੀ ਕਮੀ ਆਈ ਹੈ। ਵਿਧਾਇਕ ਡਿੰਪੀ ਢਿੱਲੋਂ ਨੇ ਕਿਹਾ ਕਿ ਸਰਕਾਰ ਵੱਲੋਂ ਘਰੇਲੂ ਖਪਤਕਾਰਾਂ ਨੂੰ 600 ਯੂਨਿਟ ਤੱਕ ਮੁਫ਼ਤ ਬਿਜਲੀ, ਭ੍ਰਿਸ਼ਟਾਚਾਰ ਵਿਰੁੱਧ ਸਖ਼ਤ ਕਾਰਵਾਈ, ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ, ਨਸ਼ਿਆਂ ਵਿਰੁੱਧ ਮੁਹਿੰਮ, ਪਿੰਡਾਂ ਅਤੇ ਸ਼ਹਿਰਾਂ ਵਿੱਚ ਵਿਕਾਸ ਕਾਰਜ, ਸੜਕਾਂ ਅਤੇ ਹੋਰ ਬੁਨਿਆਦੀ ਸਹੂਲਤਾਂ ਦੇ ਵਿਸਥਾਰ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਵਿੱਚ ਪਾਰਦਰਸ਼ੀ ਅਤੇ ਜਵਾਬਦੇਹ ਪ੍ਰਸ਼ਾਸਨ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਦੀ ਦਿਸ਼ਾ ਵਿੱਚ ਲਗਾਤਾਰ ਕੰਮ ਕੀਤਾ ਹੈ ਅਤੇ ਵਿਕਾਸ ਦੀ ਇਹ ਰਫ਼ਤਾਰ ਆਉਣ ਵਾਲੇ ਸਮੇਂ ਵਿੱਚ ਹੋਰ ਤੇਜ਼ ਹੋਵੇਗੀ। ਪੰਜਾਬ ਦੇ ਲੋਕ ਸਰਕਾਰ ਦੀ ਕਾਰਗੁਜ਼ਾਰੀ ਤੋਂ ਸੰਤੁਸ਼ਟ ਹਨ ਅਤੇ ਇਸੇ ਭਰੋਸੇ ਦੇ ਆਧਾਰ 'ਤੇ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਮੁੜ ਆਮ ਆਦਮੀ ਪਾਰਟੀ ਦੀ ਸਰਕਾਰ ਭਾਰੀ ਬਹੁਮਤ ਨਾਲ ਬਣੇਗੀ। ਇਸ ਮੌਕੇ ਸਰਪੰਚ ਭਗਵਾਨ ਸਿੰਘ ਭਲਵਾਨ, ਹਰਪਰੀਤ ਸਿੰਘ ਭਲਵਾਨ, ਬਿਲਾਲ ਖਾਂ, ਨਿਰਮਲ ਸਿੰਘ ਭਲਵਾਨ, ਉੱਘੇ ਸਮਾਜ ਸੇਵੀ, ਨੌਜਵਾਨ ਦਿਲਾਂ ਦੀ ਧੜਕਨ ਚੀਨੂ ਧੀਰ ਚਾਹਤ, ਮਾਨਾ ਗਰੇਵਲ , ਭਿੰਦਾ ਵਿਰਕ ਹਾਜ਼ਰ ਸਨ।

# ਇੱਕ ਨਜ਼ਰ...




## ਬਰਤਾਨੀਆ 'ਚ ਸਿੱਖ ਵਿਰੋਧੀ ਨਫ਼ਰਤੀ ਅਪਰਾਧਾਂ 'ਚ ਭਾਰੀ ਵਾਧਾ, ਸਰਕਾਰ ਦੀ ਚੁੱਪੀ ਖ਼ਿਲਾਫ਼ ਸੰਸਦ 'ਚ ਉੱਠੇਗੀ ਆਵਾਜ਼


### 24 ਸਾਲਾ ਸਿੱਖ ਮਾਤਾ ਕਿਰਨਦੀਪ ਕੌਰ ਦੇ ਕਤਲ ਤੋਂ ਬਾਅਦ ਸਿੱਖ ਭਾਈਚਾਰੇ 'ਚ ਰੋਸ, ਸਰਵੇਖਣ ਨੇ ਚਿੰਤਾਜਨਕ ਹਾਲਾਤ ਕੀਤੇ ਬੇਨਕਾਬ

ਨਵੀਂ ਦਿੱਲੀ, 15 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਬਰਤਾਨੀਆ ਵਿੱਚ ਪਿਛਲੇ ਦੋ ਮਹੀਨਿਆਂ ਦੌਰਾਨ ਸਿੱਖ ਵਿਰੋਧੀ ਨਫ਼ਰਤੀ ਅਪਰਾਧਾਂ ਵਿੱਚ ਹੋਏ ਵੱਡੇ ਵਾਧੇ ਅਤੇ ਸਰਕਾਰ ਦੀ ਚੁੱਪੀ ਖ਼ਿਲਾਫ਼ ਸਿੱਖ ਭਾਈਚਾਰਾ 15 ਜੁਲਾਈ ਨੂੰ ਸੰਸਦ ਵਿੱਚ ਸੰਸਦ ਮੈਂਬਰਾਂ ਕੋਲ ਇਹ ਮੁੱਦਾ ਉਠਾਏਗਾ। ਇਸ ਦੌਰਾਨ ਪੱਛਮੀ ਲੰਡਨ ਦੇ ਹੇਜ਼ ਇਲਾਕੇ ਵਿੱਚ 24 ਸਾਲਾ ਸਿੱਖ ਮਾਤਾ ਕਿਰਨਦੀਪ ਕੌਰ ਦੀ ਚਾਕੂ ਮਾਰ ਕੇ ਹੱਤਿਆ ਤੋਂ ਬਾਅਦ ਭਾਈਚਾਰੇ ਵਿੱਚ ਗਹਿਰੀ ਚਿੰਤਾ ਹੈ। ਸਿੱਖ ਫੈਡਰੇਸ਼ਨ ਯੂਕੇ ਦੇ ਦਬਿੰਦਰਜੀਤ ਸਿੰਘ ਓਬੀਈ ਨੇ ਦੋਸ਼ ਲਾਇਆ ਕਿ ਕੀਅਰ ਸਟਾਰਮਰ ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਬਾਅਦ ਵੀ ਸਿੱਖ ਵਿਰੋਧੀ ਨਫ਼ਰਤੀ ਅਪਰਾਧਾਂ ਨੂੰ ਗੰਭੀਰਤਾ ਨਾਲ ਨਹੀਂ ਲਿਆ ਅਤੇ ਕਿਰਪਾਨ ਬਾਰੇ ਫੈਲਾਈ ਜਾ ਰਹੀ ਗਲਤ ਧਾਰਨਾ ਨੂੰ ਰੋਕਣ ਲਈ ਕੋਈ ਪ੍ਰਭਾਵਸ਼ਾਲੀ ਕਦਮ ਨਹੀਂ ਚੁੱਕਿਆ। ਸਿੱਖ ਫੈਡਰੇਸ਼ਨ ਯੂਕੇ ਵੱਲੋਂ ਇੱਕ ਹਜ਼ਾਰ ਤੋਂ ਵੱਧ ਸਿੱਖਾਂ ਵਿੱਚ ਕਰਵਾਏ ਗਏ ਸਰਵੇਖਣ ਅਨੁਸਾਰ 40 ਫ਼ੀਸਦੀ ਲੋਕਾਂ ਨੇ ਦੱਸਿਆ ਕਿ ਉਹ ਮਈ ਦੇ ਮੱਧ ਤੋਂ ਬਾਅਦ ਨਫ਼ਰਤੀ ਘਟਨਾਵਾਂ ਦਾ ਸ਼ਿਕਾਰ ਹੋਏ ਜਾਂ ਗਵਾਹ ਬਣੇ ਹਨ, ਜਦਕਿ 90 ਫ਼ੀਸਦੀ ਨੇ ਅਜਿਹੀਆਂ ਘਟਨਾਵਾਂ ਵਿੱਚ ਵਾਧੇ ਦੀ ਪੁਸ਼ਟੀ ਕੀਤੀ। 53 ਫ਼ੀਸਦੀ ਲੋਕਾਂ ਨੇ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰਨ ਦੀ ਗੱਲ ਕਹੀ ਅਤੇ 84 ਫ਼ੀਸਦੀ ਨੇ ਦੱਸਿਆ ਕਿ ਉਨ੍ਹਾਂ ਨੂੰ ਆਪਣੀ ਰੋਜ਼ਾਨਾ ਦੀ ਜ਼ਿੰਦਗੀ ਵਿੱਚ ਸੁਰੱਖਿਆ ਲਈ ਵਾਧੂ ਸਾਵਧਾਨੀਆਂ ਵਰਤਣੀਆਂ ਪੈ ਰਹੀਆਂ ਹਨ। ਜ਼ਿਆਦਾਤਰ ਮਾਮਲੇ ਮੌਖਿਕ ਦੁਰਵਿਵਹਾਰ, ਧਮਕੀਆਂ, ਆਨਲਾਈਨ ਨਫ਼ਰਤ ਅਤੇ ਕੁਝ ਮਾਮਲਿਆਂ ਵਿੱਚ ਸਰੀਰਕ ਹਮਲਿਆਂ ਨਾਲ ਸਬੰਧਤ ਸਨ। ਦਬਿੰਦਰਜੀਤ ਸਿੰਘ ਨੇ ਕਿਹਾ ਕਿ ਸਰਕਾਰ ਅਤੇ ਗ੍ਰਹਿ ਮੰਤਰਾਲੇ ਨੇ ਭਾਈਚਾਰੇ ਦੀਆਂ ਲਗਾਤਾਰ ਚੇਤਾਵਨੀਆਂ ਨੂੰ ਅਣਡਿੱਠਾ ਕੀਤਾ ਹੈ, ਜਿਸ ਕਾਰਨ ਹੁਣ ਸੰਸਦ ਮੈਂਬਰਾਂ ਨੂੰ ਸਿੱਧੇ ਤੌਰ 'ਤੇ ਦਖ਼ਲ ਦੇਣ ਲਈ ਅਪੀਲ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਿੱਖ ਭਾਈਚਾਰਾ ਉਮੀਦ ਕਰਦਾ ਹੈ ਕਿ ਸਰਕਾਰ ਸਿੱਖ ਵਿਰੋਧੀ ਨਫ਼ਰਤੀ ਅਪਰਾਧਾਂ ਨੂੰ ਹੋਰ ਨਸਲੀ ਅਤੇ ਧਾਰਮਿਕ ਨਫ਼ਰਤੀ ਅਪਰਾਧਾਂ ਦੇ ਬਰਾਬਰ ਗੰਭੀਰਤਾ ਨਾਲ ਲੈਂਦਿਆਂ ਪ੍ਰਭਾਵਸ਼ਾਲੀ ਕਾਰਵਾਈ ਕਰੇਗੀ।

## ਝੂਠੇ ਪ੍ਰਚਾਰ ਨਾਲ ਪੰਜਾਬ ਦਾ ਮਾਹੌਲ ਖ਼ਰਾਬ ਕਰਨਾ ਬੰਦ ਕਰਨ ਰਵਨੀਤ ਬਿੱਟੂ: ਸੰਤ ਮੀਤ ਸਿੰਘ

ਨਵੀਂ ਦਿੱਲੀ, 15 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਵੱਲੋਂ ਵਾਰਡ ਨੰਬਰ 32 (ਜਨਕਪੁਰੀ) ਦੇ ਚੋਣ ਉਮੀਦਵਾਰ ਸਰਦਾਰ ਸੰਤ ਮੀਤ ਸਿੰਘ ਨੇ ਕੇਂਦਰੀ ਰਾਜ ਮੰਤਰੀ ਰਵਨੀਤ





ਸਿੰਘ ਬਿੱਟੂ ਦੇ ਹਾਲੀਆ ਬਿਆਨਾਂ ਦੀ ਸਖ਼ਤ ਨਿੰਦਾ ਕਰਦਿਆਂ ਕਿਹਾ ਕਿ ਬਿਨਾਂ ਕਿਸੇ ਪ੍ਰਮਾਣਿਤ ਸਬੂਤ ਦੇ "35 ਹਜ਼ਾਰ ਹਿੰਦੂਆਂ ਦੇ ਕਤਲ" ਵਰਗੇ ਦਾਅਵੇ ਕਰਕੇ ਉਹ ਲੋਕਾਂ ਨੂੰ ਗੁੰਮਰਾਹ ਕਰਨ ਅਤੇ ਪੰਜਾਬ ਦੇ ਭਾਈਚਾਰਕ ਮਾਹੌਲ ਨੂੰ ਖ਼ਰਾਬ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਸ. ਸੰਤ ਮੀਤ ਸਿੰਘ ਨੇ ਕਿਹਾ ਕਿ ਜੇਕਰ ਬਿੱਟੂ ਨੂੰ ਸੱਚ ਦੀ ਇੰਨੀ ਹੀ ਚਿੰਤਾ ਹੈ ਤਾਂ ਉਹ ਪਹਿਲਾਂ ਪੰਜਾਬ ਵਿੱਚ 1980-90 ਦੇ ਦਹਾਕੇ ਦੌਰਾਨ ਵਾਪਰੇ ਕਥਿਤ ਜਾਅਲੀ ਪੁਲਿਸ ਮੁਕਾਬਲਿਆਂ ਅਤੇ ਮਨੁੱਖੀ ਅਧਿਕਾਰ ਕਾਰਕੁਨ ਜਸਵੰਤ ਸਿੰਘ ਖਾਲੜਾ ਵੱਲੋਂ ਸਾਹਮਣੇ ਲਿਆਂਦੇ ਗਏ ਗੈਰ-ਕਾਨੂੰਨੀ ਹੱਤਿਆਵਾਂ ਅਤੇ ਲਾਵਾਰਿਸ ਸਸਕਾਰਾਂ ਦੇ ਮਾਮਲਿਆਂ ਦੇ ਨਾਲ ਪੀਲੀਭੀਤ ਵਿੱਚ 11 ਬੇਕਸੂਰ ਸਿੱਖ ਯਾਤਰੀ, ਚਿਠੀਸਿੰਘਪੁਰਾ ਵਿਚ 35 ਸਿੱਖਾਂ ਦੇ ਫ਼ਰਜ਼ੀ ਪੁਲਿਸ ਮੁਕਾਬਲੇ ਸਮੇਤ ਹੋਰ ਹਜਾਰਾਂ ਸਿੱਖਾਂ ਦੇ ਮਾਮਲਿਆਂ 'ਤੇ ਆਪਣਾ ਸਟੈਂਡ ਸਪੱਸ਼ਟ ਕਰਨ। ਇਨ੍ਹਾਂ ਮਾਮਲਿਆਂ ਵਿੱਚ ਕਈ ਗੰਭੀਰ ਸਵਾਲ ਅਦਾਲਤਾਂ ਅਤੇ ਮਨੁੱਖੀ ਅਧਿਕਾਰ ਸੰਸਥਾਵਾਂ ਤੱਕ ਪਹੁੰਚੇ, ਪਰ ਬਿੱਟੂ ਦੀ ਚੁੱਪ ਬਹੁਤ ਕੁਝ ਬਿਆਨ ਕਰਦੀ ਹੈ। ਉਨ੍ਹਾਂ ਕਿਹਾ ਕਿ ਇਤਿਹਾਸ ਨੂੰ ਚੋਣਵੇਂ ਢੰਗ ਨਾਲ ਪੇਸ਼ ਕਰਕੇ ਇੱਕ ਭਾਈਚਾਰੇ ਨੂੰ ਕਟਹਿਰੇ ਵਿੱਚ ਖੜ੍ਹਾ ਕਰਨਾ ਅਤੇ ਦੂਜੇ ਪਾਸੇ ਸਿੱਖਾਂ ਨਾਲ ਹੋਏ ਜ਼ੁਲਮਾਂ 'ਤੇ ਚੁੱਪ ਵੱਟਣਾ ਦੋਹਰੇ ਮਾਪਦੰਡਾਂ ਦੀ ਨਿਸ਼ਾਨੀ ਹੈ। ਜੇਕਰ ਰਵਨੀਤ ਸਿੰਘ ਬਿੱਟੂ ਕੋਲ ਆਪਣੇ ਦਾਅਵਿਆਂ ਦੇ ਠੋਸ ਸਬੂਤ ਹਨ ਤਾਂ ਉਹ ਉਨ੍ਹਾਂ ਨੂੰ ਅਦਾਲਤ ਜਾਂ ਸੰਬੰਧਿਤ ਜਾਂਚ ਏਜੰਸੀਆਂ ਅੱਗੇ ਪੇਸ਼ ਕਰਨ। ਸਿਰਫ਼ ਸਿਆਸੀ ਮੰਚਾਂ ਤੋਂ ਅਪ੍ਰਮਾਣਿਤ ਦਾਅਵੇ ਕਰਨਾ ਲੋਕਾਂ ਵਿੱਚ ਡਰ ਅਤੇ ਨਫ਼ਰਤ ਫੈਲਾਉਣ ਤੋਂ ਇਲਾਵਾ ਹੋਰ ਕੁਝ ਨਹੀਂ। ਸ. ਸੰਤ ਮੀਤ ਸਿੰਘ ਨੇ ਚੇਤਾਵਨੀ ਦਿੱਤੀ ਕਿ ਬਿਨਾਂ ਤੱਥਾਂ ਦੇ ਕੀਤੀ ਜਾ ਰਹੀ ਅਜਿਹੀ ਬਿਆਨਬਾਜ਼ੀ ਸਮਾਜ ਵਿੱਚ ਬੇਲੋੜਾ ਤਣਾਅ ਅਤੇ ਆਪਸੀ ਅਵਿਸ਼ਵਾਸ ਵਧਾ ਰਹੀ ਹੈ। ਜੇਕਰ ਇਸ ਤਰ੍ਹਾਂ ਦੀ ਗੈਰ-ਜ਼ਿੰਮੇਵਾਰਾਨਾ ਬਿਆਨਬਾਜ਼ੀ ਕਾਰਨ ਸਮਾਜਕ ਸਾਂਝ ਨੂੰ ਨੁਕਸਾਨ ਪਹੁੰਚਦਾ ਹੈ ਜਾਂ ਕੋਈ ਅਣਸੁਖਾਵੀਂ ਘਟਨਾ ਵਾਪਰਦੀ ਹੈ, ਤਾਂ ਲੋਕ ਸੁਭਾਵਿਕ ਤੌਰ 'ਤੇ ਇਹ ਸਵਾਲ ਪੁੱਛਣਗੇ ਕਿ ਕੀ ਰਵਨੀਤ ਸਿੰਘ ਬਿੱਟੂ ਆਪਣੇ ਬਿਆਨਾਂ ਦੀ ਨੈਤਿਕ ਅਤੇ ਰਾਜਨੀਤਿਕ ਜ਼ਿੰਮੇਵਾਰੀ ਲੈਣਗੇ। ਉਨ੍ਹਾਂ ਕਿਹਾ ਕਿ ਪੰਜਾਬ ਨੇ ਝੂਠੇ ਪ੍ਰਚਾਰ, ਨਫ਼ਰਤ ਦੀ ਰਾਜਨੀਤੀ ਅਤੇ ਖ਼ੂਨ-ਖ਼ਰਾਬੇ ਦੀ ਬਹੁਤ ਵੱਡੀ ਕੀਮਤ ਚੁਕਾਈ ਹੈ। ਹੁਣ ਸਮਾਂ ਜ਼ਖ਼ਮਾਂ ਨੂੰ ਕੁਰੇਦਣ ਦਾ ਨਹੀਂ, ਸਗੋਂ ਸੱਚ, ਇਨਸਾਫ਼ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਦਾ ਹੈ। ਰਵਨੀਤ ਸਿੰਘ ਬਿੱਟੂ ਨੂੰ ਆਪਣੀ ਭੜਕਾਊ ਅਤੇ ਬਿਨਾਂ ਸਬੂਤਾਂ ਵਾਲੀ ਬਿਆਨਬਾਜ਼ੀ ਤੁਰੰਤ ਬੰਦ ਕਰਨੀ ਚਾਹੀਦੀ ਹੈ ਅਤੇ ਜ਼ਿੰਮੇਵਾਰ ਜਨਤਕ ਨੁਮਾਇੰਦੇ ਵਾਂਗ ਤੱਥਾਂ ਦੇ ਆਧਾਰ 'ਤੇ ਹੀ ਗੱਲ ਕਰਨੀ ਚਾਹੀਦੀ ਹੈ।

# ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ (ਯੂ.ਐਸ.ਏ.) ਵੱਲੋਂ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ, ਸਰਹਾਲੀ ਦੇ ਵਿਦਿਆਰਥੀਆਂ ਨੂੰ 27.86 ਲੱਖ ਰੁਪਏ ਦੀ ਸਕਾਲਰਸ਼ਿਪ ਪ੍ਰਦਾਨ

### ਫਾਊਂਡੇਸ਼ਨ ਲੋੜਵੰਦ ਵਿਦਿਆਰਥੀਆਂ ਨੂੰ ਉੱਚ ਅਤੇ ਤਕਨੀਕੀ ਸਿੱਖਿਆ ਲਈ ਸਕਾਲਰਸ਼ਿਪ ਪ੍ਰਦਾਨ ਕਰਨ ਲਈ ਵਚਨਬੱਧ: ਗੁਰਬੀਰ ਸਿੰਘ ਬਰਾੜ
















ਅੰਮ੍ਰਿਤਸਰ, ਸਰਹਾਲੀ (ਤਰਨ ਤਾਰਨ), 15 ਜੁਲਾਈ (ਆਵਾਜ਼ਿ ਕੌਮ ਬਿਊਰੋ)- ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ (ਯੂ.ਐਸ.ਏ.) ਦੇ ਐਗਜ਼ੈਕਟਿਵ ਡਾਇਰੈਕਟਰ ਸ੍ਰ. ਗੁਰਬੀਰ ਸਿੰਘ ਬਰਾੜ ਦੀ ਅਗਵਾਈ ਹੇਠ ਸੰਸਥਾ ਵੱਲੋਂ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ, ਸਰਹਾਲੀ (ਤਰਨ ਤਾਰਨ) ਵਿਖੇ ਇੱਕ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਗ਼ਰੀਬ, ਲੋੜਵੰਦ ਅਤੇ ਹੁਸ਼ਿਆਰ ਵਿਦਿਆਰਥੀਆਂ ਨੂੰ 27 ਲੱਖ 86 ਹਜ਼ਾਰ ਰਪਏ ਦੀ ਸਕਾਲਰਸ਼ਿਪ ਪ੍ਰਦਾਨ ਕੀਤੀ ਗਈ। ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਹੋਰ ਸਮਾਜ ਸੇਵੀ ਸੰਸਥਾਵਾਂ ਨੂੰ ਵੀ ਪੰਜਾਬ ਦੇ ਆਰਥਿਕ ਤੌਰ 'ਤੇ ਕਮਜ਼ੋਰ ਅਤੇ ਲੋੜਵੰਦ ਵਿਦਿਆਰਥੀਆਂ ਦੀ ਪੜ੍ਹਾਈ ਵਿੱਚ ਸਹਿਯੋਗ ਲਈ ਅੱਗੇ ਆਉਣ ਦਾ ਸੱਦਾ ਦਿੱਤਾ। ਇਸ ਮੌਕੇ ਜਾਣਕਾਰੀ ਦਿੰਦਿਆਂ ਫਾਊਂਡੇਸ਼ਨ ਦੇ ਐਗਜ਼ੈਕਟਿਵ ਡਾਇਰੈਕਟਰ ਸ੍ਰ. ਗੁਰਬੀਰ ਸਿੰਘ ਬਰਾੜ ਨੇ ਦੱਸਿਆ ਕਿ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ ਇੱਕ ਅਮਰੀਕਾ ਆਧਾਰਿਤ ਗੈਰ-ਲਾਭਕਾਰੀ ਸੰਸਥਾ ਹੈ, ਜੋ ਸਿੱਖ ਐਜੂਕੇਸ਼ਨ ਸੁਸਾਇਟੀ, ਚੰਡੀਗੜ੍ਹ ਦੇ ਸਹਿਯੋਗ ਨਾਲ ਪੰਜਾਬ, ਦਿੱਲੀ ਅਤੇ ਉੱਤਰੀ ਭਾਰਤ ਦੇ ਲੋੜਵੰਦ ਵਿਦਿਆਰਥੀਆਂ ਨੂੰ ਉੱਚ ਅਤੇ ਤਕਨੀਕੀ ਸਿੱਖਿਆ ਲਈ ਸਕਾਲਰਸ਼ਿਪ ਪ੍ਰਦਾਨ ਕਰਦੀ ਹੈ। ਉਨ੍ਹਾਂ ਦੱਸਿਆ ਕਿ ਸਕਾਲਰਸ਼ਿਪ ਲਈ ਵਿਦਿਆਰਥੀ ਦੇ ਪਿਛਲੀ ਜਮਾਤ ਵਿੱਚ ਘੱਟੋ-ਘੱਟ 60 ਫ਼ੀਸਦੀ ਅੰਕ, ਪਰਿਵਾਰ ਦੀ ਸਾਲਾਨਾ ਆਮਦਨ ਤਿੰਨ ਲੱਖ ਰੁਪਏ ਤੋਂ ਘੱਟ ਅਤੇ ਬਿਨੈਕਾਰ ਦਾ ਪੰਜਾਬ ਦਾ ਵਸਨੀਕ ਹੋਣਾ ਲਾਜ਼ਮੀ ਹੈ। ਉਨ੍ਹਾਂ ਨੇ ਸੰਸਥਾ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤੇ ਜਾ ਰਹੇ ਲੋਕ-ਭਲਾਈ ਦੇ ਕਾਰਜਾਂ ਬਾਰੇ ਵੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਮੌਕੇ ਕਾਲਜ ਦੇ 100 ਵਿਦਿਆਰਥੀਆਂ ਨੂੰ ਸਕਾਲਰਸ਼ਿਪ ਸਰਟੀਫਿਕੇਟ ਭੇਟ ਕੀਤੇ ਗਏ ਅਤੇ ਕੁੱਲ 27,86,000 ਰੁਪਏ ਦੀ ਸਕਾਲਰਸ਼ਿਪ ਰਾਸ਼ੀ ਪ੍ਰਦਾਨ ਕੀਤੀ ਗਈ। ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ, ਸਰਹਾਲੀ ਦੀ ਸਥਾਪਨਾ ਸੰਨ 1970 ਵਿੱਚ ਸੰਤ ਬਾਬਾ ਤਾਰਾ ਸਿੰਘ ਜੀ ਵੱਲੋਂ ਕੀਤੀ ਗਈ ਸੀ। ਮੌਜੂਦਾ ਸਮੇਂ ਇਹ ਸੰਸਥਾ ਸੰਤ ਬਾਬਾ ਸੁੱਖਾ ਸਿੰਘ ਜੀ ਦੀ ਸਰਪ੍ਰਸਤੀ ਹੇਠ ਉੱਚ ਪੱਧਰੀ ਸਿੱਖਿਆ ਦੇ ਨਾਲ-ਨਾਲ ਨੈਤਿਕ ਕਦਰਾਂ-ਕੀਮਤਾਂ, ਅਨੁਸ਼ਾਸਨ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਵੀ ਪ੍ਰਫੁੱਲਿਤ ਕਰ ਰਹੀ ਹੈ। ਕਾਲਜ ਵਿੱਚ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਵਿੱਦਿਅਕ ਗਤੀਵਿਧੀਆਂ ਦੇ ਨਾਲ-ਨਾਲ ਸਭਿਆਚਾਰਕ ਪ੍ਰੋਗਰਾਮਾਂ, ਖੇਡਾਂ ਅਤੇ ਸਮਾਜਿਕ ਸੇਵਾ ਨੂੰ ਵੀ ਵਿਸ਼ੇਸ਼ ਮਹੱਤਤਾ ਦਿੱਤੀ ਜਾਂਦੀ ਹੈ। ਸਮਾਗਮ ਦੌਰਾਨ ਕਾਲਜ ਦੀ ਪ੍ਰਬੰਧਕੀ ਕਮੇਟੀ ਦੇ ਆਨਰੇਰੀ ਸਕੱਤਰ ਸ੍ਰ. ਹਰਜਿੰਦਰ ਸਿੰਘ ਬਿੱਲਿਆਂਵਾਲਾ ਨੇ ਮੁੱਖ ਮਹਿਮਾਨ ਸ੍ਰ. ਗੁਰਬੀਰ ਸਿੰਘ ਬਰਾੜ, ਸ੍ਰ. ਰਜਾ ਸਿੰਘ, ਸ੍ਰੀ ਗੁਰੂ ਗੋਬਿੰਦ ਸਿੰਘ ਕਾਲਜ, ਚੰਡੀਗੜ੍ਹ ਤੋਂ ਪ੍ਰੋ. ਡਾ. ਜਗਦੀਪ ਸਿੰਘ, ਸਕਾਲਰਸ਼ਿਪ ਇੰਚਾਰਜ ਮੈਡਮ ਪ੍ਰਬਲੀਨ ਕੌਰ, ਸ੍ਰ. ਹਰਦੀਪ ਸਿੰਘ ਅਤੇ ਹੋਰ ਪਤਵੰਤਿਆਂ ਦਾ ਨਿੱਘਾ ਸਵਾਗਤ ਕੀਤਾ। ਕਾਲਜ ਦੇ ਪ੍ਰਿੰਸੀਪਲ ਡਾ. ਜਸਬੀਰ ਸਿੰਘ ਗਿੱਲ ਨੇ ਆਪਣੇ ਸਵਾਗਤੀ ਭਾਸ਼ਣ ਵਿੱਚ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਉਠਾ ਕੇ ਆਪਣੀ ਉੱਚ ਅਤੇ ਤਕਨੀਕੀ ਸਿੱਖਿਆ ਨੂੰ ਹੋਰ ਮਜ਼ਬੂਤ ਬਣਾਉਣ ਲਈ ਪ੍ਰੇਰਿਤ ਕੀਤਾ। ਸਮਾਗਮ ਵਿੱਚ ਵਿਦਿਆਰਥੀਆਂ ਦੇ ਨਾਲ-ਨਾਲ ਉਨ੍ਹਾਂ ਦੇ ਮਾਪੇ ਅਤੇ ਕਾਲਜ ਦਾ ਸਮੂਹ ਸਟਾਫ਼ ਵੀ ਵੱਡੀ ਗਿਣਤੀ ਵਿੱਚ ਹਾਜ਼ਰ ਸੀ।

## ਰਵਨੀਤ ਸਿੰਘ ਬਿੱਟੂ ਭੜਕਾਊ ਬਿਆਨ ਦੇ ਕੇ ਪੰਜਾਬ ਦੀ ਭਾਈਚਾਰਕ ਸਾਂਝ ਖਤਮ ਕਰ ਰਿਹਾ ਹੈ; ਜਥੇਦਾਰ ਅਮਰੀਕ ਸਿੰਘ ਕਾਤਰੋਂ



ਧੂਰੀ, 15 ਜੁਲਾਈ ( ਰਣਜੀਤ ਸਿੰਘ ਪੇਧਨੀ )-ਕਈ ਦਹਾਕਿਆ ਤੋ ਬਾਅਦ ਪੰਜਾਬ ਵਿਚ ਹਿੰਦੂ ਸਿੱਖ ਭਰਾਵਾਂ ਦੀ ਤਰ੍ਹਾਂ ਰਹਿ ਰਹੇ ਹਨ। ਪਰ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਦਾ ਪੋਤਰਾ ਰਵਨੀਤ ਸਿੰਘ ਬਿੱਟੂ ਪੰਜਾਬ ਦੇ ਸਿਆਸੀ ਮਾਹੌਲ ਨੂੰ ਖਰਾਬ ਕਰਕੇ ਭਾਈਚਾਰਕ ਸਾਂਝ ਨੂੰ ਖ਼ਤਮ ਕਰ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਨਿਹੰਗ ਸਿੰਘਾਂ ਦੀ ਜਥੇਬੰਦੀ ਅਰਬਾਂ ਖਰਬਾਂ ਦੇ ਜਥੇਦਾਰ ਅਮਰੀਕ ਸਿੰਘ ਕਾਤਰੋਂ ਨੇ ਕੀਤਾ। ਉਨ੍ਹਾਂ ਕਿਹਾ ਕਿ ਸ੍ਰੀ ਬਿੱਟੂ ਸੂਬੇ ਵਿੱਚ ਜਾਣ-ਬੁੱਝ ਕੇ ਹਿੰਦੂ-ਸਿੱਖ ਵਿਵਾਦ ਪੈਦਾ ਕਰਨ ਦੀ ਕੋਸ਼ਿਸ਼ ਕਰ ਰਹੇ ਹਨ ਉਨਾਂ ਕਿਹਾ ਕਿ ਪੰਜਾਬ ਪਹਿਲਾਂ ਹੀ 1980 ਤੋਂ ਲੈ ਕੇ 90 ਦੇ ਦਹਾਕੇ ਤੱਕ ਕਾਲੇ ਦਰ ਦਾ ਸੰਤਾਪ ਹੰਢਾ ਚੁੱਕਿਆ ਹੈ ਉਨਾਂ ਕਿਹਾ ਕਿ ਉਸ ਦੌਰ ਵਿੱਚ ਸੂਬੇ ਦੇ ਲੋਕਾਂ ਨੇ ਜੋ ਜ਼ਖ਼ਮ ਸਨ। ਉਨਾਂ ਕਿਹਾ ਕਿ ਰਵਨੀਤ ਬਿੱਟੂ ਹੁਣ ਆਪਣੇ ਦਾਦੇ ਦੇ ਪੂਰਨਿਆਂ 'ਤੇ ਚੱਲਦਿਆਂ ਪੰਜਾਬ ਨੂੰ ਮੁੜ ਉਸੇ ਤਣਾਅ ਵਾਲੀ ਸਥਿਤੀ ਵਿੱਚ ਧੱਕਣ ਦੀ ਕੋਝੀ ਸਾਜਿਸ਼ ਰਚ ਰਹੇ ਹਨ। ਉਨ੍ਹਾਂ ਕਿਹਾ ਕਿ ਕੁਝ ਲੋਕ ਨਿੱਜੀ ਅਤੇ ਸਿਆਸੀ ਹਿੱਤਾਂ ਲਈ ਪੰਜਾਬ ਦੀ ਅਮਨ-ਸ਼ਾਂਤੀ ਅਤੇ ਭਾਈਚਾਰਕ ਏਕਤਾ ਨਾਲ ਖਿਲਵਾੜ ਕਰ ਰਹੇ ਹਨ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਮੇਤ ਹਿੰਦੂ ਅਤੇ ਸਿੱਖ ਧਾਰਮਿਕ ਤੇ ਸਮਾਜਿਕ ਸੰਸਥਾਵਾਂ ਨੂੰ ਇੱਕ ਮੰਚ 'ਤੇ ਆਉਣ ਦਾ ਸੱਦਾ ਦਿੱਤਾ ਹੈ ਉਨਾਂ ਮੰਗ ਕੀਤੀ ਹੈ ਕਿ ਰਵਨੀਤ ਬਿੱਟੂ ਦੇ ਭੜਕਾਊ ਬਿਆਨਾਂ ਦਾ ਗੰਭੀਰ ਨੋਟਿਸ ਲਿਆ ਜਾਵੇ ਅਤੇ ਪ੍ਰਸ਼ਾਸਨ ਕੋਲ ਸਾਂਝੇ ਤੌਰ 'ਤੇ ਦਰਖਾਸਤ ਦੇ ਕੇ ਉਨਾਂ ਵਿਰੁੱਧ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ। ਉਨ੍ਹਾਂ ਕਿਹਾ ਕਿ ਅਜਿਹੇ ਸ਼ਰਾਰਤੀ ਅਨਸਰਾਂ ਨੂੰ ਰੋਕਣਾ ਸਮੇਂ ਦੀ ਮੁੱਖ ਲੋੜ ਹੈ ਤਾਂ ਜੋ ਪੰਜਾਬ ਦਾ ਮਾਹੌਲ ਖਰਾਬ ਨਾ ਹੋਵੇ ਜਥੇਦਾਰਾਂ ਨੇ ਅਖੀਰ 'ਚ ਕਿਹਾ ਕਿ ਐਸ ਵਕਤ ਪੰਜਾਬ ਦਾ ਕਿਸਾਨ ਤੇ ਹਰ ਵਰਗ ਪਹਿਲਾ ਹੀ ਸੰਤਾਪ ਭੋਗ ਰਿਹਾ ਹੈ ਇਸ ਲਈ ਹੁਣ ਰਵਨੀਤ ਬਿੱਟੂ ਨੇ ਹਿੰਦੂ ਸਿੱਖ ਦੀ ਨਵੀ ਚਾਲ ਚਲ ਦਿੱਤੀ ਜਿਸ ਵਿਚ ਉਹ ਕਦੇ ਵੀ ਕਾਮਯਾਬ ਨਹੀ ਹੋ ਸਕੇਗਾ।

## ਇੱਕ ਨਜ਼ਰ...



## ਮੁੱਖ ਮੰਤਰੀ ਮਾਨ ਨੇ ਲੋਕਾਂ ਦਾ ਭਰੋਸਾ ਜਿੱਤਿਆ, 2027 'ਚ ਮੁੜ ਬਣੇਗੀ 'ਆਪ' ਸਰਕਾਰ : ਗੁਰਮੁਖ ਡੇਅਰੀਵਾਲ, ਸਰਪੰਚ ਪਰਮਿੰਦਰ

ਚੌਂਕ ਮਹਿਤਾ, 15 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ): ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਪ੍ਰਧਾਨ ਗੁਰਮੁਖ ਸਿੰਘ ਔਜਲਾ (ਡੇਅਰੀਵਾਲ) ਅਤੇ ਪਿੰਡ ਡੇਅਰੀਵਾਲ ਦੇ ਸਰਪੰਚ ਪਰਮਿੰਦਰ ਸਿੰਘ ਨੇ ਅੱਜ ਇੱਕ ਸਾਂਝਾ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਦੀ ਜਨਤਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੇ ਕੰਮਾਂ ਤੋਂ ਸੰਤੁਸ਼ਟ ਹੈ ਅਤੇ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਇੱਕ ਵਾਰ ਫਿਰ ਆਮ ਆਦਮੀ ਪਾਰਟੀ ਨੂੰ ਸਪੱਸ਼ਟ ਬਹੁਮਤ ਦੇ ਕੇ ਸਰਕਾਰ ਬਣਾਏਗੀ। ਉਨ੍ਹਾਂ ਹਲਕਾ ਜੰਡਿਆਲਾ ਗੁਰੂ ਦੀ ਗੱਲ ਕਰਦਿਆਂ ਆਖਿਆ ਕਿ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਦੀ ਅਗਵਾਈ ਹੇਠ ਹਲਕਾ ਜੰਡਿਆਲਾ ਵਿਕਾਸ ਦੇ ਨਵੇਂ ਮਾਪਦੰਡ ਸਥਾਪਤ ਕਰ ਰਿਹਾ ਹੈ। ਸੜਕਾਂ, ਬੁਨਿਆਦੀ ਢਾਂਚੇ ਅਤੇ ਲੋਕ-ਭਲਾਈ ਦੇ ਕੰਮਾਂ ਕਾਰਨ ਇਹ ਹਲਕਾ ਮਾਝੇ ਵਿੱਚ ਵਿਕਾਸ ਪੱਖੋਂ ਮੋਹਰੀ ਬਣ ਕੇ ਉਭਰਿਆ ਹੈ। ਮੰਤਰੀ ਈ.ਟੀ.ਓ. ਨੂੰ ਲੋਕਾਂ ਦਾ ਭਰਪੂਰ ਸਮਰਥਨ ਮਿਲ ਰਿਹਾ ਹੈ। ਉਕਤ ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਲੋਕ ਭਲਾਈ ਦੇ ਫੈਸਲਿਆਂ ਕਾਰਨ ਹਰ ਵਰਗ ਦਾ ਵਿਸ਼ਵਾਸ ਜਿੱਤਣ ਵਿੱਚ ਕਾਮਯਾਬ ਰਹੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਸਰਕਾਰ ਨੇ ਜਨਰਲ ਵਰਗ ਦੀਆਂ ਔਰਤਾਂ ਨੂੰ 3,000 ਰੁਪਏ ਅਤੇ ਅਨੁਸੂਚਿਤ ਜਾਤੀ (ਐੱਸ.ਸੀ.) ਵਰਗ ਦੀਆਂ ਔਰਤਾਂ ਨੂੰ 4,500 ਰੁਪਏ ਦੀ ਵਿੱਤੀ ਸਹਾਇਤਾ ਦੇ ਕੇ ਆਪਣੇ ਇੱਕ ਵੱਡੇ ਵਾਅਦੇ ਨੂੰ ਪੂਰਾ ਕੀਤਾ ਹੈ, ਜਿਸ ਨਾਲ ਹਜ਼ਾਰਾਂ ਪਰਿਵਾਰਾਂ ਨੂੰ ਆਰਥਿਕ ਸਹਾਰਾ ਮਿਲਿਆ ਹੈ। ਗੁਰਮੁਖ ਸਿੰਘ ਔਜਲਾ ਅਤੇ ਸਰਪੰਚ ਪਰਮਿੰਦਰ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸਿੱਖਿਆ, ਸਿਹਤ, ਰੋਜ਼ਗਾਰ, ਬਿਜਲੀ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਇੱਕੋ-ਇੱਕ ਮਕਸਦ ਪੰਜਾਬ ਅਤੇ ਪੰਜਾਬੀਆਂ ਦੀ ਤਰੱਕੀ, ਖੁਸ਼ਹਾਲੀ ਅਤੇ ਵਿਕਾਸ ਨੂੰ ਯਕੀਨੀ ਬਣਾਉਣਾ ਹੈ। ਉਨ੍ਹਾਂ ਪਾਰਟੀ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਨੂੰ ਘਰ-ਘਰ ਤੱਕ ਪਹੁੰਚਾਉਣ ਅਤੇ ਲੋਕਾਂ ਨੂੰ ਵਿਕਾਸ ਕਾਰਜਾਂ ਬਾਰੇ ਜਾਣੂ ਕਰਵਾਉਣ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਵਿਕਾਸ ਅਤੇ ਲੋਕ ਹਿੱਤ ਦੀ ਰਾਜਨੀਤੀ ਦੇ ਆਧਾਰ 'ਤੇ ਆਮ ਆਦਮੀ ਪਾਰਟੀ 2027 ਵਿੱਚ ਹੋਰ ਵੀ ਵੱਡੇ ਜਨ ਸਮਰਥਨ ਨਾਲ ਮੁੜ ਸੱਤਾ ਵਿੱਚ ਆਵੇਗੀ। ਇਸ ਮੌਕੇ ਸਰਪੰਚ ਗੁਰਮੁਖ ਸਿੰਘ ਸਰਜਾ, ਸੀਨੀਅਰ ਆਗੂ ਰੋਬਿਨਦੀਪ ਸਿੰਘ ਰੌਬੀ ਤਾਹਰਪੁਰ ਅਤੇ ਹੋਰ ਵਰਕਰ ਮੌਜੂਦ ਸਨ।

## ਬੇਅਦਬੀ ਦੀਆਂ ਘਟਨਾਵਾਂ ਦਾ ਨਾ ਰੁਕਣਾ, ਬਹੁਤ ਹੀ ਮੰਦਭਾਗਾ- ਗਿਆਨੀ ਹਰਪ੍ਰੀਤ ਸਿੰਘ

ਚੰਡੀਗੜ੍ਹ, 15 ਜੁਲਾਈ (ਆਵਾਜ਼ਿ ਕੌਮ ਬਿਊਰੋ)- ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਪ੍ਰਧਾਨ



ਗਿਆਨੀ ਹਰਪ੍ਰੀਤ ਸਿੰਘ ਨੇ ਇਕ ਪ੍ਰੈਸ ਬਿਆਨ ਵਿੱਚ ਕਿਹਾ ਕਿ ਮਾਨਸਾ ਜਿਲ੍ਹੇ ਦੇ ਪਿੰਡ ਬੀਰੇਵਾਲਾ ਜੱਟਾਂ ਵਿੱਚ ਹੋਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ, ਬਹੁਤ ਹੀ ਦੁਖਦਾਈ ਅਤੇ ਮੰਦਭਾਗੀ ਘਟਨਾ ਹੈ। ਜਿਸਤੋਂ ਪਤਾ ਲੱਗਦਾ ਹੈ ਕਿ ਬੇਅਦਬੀ ਕਰਨ ਵਾਲੇ ਏਨੇ ਭ੍ਰਿਸ਼ਟ ਹੋ ਚੁੱਕੇ ਹਨ ਜੋ ਨਾ ਤਾਂ ਰੱਬ ਤੋਂ ਡਰਦੇ ਹਨ ਅਤੇ ਨਾਂ ਹੀ ਕਾਨੂੰਨ ਵਿਵਸਥਾ ਤੋਂ। ਸਰਕਾਰੀ ਦਮਗਜ਼ੇ ਵੀ ਫੋਕੇ ਸਾਬਤ ਹੋ ਰਹੇ ਹਨ ਕਿ ਨਵੇਂ ਕਾਨੂੰਨ ਤੋਂ ਡਰ ਕੇ ਕੋਈ ਬੇਅਦਬੀ ਕਰਨ ਦੀ ਹਿੰਮਤ ਨਹੀਂ ਕਰੇਗਾ। ਬੇਅਦਬੀ ਦੀਆਂ ਘਟਨਾਵਾਂ ਦਾ ਇਸ ਤਰਾਂ ਬਾਰ-ਬਾਰ ਵਾਪਰਨਾ ਸਿੱਖ ਕੌਮ ਨੂੰ ਉਕਸਾਉਣ ਦੀ ਸਾਜਿਸ਼ ਹੈ ਜਿਸ ਦਾ ਪਤਾ ਲਗਾਉਣ ਵਿੱਚ ਸਰਕਾਰਾਂ ਪੂਰੀ ਤਰਾਂ ਫੇਲ੍ਹ ਹੋਈਆਂ ਹਨ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਹੁਣ ਆਪਣੇ ਸ਼ਬਦ ਗੁਰੂ ਦੀ ਪਹਿਰੇਦਾਰੀ ਦਾ ਪ੍ਰਬੰਧ ਸਿੱਖਾਂ ਨੂੰ ਖੁਦ ਸੰਭਾਲਣਾ ਹੋਵੇਗਾ। ਪੰਥਕ ਇਕੱਠ ਸੱਦ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਆਦੇਸ਼ ਹੋਣਾ ਚਾਹੀਦਾ ਹੈ ਕਿ ਜਿੱਥੇ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਹੋਵੇ, ਉੱਥੇ ਇਕ ਜਾਂ ਦੋ ਸਿੱਖ ਸ਼ਸ਼ਤਰਬੱਧ ਹੋਕੇ ਚੌਵੀ ਘੰਟੇ ਪਹਿਰੇਦਾਰੀ ਕਰਨ, ਤਾਂ ਜੋ ਅਜਿਹੇ ਪਾਪੀ ਲੋਕ ਆਪਣੇ ਕੁਕਰਮ ਵਿੱਚ ਸਫਲ ਨਾ ਹੋ ਸਕਣ। ਪ੍ਰੈਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

## ਸ਼ਹੀਦੀ ਪੱਤਣ ਸਮਾਰਕ ਲਈ ਐਨਆਰਆਈ ਆਏ ਅੱਗੇ, ਇੰਡਸ ਕੈਨੇਡਾ ਫਾਊਂਡੇਸ਼ਨ ਵੱਲੋਂ 1 ਕਰੋੜ ਰੁਪਏ ਦੇ ਯੋਗਦਾਨ ਦਾ ਐਲਾਨ

.ਚੌਕ 15 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)- ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਹਰੀਕੇ ਪੱਤਣ ਵਿਖੇ ਭਾਈ ਜਸਵੰਤ ਸਿੰਘ ਖਾਲੜਾ ਅਤੇ ਪੰਜਾਬ ਵਿੱਚ ਅੱਤਵਾਦ ਦੇ ਦੌਰ ਦੌਰਾਨ ਹਿੰਸਾ, ਲਾਪਤਾ ਹੋਏ ਵਿਅਕਤੀਆਂ ਅਤੇ ਪੀੜਤ ਪਰਿਵਾਰਾਂ ਦੀ ਯਾਦ ਵਿੱਚ ਕੀਤੇ ਗਏ ਇਤਿਹਾਸਕ ਫ਼ੈਸਲਿਆਂ ਦਾ ਸਵਾਗਤ ਕਰਦਿਆਂ ਇੰਡਸ ਕੈਨੇਡਾ ਫਾਊਂਡੇਸ਼ਨ ਨੇ ਪ੍ਰਸਤਾਵਿਤ ਸ਼ਹੀਦੀ ਪੱਤਣ ਸਮਾਰਕ ਦੇ ਨਿਰਮਾਣ ਲਈ ਰੁਪਏ ਕਰੋੜ ਦੇ ਯੋਗਦਾਨ ਦਾ ਐਲਾਨ ਕੀਤਾ ਹੈ। ਆਈਸੀਐੱਫ ਦੇ ਪ੍ਰਧਾਨ ਵਿਕਰਮ ਬਾਜਵਾ ਨੇ ਕਿਹਾ ਕਿ ਸੰਸਥਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਐਲਾਨੇ ਗਏ ਸਾਰੇ ਫ਼ੈਸਲਿਆਂ ਦਾ ਪੂਰਾ ਸਮਰਥਨ ਕਰਦੀ ਹੈ। ਇਨ੍ਹਾਂ ਵਿੱਚ ਹਰੀਕੇ ਪੱਤਣ ਨੂੰ "ਸ਼ਹੀਦੀ ਪੱਤਣ" ਦਾ ਦਰਜਾ ਦੇਣਾ, ਉੱਥੇ ਸਥਾਈ ਸਮਾਰਕ ਦੀ ਉਸਾਰੀ ਕਰਨਾ ਅਤੇ ਸਾਲ 1982 ਤੋਂ 1995 ਦੌਰਾਨ ਸ਼ਹੀਦ ਮੰਨੇ ਜਾਂਦੇ, ਲਾਪਤਾ ਹੋਏ ਅਤੇ ਕਥਿਤ ਤੌਰ 'ਤੇ "ਲਾਵਾਰਿਸ" ਦੱਸ ਕੇ ਸਸਕਾਰ ਕੀਤੇ ਗਏ ਲੋਕਾਂ ਦਾ ਰਿਕਾਰਡ ਤਿਆਰ ਕਰਨਾ ਸ਼ਾਮਲ ਹੈ ਵਿਕਰਮ ਬਾਜਵਾ ਨੇ ਐਲਾਨ ਕੀਤਾ ਕਿ ਇੰਡਸ ਕੈਨੇਡਾ ਫਾਊਂਡੇਸ਼ਨ ਇਸ ਸਮਾਰਕ ਲਈ ਵਿਸ਼ਵ ਪੱਧਰ 'ਤੇ ਫੰਡ ਇਕੱਠਾ ਕਰਨ ਦੀ ਮੁਹਿੰਮ ਸ਼ੁਰੂ ਕਰੇਗੀ। ਇਸ ਤਹਿਤ ਅਮਰੀਕਾ, ਕੈਨੇਡਾ, ਬ੍ਰਿਟੇਨ, ਆਸਟ੍ਰੇਲੀਆ ਸਮੇਤ ਹੋਰ ਦੇਸ਼ਾਂ ਵਿੱਚ ਸਥਿਤ ਸਿੱਖ ਸੰਸਥਾਵਾਂ, ਗੁਰਦੁਆਰਿਆਂ ਅਤੇ ਭਾਈਚਾਰਕ ਜਥੇਬੰਦੀਆਂ ਨੂੰ ਇਸ ਮੁਹਿੰਮ ਨਾਲ ਜੋੜਿਆ ਜਾਵੇਗਾ ਉਨ੍ਹਾਂ ਦੱਸਿਆ ਕਿ ਜਲਦ ਹੀ ਇੱਕ ਸਮਰਪਿਤ ਵਿਸ਼ਵ ਪੱਧਰੀ ਫੰਡਰੇਜ਼ਿੰਗ ਵੈੱਬਸਾਈਟ ਵੀ ਸ਼ੁਰੂ ਕੀਤੀ ਜਾਵੇਗੀ, ਜਿਸ ਰਾਹੀਂ ਦੁਨੀਆ ਭਰ ਵਿੱਚ ਵੱਸਦੇ ਐਨਆਰਆਈ ਅਤੇ ਸਿੱਖ ਭਾਈਚਾਰੇ ਦੇ ਮੈਂਬਰ ਸਿੱਧੇ ਤੌਰ 'ਤੇ ਸ਼ਹੀਦੀ ਪੱਤਣ ਸਮਾਰਕ ਦੇ ਨਿਰਮਾਣ ਵਿੱਚ ਆਪਣਾ ਯੋਗਦਾਨ ਪਾ ਸਕਣਗੇ। ਉਨ੍ਹਾਂ ਭਰੋਸਾ ਜਤਾਇਆ ਕਿ ਇਹ ਉਪਰਾਲਾ ਨਾ ਸਿਰਫ਼ ਸਮਾਰਕ ਲਈ ਵੱਡੇ ਪੱਧਰ 'ਤੇ ਆਰਥਿਕ ਸਹਿਯੋਗ ਇਕੱਠਾ ਕਰੇਗਾ, ਸਗੋਂ ਵਿਸ਼ਵ ਭਰ ਦੇ ਸਿੱਖ ਭਾਈਚਾਰੇ ਨੂੰ ਆਪਣੇ ਸਾਂਝੇ ਇਤਿਹਾਸ ਅਤੇ ਵਿਰਸੇ ਨਾਲ ਵੀ ਹੋਰ ਮਜ਼ਬੂਤੀ ਨਾਲ ਜੋੜੇਗਾ ਵਿਕਰਮ ਬਾਜਵਾ ਨੇ ਕਿਹਾ ਕੀ ਇਹ ਸਮਾਰਕ ਸਿਰਫ਼ ਇਤਿਹਾਸ ਨੂੰ ਸੰਭਾਲਣ ਦਾ ਯਤਨ ਨਹੀਂ, ਸਗੋਂ ਕੁਰਬਾਨੀਆਂ ਨੂੰ ਸਨਮਾਨ ਦੇਣ, ਸਮਾਜ ਵਿੱਚ ਸਾਂਝੀ ਚੰਗਿਆਈ (ਹੀਲਿੰਗ) ਦੀ ਭਾਵਨਾ ਨੂੰ ਮਜ਼ਬੂਤ ਕਰਨ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਆਪਣੇ ਇਤਿਹਾਸ ਨਾਲ ਜੋੜਨ ਵੱਲ ਇੱਕ ਮਹੱਤਵਪੂਰਨ ਕਦਮ ਹੈ।

# ਵਿਦੇਸ਼ ਦੌਰੇ ਤੋਂ ਵਾਪਸ ਪਰਤੇ ਜਥੇਦਾਰ ਦਾਦੂਵਾਲ ਨੂੰ ਮਿਲਣ ਪੁੱਜੀਆਂ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਸਿੱਖ ਸੰਗਤਾਂ







ਤਲਵੰਡੀ ਸਾਬੋ, 15 ਜੁਲਾਈ (ਗੁਰਜੰਟ ਸਿੰਘ ਨਥੇਹਾ)- ਅਮਰੀਕਾ ਕਨੇਡਾ ਵਿਦੇਸ਼ ਦੌਰੇ ਤੋਂ ਵਾਪਸ ਭਾਰਤ ਪਰਤੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੂੰ ਮਿਲਣ ਵਾਸਤੇ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਵਿਖੇ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਸਿੱਖ ਸੰਗਤਾਂ ਪੁੱਜੀਆਂ ਜਿਨਾਂ ਵਿੱਚ ਸਰਦਾਰ ਜਗਤਾਰ ਸਿੰਘ ਮਾਨ ਮਿੱਠੜੀ ਅੰਤ੍ਰਿੰਗ ਮੈਂਬਰ, ਸਰਦਾਰ ਗੁਰਪਾਲ ਸਿੰਘ ਗੋਰਾ ਐਲਨਾਬਾਦ ਮੈਂਬਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀਮਤੀ ਰੇਨੂੰ ਸ਼ਰਮਾ ਪ੍ਰਧਾਨ ਬੀਜੇਪੀ ਡੱਬਵਾਲੀ, ਡਾਕਟਰ ਭੀਮ ਸੈਨ ਸ਼ਰਮਾ, ਸਰਪੰਚ ਮੋਹਨਪ੍ਰੀਤ ਸਿੰਘ ਸਿੰਘਪੁਰਾ, ਸਰਪੰਚ ਗੁਰਮੀਤ ਸਿੰਘ ਚਕੇਰੀਆਂ, ਸਾਬਕਾ ਸਰਪੰਚ ਦਰਸ਼ਨ ਸਿੰਘ ਤਾਰੂਆਣਾ, ਸਾਬਕਾ ਸਰਪੰਚ ਬਲਜੀਤ ਸਿੰਘ ਫੱਗੂ, ਸਾਬਕਾ ਸਰਪੰਚ ਦਰਸ਼ਨ ਸਿੰਘ ਹੱਸੂ, ਸਰਦਾਰ ਦਲਬੀਰ ਸਿੰਘ ਤਾਰੂਆਣਾ, ਸਰਦਾਰ ਹਰਬੰਸ ਸਿੰਘ ਤਾਰੂਆਣਾ, ਸਰਦਾਰ ਗੁਰਮੇਲ ਸਿੰਘ ਤਾਰੂਆਣਾ, ਸਰਦਾਰ ਭੋਲਾ ਸਿੰਘ ਤਾਰੂਆਣਾ, ਸਰਦਾਰ ਯਾਦਵਿੰਦਰ ਸਿੰਘ ਤਾਰੂਆਣਾ, ਸਰਦਾਰ ਰਜਿੰਦਰ ਸਿੰਘ ਕਾਲਾਂਵਾਲੀ, ਸਰਦਾਰ ਮਹਿੰਦਰ ਸਿੰਘ ਚਹਿਲ ਕਾਲਾਂਵਾਲੀ, ਕੁਲਦੀਪ ਸਿੰਘ ਮੁਨੀ ਜਲਾਲਆਣਾ, ਬੰਤਾ ਸਿੰਘ ਵੜਿੰਗ ਜਲਾਲਆਣਾ, ਗੁਰਮੁੱਖ ਸਿੰਘ ਜਲਾਲਆਣਾ, ਸੁਖਪਾਲ ਸਿੰਘ ਜਲਾਲਆਣਾ, ਇੰਦਰਜੀਤ ਸਿੰਘ ਜਲਾਲਆਣਾ, ਜੰਟਾ ਸਿੰਘ ਜਲਾਲਆਣਾ, ਇਕਬਾਲ ਸਿੰਘ ਚਕੇਰੀਆਂ, ਲ਼ਵਪ੍ਰੀਤ ਸਿੰਘ ਚਕੇਰੀਆਂ, ਰਣਦੀਪ ਸਿੰਘ ਚਕੇਰੀਆ, ਅਵਤਾਰ ਸਿੰਘ ਚਕੇਰੀਆਂ, ਮੰਗਾ ਸਿੰਘ ਚਕੇਰੀਆਂ, ਗੁਰਿੰਦਰ ਸਿੰਘ ਗੁਰੀ ਚਕੇਰੀਆਂ, ਗੁਰਪ੍ਰੀਤ ਸਿੰਘ ਚਕੇਰੀਆਂ, ਗੁਰਦਾਸ ਸਿੰਘ ਧਰਮਪੁਰਾ, ਬਿੰਦਰ ਸਿੰਘ ਧਰਮਪੁਰਾ, ਤਰਸੇਮ ਸਿੰਘ ਧਰਮਪੁਰਾ, ਬੱਬੂ ਸ਼ਰਮਾਂ ਪਿਪਲੀ, ਲਾਭ ਸਿੰਘ ਪਿਪਲੀ, ਮੈਂਬਰ ਜਸਪਾਲ ਸਿੰਘ ਪਿੱਪਲੀ, ਮੈਂਬਰ ਜੱਸੀ ਸ਼ਰਮਾਂ ਪਿਪਲੀ, ਜਗਤਾਰ ਸਿੰਘ ਮੈਬਰ ਸਿੰਘਪੁਰਾ, ਛਿੰਦਾ ਸਿੰਘ ਸਿੰਘਪੁਰਾ, ਗੁਰਜੀਤ ਸਿੰਘ ਸਿੰਘਪੁਰਾ, ਸੁਖਮੰਦਰ ਸਿੰਘ ਸਿੰਘਪੁਰਾ, ਮੈਂਬਰ ਗੁਰਤੇਜ ਸਿੰਘ ਸਿੰਘਪੁਰਾ, ਬਲੱਡੂ ਸਿੰਘ ਕਾਲਾਂਵਾਲੀ, ਲਖਵੀਰ ਸਿੰਘ ਸੋਢੀ ਸਾਬਕਾ ਪ੍ਰਧਾਨ ਹੇਲਪਿੰਗ ਹੈਡ ਟਰੱਸਟ ਕਾਲਾਂਵਾਲੀ, ਅਵਤਾਰ ਸਿੰਘ ਕਟਾਰੀਆਂ ਕਾਲਾਵਾਲੀ, ਜੋਨੀ ਸ਼ਰਮਾ ਮਾਨਸਾ ਕਾਲਾਵਾਲੀ, ਗੁਰਪਿਆਰ ਸਿੰਘ ਕਾਲਾਵਾਲੀ, ਬਲਰਾਜ ਸਿੰਘ ਕਾਲਾਵਾਲੀ, ਮੱਖਣ ਸਿੰਘ ਤਿਲੋਕੇਵਾਲਾ, ਗੁਲਾਬ ਸਿੰਘ ਤਿਲੋਕੇਵਾਲਾ, ਜਸਵਿੰਦਰ ਸਿੰਘ ਗੋਸ਼ਾ ਪ੍ਰਧਾਨ ਕਾਲਾਂਵਾਲੀ ਬਲਾਕ ਬੀਜੇਪੀ, ਇਸ ਸਮੇਂ ਪਿੰਡ ਦਾਦੂ ਸਾਹਿਬ, ਧਰਮਪੁਰਾ, ਸਿੰਘਪੁਰਾ, ਕੇਵਲ, ਤਖਤਮੱਲ, ਦੇਸੂ ਮਲਕਾਣਾ, ਕਾਲਾਂਵਾਲੀ, ਚਕੇਰੀਆਂ, ਜਲਾਲਆਣਾ, ਪਿੱਪਲੀ, ਫੱਗੂ, ਸੁਰਤੀਆ, ਖਤਰਾਵਾਂ, ਤਿਲੋਕੇਵਾਲਾ ਦੀ ਸਿੱਖ ਸੰਗਤ ਮੌਜੂਦ ਸਨ।

# ਜੰਡਿਆਲਾ ਗੁਰੂ ਅਤੇ ਤਾਰਾਗੜ੍ਹ ਦੇ ਸਰਕਾਰੀ ਸਕੂਲਾਂ ਦਾ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਕੀਤਾ ਦੌਰਾ

### ਅਧਿਆਪਕਾਂ ਨਾਲ ਕੀਤੀ ਮੀਟਿੰਗ, ਵਿਦਿਆਰਥੀਆਂ ਨੂੰ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਕੀਤਾ ਪ੍ਰੇਰਿਤ





ਜੰਡਿਆਲਾ ਗੁਰੂ 15 ਜੁਲਾਈ (ਕੁਲਵੰਤ ਸਿੰਘ ਵਿਰਦੀ ) : ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਅੱਜ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਅਧੀਨ ਸਰਕਾਰੀ ਸਕੂਲਾਂ ਦਾ ਦੌਰਾ ਕਰਦਿਆਂ ਸਰਕਾਰੀ ਸਕੂਲਾਂ ਵਿੱਚ ਉਪਲਬਧ ਕਰਵਾਈਆਂ ਜਾ ਰਹੀਆਂ ਸਹੂਲਤਾਂ ਅਤੇ ਸਿੱਖਿਆ ਦੇ ਮਿਆਰ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਸਰਕਾਰੀ ਸਕੂਲ ਆਫ਼ ਐਮੀਨੈਂਸ, ਜੰਡਿਆਲਾ ਗੁਰੂ ਅਤੇ ਸਰਕਾਰੀ ਸੀਨੀਅਰ ਸਕੈਂਡਰੀ ਸਕੂਲ, ਤਾਰਾਗੜ੍ਹ ਵਿਖੇ ਅਧਿਆਪਕਾਂ ਨਾਲ ਮੀਟਿੰਗ ਕਰਕੇ ਸਕੂਲਾਂ ਦੀਆਂ ਲੋੜਾਂ ਅਤੇ ਵਿਦਿਆਰਥੀਆਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਸਬੰਧੀ ਜਾਣਕਾਰੀ ਹਾਸਲ ਕੀਤੀ।ਇਸ ਮੌਕੇ ਲੋਕ ਨਿਰਮਾਣ ਮੰਤਰੀ ਨੇ ਵਿਦਿਆਰਥੀਆਂ ਅਤੇ ਵਿਦਿਆਰਥਣਾਂ ਨਾਲ ਰੂ-ਬ-ਰੂ ਹੋ ਕੇ ਉਨ੍ਹਾਂ ਨੂੰ ਮਿਹਨਤ, ਲਗਨ ਅਤੇ ਅਨੁਸ਼ਾਸਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਸਕੂਲ ਆਫ਼ ਐਮੀਨੈਂਸ ਦੀਆਂ ਵਿਦਿਆਰਥਣਾਂ ਨੂੰ ਸਕੂਲ ਲਿਜਾਣ ਵਾਲੀ ਬੱਸ ਵਿੱਚ ਸਵਾਰ ਹੋ ਕੇ ਉਨ੍ਹਾਂ ਨਾਲ ਗੱਲਬਾਤ ਵੀ ਕੀਤੀ। ਵਿਦਿਆਰਥਣਾਂ ਨੇ ਦੱਸਿਆ ਕਿ ਬੱਸ ਸਹੂਲਤ ਮਿਲਣ ਨਾਲ ਉਨ੍ਹਾਂ ਦਾ ਸਕੂਲ ਆਉਣਾ-ਜਾਣਾ ਬਹੁਤ ਆਸਾਨ ਹੋ ਗਿਆ ਹੈ।ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਸਾਲ 2022 ਵਿੱਚ ਵਿਧਾਇਕ ਅਤੇ ਕੈਬਨਿਟ ਮੰਤਰੀ ਬਣਨ ਤੋਂ ਬਾਅਦ ਉਨ੍ਹਾਂ ਵੱਲੋਂ ਜੰਡਿਆਲਾ ਗੁਰੂ ਹਲਕੇ ਦੇ ਸਾਰੇ 163 ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਸਹੂਲਤਾਂ ਉਪਲਬਧ ਕਰਵਾਉਣ ਲਈ ਵਿਸ਼ੇਸ਼ ਯਤਨ ਕੀਤੇ ਗਏ ਸਨ। ਉਨ੍ਹਾਂ ਕਿਹਾ ਕਿ ਅੱਜ ਉਨ੍ਹਾਂ ਨੂੰ ਇਸ ਗੱਲ ਦਾ ਮਾਣ ਹੈ ਕਿ ਹਲਕੇ ਦੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲ ਚੁੱਕੀ ਹੈ ਅਤੇ ਸਕੂਲਾਂ ਵਿੱਚ ਬਿਹਤਰ ਨਤੀਜੇ ਸਾਹਮਣੇ ਆ ਰਹੇ ਹਨ।ਉਨ੍ਹਾਂ ਦੱਸਿਆ ਕਿ ਹਾਲ ਹੀ ਵਿੱਚ ਹਲਕਾ ਜੰਡਿਆਲਾ ਗੁਰੂ ਦੇ ਬੋਰਡ ਪ੍ਰੀਖਿਆਵਾਂ ਵਿੱਚ 90 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 509 ਵਿਦਿਆਰਥੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ ਹੈ, ਜਿਸ ਨਾਲ ਵਿਦਿਆਰਥੀਆਂ ਵਿੱਚ ਉਤਸ਼ਾਹ ਅਤੇ ਮੁਕਾਬਲੇ ਦੀ ਭਾਵਨਾ ਨੂੰ ਹੋਰ ਬਲ ਮਿਲਿਆ ਹੈ।ਲੋਕ ਨਿਰਮਾਣ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜੰਡਿਆਲਾ ਗੁਰੂ ਵਿਖੇ ਸਰਕਾਰੀ ਪਾਲੀਟੈਕਨਿਕ ਕਾਲਜ ਦੀ ਸਥਾਪਨਾ ਕੀਤੀ ਜਾ ਰਹੀ ਹੈ, ਜੋ ਅਗਲੇ ਸਾਲ ਤੋਂ ਕਾਰਜਸ਼ੀਲ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਕਾਲਜ ਰਾਹੀਂ ਇਲਾਕੇ ਦੇ ਨੌਜਵਾਨ ਵੱਖ-ਵੱਖ ਟਰੇਡਾਂ ਵਿੱਚ ਤਕਨੀਕੀ ਸਿੱਖਿਆ ਹਾਸਲ ਕਰਕੇ ਆਪਣੇ ਪੈਰਾਂ 'ਤੇ ਖੜ੍ਹੇ ਹੋ ਸਕਣਗੇ।ਸਿੱਖਿਆ ਖੇਤਰ ਵਿੱਚ ਪੰਜਾਬ ਸਰਕਾਰ ਵੱਲੋਂ ਕੀਤੇ ਗਏ ਸੁਧਾਰਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਨੇ ਸਕੂਲ ਸਿੱਖਿਆ ਦੇ ਖੇਤਰ ਵਿੱਚ ਕੇਰਲ ਨੂੰ ਪਿੱਛੇ ਛੱਡਦੇ ਹੋਏ ਦੇਸ਼ ਦੇ ਸਿੱਖਿਆ ਸੂਚਕ ਅੰਕ ਵਿੱਚ ਸਿਖਰਲਾ ਸਥਾਨ ਹਾਸਲ ਕੀਤਾ ਹੈ। ਉਨ੍ਹਾਂ ਕਿਹਾ ਕਿ ਨੀਤੀ ਆਯੋਗ ਦੀ 2026 ਦੀ ਰਿਪੋਰਟ ਅਤੇ ਕੇਂਦਰ ਸਰਕਾਰ ਦੀ ਪੀ.ਜੀ.ਆਈ. 2.0 ਦਰਜਾਬੰਦੀ ਅਨੁਸਾਰ ਪੰਜਾਬ ਦੇ ਸਕੂਲਾਂ ਨੂੰ ਦੇਸ਼ ਭਰ ਵਿੱਚ ਪਹਿਲਾ ਸਥਾਨ ਪ੍ਰਾਪਤ ਹੋਇਆ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪੰਜਾਬ ਰੈਗੂਲੇਸ਼ਨ ਆਫ਼ ਫੀਸ ਆਫ਼ ਅਨਏਡਿਡ ਐਜੂਕੇਸ਼ਨਲ ਇੰਸਟੀਚਿਊਸ਼ਨਜ਼ ਐਕਟ ਵਿੱਚ ਸੋਧ ਕਰਨ ਲਈ ਆਰਡੀਨੈਂਸ ਨੂੰ ਮਨਜ਼ੂਰੀ ਦੇ ਦਿੱਤੀ ਹੈ, ਜਿਸ ਤਹਿਤ ਪ੍ਰਾਈਵੇਟ ਸਕੂਲਾਂ ਵੱਲੋਂ ਫੀਸਾਂ ਅਤੇ ਫੰਡਾਂ ਵਿੱਚ ਸਾਲਾਨਾ ਵਾਧਾ ਵੱਧ ਤੋਂ ਵੱਧ 5 ਫੀਸਦੀ ਤੱਕ ਸੀਮਿਤ ਕੀਤਾ ਗਿਆ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜੀਵਨ ਵਿੱਚ ਸਫ਼ਲਤਾ ਹਾਸਲ ਕਰਨ ਲਈ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਦ੍ਰਿੜ੍ਹ ਇਰਾਦੇ ਨਾਲ ਅੱਗੇ ਵਧਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਮਿਹਨਤ ਦਾ ਕੋਈ ਬਦਲ ਨਹੀਂ ਹੁੰਦਾ ਅਤੇ ਜੋ ਵਿਦਿਆਰਥੀ ਆਪਣੇ ਟੀਚਿਆਂ ਪ੍ਰਤੀ ਸਮਰਪਿਤ ਹੋ ਕੇ ਲਗਾਤਾਰ ਯਤਨ ਕਰਦੇ ਹਨ, ਉਹੀ ਭਵਿੱਖ ਵਿੱਚ ਉੱਚੇ ਮੁਕਾਮ ਹਾਸਲ ਕਰਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਅੱਜ ਕੀਤੀ ਗਈ ਮਿਹਨਤ ਹੀ ਕੱਲ੍ਹ ਦੀ ਸਫ਼ਲਤਾ ਦੀ ਮਜ਼ਬੂਤ ਨੀਂਹ ਬਣਦੀ ਹੈ, ਇਸ ਲਈ ਹਰ ਵਿਦਿਆਰਥੀ ਨੂੰ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਪੂਰੀ ਲਗਨ ਅਤੇ ਸਮਰਪਣ ਨਾਲ ਅੱਗੇ ਵਧਣਾ ਚਾਹੀਦਾ ਹੈ।

## ਇੱਕ ਨਜ਼ਰ...



## ਕਰਤਾਰਪੁਰ ਸਾਹਿਬ ਲਾਂਘਾ ਤੁਰੰਤ ਖੋਲ੍ਹਿਆ ਜਾਵੇ, ਪ੍ਰਧਾਨ ਮੰਤਰੀ ਪੰਜਾਬ ਦੌਰੇ ਦੌਰਾਨ ਕਰਨ ਐਲਾਨ: ਕਾਲਕਾ, ਕਾਹਲੋਂ

ਨਵੀਂ ਦਿੱਲੀ, 15 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੂੰ ਪੱਤਰ ਲਿਖ ਕੇ ਕਰਤਾਰਪੁਰ ਸਾਹਿਬ ਲਾਂਘੇ ਰਾਹੀਂ ਰੋਜ਼ਾਨਾ ਯਾਤਰਾ ਤੁਰੰਤ ਬਹਾਲ ਕਰਨ ਦੀ ਮੰਗ ਕੀਤੀ ਹੈ। ਕਮੇਟੀ ਨੇ ਅਪੀਲ ਕੀਤੀ ਹੈ ਕਿ ਪ੍ਰਧਾਨ ਮੰਤਰੀ ਆਪਣੇ ਆਗਾਮੀ ਪੰਜਾਬ ਦੌਰੇ ਦੌਰਾਨ ਲਾਂਘਾ ਮੁੜ ਖੋਲ੍ਹਣ ਦਾ ਐਲਾਨ ਕਰਨ। ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਪੱਤਰ ਵਿੱਚ ਕਿਹਾ ਕਿ ਸ੍ਰੀ ਕਰਤਾਰਪੁਰ ਸਾਹਿਬ ਦੁਨੀਆ ਭਰ ਦੀ ਗੁਰੂ ਨਾਨਕ ਨਾਮ ਲੇਵਾ ਸੰਗਤ ਲਈ ਅਤਿ ਪਵਿੱਤਰ ਅਸਥਾਨ ਹੈ ਅਤੇ ਲਾਂਘਾ ਬੰਦ ਹੋਣ ਕਾਰਨ ਸੰਗਤਾਂ ਦੀਆਂ ਧਾਰਮਿਕ ਭਾਵਨਾਵਾਂ ਪ੍ਰਭਾਵਿਤ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਭਾਵੇਂ ਕੇਂਦਰ ਸਰਕਾਰ ਨੇ ਪਿਛਲੇ ਸਮੇਂ ਦੌਰਾਨ ਵਿਸ਼ੇਸ਼ ਜਥਿਆਂ ਨੂੰ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਲਈ ਇਜਾਜ਼ਤ ਦਿੱਤੀ ਹੈ, ਪਰ ਹੁਣ ਕਰਤਾਰਪੁਰ ਸਾਹਿਬ ਲਾਂਘੇ ਰਾਹੀਂ ਰੋਜ਼ਾਨਾ ਯਾਤਰਾ ਵੀ ਜਲਦ ਤੋਂ ਜਲਦ ਬਹਾਲ ਕੀਤੀ ਜਾਣੀ ਚਾਹੀਦੀ ਹੈ। ਕਮੇਟੀ ਨੇ ਕਿਹਾ ਕਿ ਸੁਰੱਖਿਆ ਅਤੇ ਹੋਰ ਲੋੜੀਂਦੇ ਪ੍ਰਬੰਧ ਮੁਕੰਮਲ ਕਰਕੇ ਲਾਂਘਾ ਖੋਲ੍ਹਿਆ ਜਾਵੇ ਤਾਂ ਜੋ ਸੰਗਤਾਂ ਮੁੜ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰ ਸਕਣ। ਨਾਲ ਹੀ ਪ੍ਰਧਾਨ ਮੰਤਰੀ ਨੂੰ ਅਪੀਲ ਕੀਤੀ ਗਈ ਕਿ ਉਹ ਪੰਜਾਬ ਦੌਰੇ ਦੌਰਾਨ ਇਸ ਸਬੰਧੀ ਰਸਮੀ ਐਲਾਨ ਕਰਕੇ ਕਰੋੜਾਂ ਸ਼ਰਧਾਲੂਆਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਉਡੀਕ ਖ਼ਤਮ ਕਰਨ।

## ਮੱਲੀਆਂ ਦਾਣਾ ਪਾਣੀ ਢਾਬਾ ਦੇ ਸਾਹਮਣੇ ਖੇਤਾਂ ਦੇ ਵਿੱਚ ਮੋਟਰ ਦੇ ਕਮਰੇ ਵਿੱਚੋਂ ਭੇਦਭਰੇ ਹਾਲਾਤਾਂ ਵਿੱਚ ਨੌਜਵਾਨ ਦੀ ਲਾਸ਼ ਮਿਲੀ

### ਮ੍ਰਿਤਕ ਦੀ ਪਹਿਚਾਣ ਪਿੰਡ ਥੋਥੀਆਂ ਤੋਂ ਪੰਚਾਇਤ ਮੈਂਬਰ ਸੁਖਵਿੰਦਰ ਕੌਰ ਦੇ ਬੇਟੇ ਵਜੋਂ ਹੋਈ

ਜੰਡਿਆਲਾ ਗੁਰੂ 15 ਜੁਲਾਈ ( ਕੁਲਵੰਤ ਸਿੰਘ ਵਿਰਦੀ ) ਅੱਜ ਸਵੇਰੇ ਜੰਡਿਆਲਾ ਗੁਰੂ ਜੀਟੀ ਰੋਡ ਨੇੜੇ ਮੱਲੀਆਂ ਦਾਣਾ ਪਾਣੀ ਢਾਬਾ ਦੇ ਸਾਹਮਣੇ ਖੇਤਾਂ ਦੇ ਵਿੱਚ ਮੋਟਰ ਦੇ ਕਮਰੇ ਵਿੱਚੋਂ ਨੌਜਵਾਨ ਦੀ ਭੇਦਭਰੇ ਹਾਲਾਤਾਂ ਵਿੱਚ ਲਾਸ਼ ਮਿਲਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ ।ਪੁਲਿਸ ਅਧਿਕਾਰੀਆਂ ਵੱਲੋਂ ਮੌਕੇ ਤੇ ਪਹੁੰਚ ਕੇ ਲਾਸ਼ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਥਾਣੇ ਲਿਆਂਦਾ ਗਿਆ ।ਥਾਣੇ ਪਹੁੰਚੇ ਮਿਰਤਕ ਦੇ ਪਰਿਵਾਰਕ ਮੈਂਬਰਾਂ ਵਿੱਚ ਮਿਰਤਕ ਦੀ ਮਾਤਾ ਸੁਖਵਿੰਦਰ ਕੌਰ ਪੰਚਾਇਤ ਮੈਂਬਰ ਪਿੰਡ ਥੋਥੀਆ ਨੇ ਪੁਲਿਸ ਨੂੰ ਦਿੱਤੇ ਬਿਆਨਾਂ ਵਿੱਚ ਕਿਹਾ ਕਿ ਮੇਰਾ ਬੇਟਾ 13 ਜੁਲਾਈ ਸ਼ਾਮ ਨੂੰ ਘਰੋਂ ਮੋਟਰਸਾਇਕਲ ਤੇ ਜੰਡਿਆਲਾ ਗੁਰੂ ਸਮਾਨ ਲੈਣ ਲਈ ਗਿਆ ਸੀ ਅਤੇ ਉਸ ਦਿਨ ਤੋਂ ਹੀ ਘਰ ਵਾਪਸ ਨਹੀਂ ਆਇਆ ਅਤੇ ਅਸੀਂ ਦੋ ਦਿਨ ਉਸ ਦੀ ਕਾਫੀ ਭਾਲ ਕੀਤੀ ।ਬਿਆਨਾਂ ਵਿੱਚ ਉਹਨਾਂ ਨੇ ਦੱਸਿਆ ਕਿ ਮੇਰਾ ਬੇਟਾ ਦਿਮਾਗੀ ਤੌਰ ਤੇ ਪਰੇਸ਼ਾਨ ਰਹਿੰਦਾ ਸੀ ਅਤੇ ਨਸ਼ੇ ਕਰਨ ਦਾ ਆਦੀ ਸੀ ।ਮਿਰਤਕ ਦਾ ਨਾਮ ਗੁਰਪ੍ਰੀਤ ਸਿੰਘ ਉਰਫ ਗੋਪੀ ਉਮਰ ਕਰੀਬ 28 ਸਾਲ ਹੈ ਜੋ ਕਿ ਪੇਂਟਰ ਦਾ ਕੰਮ ਕਰਦਾ ਸੀ ਅਤੇ ਉਸ ਦੀਆਂ ਤਿੰਨ ਲੜਕੀਆਂ ਹਨ ਜਿਸ ਵਿੱਚੋਂ ਇੱਕ ਲੜਕੀ ਨੇ ਪੰਜ ਦਿਨ ਪਹਿਲਾਂ ਹੀ ਜਨਮ ਲਿਆ ਹੈ ।ਦੱਸਿਆ ਜਾਂਦਾ ਹੈ ਕਿ ਮਿਰਤਕ ਦੇ ਸਿਰ ਵਿੱਚ ਚੋਟ ਦਾ ਨਿਸ਼ਾਨ ਵੀ ਸੀ ਪਰ ਮਿਰਤਕ ਦੀ ਬਜੁਰਗ ਮਾਤਾ ਨੇ ਪੁਲਿਸ ਨੂੰ ਦਿੱਤੇ ਬਿਆਨਾਂ ਵਿੱਚ ਕਿਹਾ ਕਿ ਅਸੀਂ ਕੋਈ ਕਾਨੂੰਨੀ ਕਾਰਵਾਈ ਨਹੀਂ ਕਰਵਾਉਣਾ ਚਾਹੁੰਦਾ ।ਇਸ ਮੌਕੇ ਪਿੰਡ ਤੋਂ ਪਹੁੰਚੇ ਮੋਹਤਬਰ ਬੰਦਿਆ ਵਿਚ ਹਰਿੰਦਰ ਸਿੰਘ ਮੈਂਬਰ ਪੰਚਾਇਤ, ਹਰਪ੍ਰੀਤ ਸਿੰਘ, ਮਨਜੀਤ ਸਿੰਘ ਆਦਿ ਮੌਜੂਦ ਸਨ ।ਥਾਣਾ ਜੰਡਿਆਲਾ ਗੁਰੂ 174 ਦੀ ਕਾਰਵਾਈ ਅਧੀਨ ਮਾਮਲਾ ਦਰਜ ਕਰਕੇ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਅੰਮ੍ਰਿਤਸਰ ਭੇਜ ਦਿੱਤਾ ਗਿਆ ।ਮਾਮਲੇ ਦੀ ਜਾਂਚ ਕਰ ਰਹੇ ਪੁਲਿਸ ਅਧਿਕਾਰੀ ਹਰਜਿੰਦਰ ਸਿੰਘ ਨੇ ਦਸਿਆ ਕਿ ਪੋਸਟਮਾਟਰਮ ਵਿਚ ਸੱਟ ਲੱਗਣ ਦੇ ਕਾਰਨਾਂ ਦਾ ਪਤਾ ਲੱਗਣ ਤੋਂ ਬਾਅਦ ਅਗਲੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ



## ਗਰੀਬ ਪ੍ਰੀਵਾਰ ਦੇ ਘਰ ਵਿੱਚ ਇੱਕੋ ਇੱਕ ਕਮਰੇ ਦੇ ਬਾਲਿਆਂ ਦੀ ਛੱਤ ਡਿੱਗੀ, ਮਦਦ ਦੀ ਲਗਾਈ ਗੁਹਾਰ

ਜੰਡਿਆਲਾ ਗੁਰੂ 15 ਜੁਲਾਈ ( ਕੁਲਵੰਤ ਸਿੰਘ ਵਿਰਦੀ ) ਜੰਡਿਆਲਾ ਗੁਰੂ ਦੇ ਗਲੀ ਕੈਪਟਨ ਮਹਿਲ ਸਿੰਘ ਠਠਿਆਰਾ ਮੁਹੱਲਾ ਵਿੱਚ ਰਹਿੰਦੇ ਮੋਟੂ ਪੁੱਤਰ ਸੁਰਿੰਦਰ ਕੁਮਾਰ ਦੇ ਘਰ ਦੀ ਇੱਕੋ-ਇੱਕ ਕਮਰੇ ਦੀ ਛੱਤ ਡਿੱਗ ਗਈ ਹੈ, ਜਿਸ ਕਾਰਨ ਪਰਿਵਾਰ ਬਹੁਤ ਮੁਸ਼ਕਲ ਹਾਲਾਤਾਂ ਵਿੱਚ ਜੀਵਨ ਬਤੀਤ ਕਰ ਰਿਹਾ ਹੈ। ਬਰਸਾਤ ਦਾ ਮੌਸਮ ਅਤੇ ਇੱਕਲਾ ਹੀ ਕਮਰਾ ਹੋਣ ਕਰਕੇ ਪਰਿਵਾਰ ਕਾਫੀ ਪ੍ਰੇਸ਼ਾਨੀ ਵਿਚ ਹੈ ।ਇਸ ਤੋਂ ਵੀ ਵੱਧ ਦੁੱਖ ਦੀ ਗੱਲ ਇਹ ਹੈ ਕਿ ਉਨ੍ਹਾਂ ਦਾ 6 ਸਾਲ ਦਾ ਬੱਚਾ ਪੀਲੀਆ ਅਤੇ ਕਿਡਨੀ ਦੀ ਗੰਭੀਰ ਬਿਮਾਰੀ ਨਾਲ ਜੂਝ ਰਿਹਾ ਹੈ, ਜਿਸ ਦੇ ਇਲਾਜ ਲਈ ਵੀ ਪਰਿਵਾਰ ਕੋਲ ਸਾਧਨ ਨਹੀਂ ਹਨ। ਪਰਿਵਾਰ ਵਲੋਂ ਸਮੂਹ ਇਲਾਕਾ ਵਾਸੀਆਂ, ਸਮਾਜ ਸੇਵੀ ਸੰਸਥਾਵਾਂ , ਪੰਜਾਬ ਸਰਕਾਰ ਅਤੇ ਦਾਨੀ ਸੱਜਣਾਂ ਨੂੰ ਨਿਮਰਤਾ ਸਹਿਤ ਬੇਨਤੀ ਅਤੇ ਮੰਗ ਕੀਤੀ ਕਿ ਸਾਡੀ ਆਪਣੀ ਸਮਰੱਥਾ ਅਨੁਸਾਰ ਮਦਦ ਕੀਤੀ ਜਾਵੇ ।



# ਪੰਜਾਬ 'ਚ ਹੁਣ ਪ੍ਰਾਈਵੇਟ ਸਕੂਲਾਂ ਦੀ 'ਗੁੰਡਾਗਰਦੀ' ਤੇ ਮਨਮਰਜ਼ੀ 'ਤੇ ਲੱਗੇਗੀ ਲਗਾਮ ! 5% ਤੋਂ ਵੱਧ ਫੀਸ ਵਧਾਉਣ ਵਾਲੇ ਸਕੂਲਾਂ ਦੀ ਮਾਨਤਾ ਹੋਵੇਗੀ ਰੱਦ

ਪੰਜਾਬ ਦੇ ਲੱਖਾਂ ਪਰਿਵਾਰਾਂ ਨੂੰ ਵੱਡੀ ਰਾਹਤ ਦਿੰਦਿਆਂ ਸਰਕਾਰ ਵੱਲੋਂ "ਦ ਪੰਜਾਬ ਰੈਗੂਲੇਸ਼ਨ ਆਫ ਫੀਸ ਆਫ ਅਨਏਡਿਡ ਐਜੂਕੇਸ਼ਨਲ ਇੰਸਟੀਚਿਊਸ਼ਨਜ਼ (ਅਮੈਂਡਮੈਂਟ) ਆਰਡੀਨੈਂਸ, 2026" ਲਾਗੂ ਕਰ ਦਿੱਤਾ ਗਿਆ ਹੈ। ਇਸ ਨਵੇਂ ਕਾਨੂੰਨ ਤਹਿਤ ਹੁਣ ਕੋਈ ਵੀ ਪ੍ਰਾਈਵੇਟ ਸਕੂਲ ਸਾਲਾਨਾ 5 ਫੀਸਦੀ ਤੋਂ ਵੱਧ ਫੀਸ ਨਹੀਂ ਵਧਾ ਸਕੇਗਾ। ਜੇਕਰ ਕੋਈ ਸਕੂਲ ਇਸ ਨਿਯਮ ਦੀ ਉਲੰਘਣਾ ਕਰਦਾ ਹੈ, ਤਾਂ ਉਸ ਵਿਰੁੱਧ ਨਾ ਸਿਰਫ਼ ਕਾਨੂੰਨੀ ਕਾਰਵਾਈ ਹੋਵੇਗੀ, ਸਗੋਂ ਸਕੂਲ ਦੀ ਮਾਨਤਾ ਵੀ ਹਮੇਸ਼ਾ ਲਈ ਰੱਦ ਕੀਤੀ ਜਾ ਸਕਦੀ ਹੈ। ਨਵੇਂ ਨਿਯਮਾਂ ਅਨੁਸਾਰ, ਸਾਰੇ ਪ੍ਰਾਈਵੇਟ ਸਕੂਲਾਂ ਲਈ ਪਿਛਲੇ ਤਿੰਨ ਸਾਲਾਂ ਦਾ ਫੀਸ ਰਿਕਾਰਡ ਅਗਲੇ 10 ਦਿਨਾਂ ਦੇ ਅੰਦਰ ਸਰਕਾਰੀ ਪੋਰਟਲ 'ਤੇ ਅਪਲੋਡ ਕਰਨਾ ਲਾਜ਼ਮੀ ਕਰ ਦਿੱਤਾ ਗਿਆ ਹੈ। ਜੇਕਰ ਜਾਂਚ ਦੌਰਾਨ ਇਹ ਸਾਹਮਣੇ ਆਇਆ ਕਿ ਕਿਸੇ ਸਕੂਲ ਨੇ ਪਿਛਲੇ 3 ਸਾਲਾਂ ਵਿੱਚ ਕੁੱਲ 15 ਫੀਸਦੀ ਤੋਂ ਵੱਧ ਫੀਸ ਵਧਾਈ ਹੈ, ਤਾਂ ਸਕੂਲ ਪ੍ਰਬੰਧਕਾਂ ਨੂੰ ਵਾਧੂ ਵਸੂਲੀ ਗਈ ਪੂਰੀ ਰਕਮ ਮਾਪਿਆਂ ਨੂੰ ਵਿਆਜ ਸਮੇਤ ਵਾਪਸ ਕਰਨੀ ਪਵੇਗੀ। ਪ੍ਰਸਿੱਧ ਕਿਸਾਨ ਆਗੂ ਰੁਸਤਮ ਮੋਰਿੰਡਾ ਨੇ ਸਰਕਾਰ ਦੇ ਇਸ ਇਤਿਹਾਸਕ ਕਦਮ ਦਾ ਭਰਵਾਂ ਸਵਾਗਤ ਕੀਤਾ ਹੈ। ਉਨ੍ਹਾਂ ਕਿਹਾ ਕਿ ਜੇਕਰ ਇਹ ਆਰਡੀਨੈਂਸ ਜ਼ਮੀਨੀ ਪੱਧਰ 'ਤੇ ਸਖ਼ਤੀ ਨਾਲ ਲਾਗੂ ਹੁੰਦਾ ਹੈ, ਤਾਂ ਪੰਜਾਬ ਦੇ ਲਗਭਗ 7,800 ਪ੍ਰਾਈਵੇਟ ਸਕੂਲਾਂ ਵਿੱਚ ਪੜ੍ਹਦੇ ਕਰੀਬ 32 ਲੱਖ ਵਿਦਿਆਰਥੀਆਂ ਦੇ ਮਾਪਿਆਂ ਨੂੰ ਆਰਥਿਕ ਲੁੱਟ ਤੋਂ ਵੱਡੀ ਨਿਜਾਤ ਮਿਲੇਗੀ। ਰੁਸਤਮ ਮੋਰਿੰਡਾ ਨੇ ਕਿਹਾ, "ਕਈ ਨਾਮੀ ਪ੍ਰਾਈਵੇਟ ਸਕੂਲ ਸਿੱਖਿਆ ਨੂੰ ਵਪਾਰ ਬਣਾ ਚੁੱਕੇ ਹਨ। ਹਰ ਸਾਲ ਮਨਮਰਜ਼ੀ ਨਾਲ ਫੀਸਾਂ ਵਧਾਉਣ ਤੋਂ ਇਲਾਵਾ, ਮਾਪਿਆਂ ਨੂੰ ਖਾਸ ਦੁਕਾਨਾਂ ਤੋਂ ਹੀ ਮਹਿੰਗੀਆਂ ਵਰਦੀਆਂ, ਕਿਤਾਬਾਂ ਅਤੇ ਹੋਰ ਸਾਮਾਨ ਖਰੀਦਣ ਲਈ ਮਜਬੂਰ ਕੀਤਾ ਜਾਂਦਾ ਹੈ। ਸਰਕਾਰ ਦਾ ਇਹ ਫੈਸਲਾ ਇਸ ਲੁੱਟ ਨੂੰ ਰੋਕਣ ਵਿੱਚ ਮੀਲ ਦਾ ਪੱਥਰ ਸਾਬਤ ਹੋਵੇਗਾ।÷ ਕਿਸਾਨ ਆਗੂ ਨੇ ਪੰਜਾਬ ਦੇ ਸਮੂਹ ਮਾਪਿਆਂ ਨੂੰ ਅਪੀਲ ਕੀਤੀ ਹੈ ਕਿ ਜੇਕਰ ਕਿਸੇ ਵੀ ਸਕੂਲ ਨੇ ਪਿਛਲੇ ਤਿੰਨ ਸਾਲਾਂ ਦੌਰਾਨ ਨਿਯਮਾਂ ਤੋਂ ਵੱਧ ਫੀਸ ਵਸੂਲੀ ਹੈ ਜਾਂ ਮੌਜੂਦਾ ਨਿਯਮਾਂ ਦੀ ਉਲੰਘਣਾ ਕਰ ਰਿਹਾ ਹੈ, ਤਾਂ ਉਹ ਬਿਨਾਂ ਕਿਸੇ ਡਰ ਤੋਂ ਸਬੂਤਾਂ ਸਮੇਤ ਮਾਮਲਾ ਸਰਕਾਰ ਅਤੇ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਉਣ ਤਾਂ ਜੋ ਅਜਿਹੇ ਸਕੂਲਾਂ ਖ਼ਿਲਾਫ਼ ਸਖ਼ਤ ਐਕਸ਼ਨ ਲਿਆ ਜਾ ਸਕੇ। ਉਨ੍ਹਾਂ ਨੇ ਸਰਕਾਰ ਨੂੰ ਵੀ ਚੇਤਾਵਨੀ ਭਰੇ ਲਹਿਜੇ ਵਿੱਚ ਅਪੀਲ ਕੀਤੀ ਕਿ ਇਸ ਕਾਨੂੰਨ ਨੂੰ ਸਿਰਫ਼ ਕਾਗਜ਼ਾਂ ਤੱਕ ਸੀਮਿਤ ਨਾ ਰੱਖਿਆ ਜਾਵੇ, ਸਗੋਂ ਜ਼ਮੀਨੀ ਪੱਧਰ 'ਤੇ ਸਖ਼ਤੀ ਨਾਲ ਲਾਗੂ ਕਰਕੇ ਮਾਪਿਆਂ ਨੂੰ ਅਸਲ ਰਾਹਤ ਦਿੱਤੀ ਜਾਵੇ।



ਪਰਗਟ ਸਿੰਘ ਬਲਬੇੜਾ ,9022000070

# ਪਿੰਡ ਰਾਜੋਮਜਰਾ ਵਿਖੇ 'ਲੋਕ ਮਿਲਣੀ' ਦੌਰਾਨ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਸੁਣੀਆਂ ਲੋਕਾਂ ਦੀਆਂ ਮੁਸ਼ਕਲਾਂ

### ਲੋਕ ਮਿਲਣੀ ਸਮੱਸਿਆਵਾਂ ਦੇ ਤੁਰੰਤ ਨਿਪਟਾਰੇ ਲਈ ਪ੍ਰਭਾਵਸ਼ਾਲੀ ਮੰਚ ਬਣੀ: ਡਾਕਟਰ ਅਨਵਰ ਭਸੌੜ

ਧੂਰੀ/ਸ਼ੇਰਪੁਰ, 15 ਜੁਲਾਈ ( ਰਣਜੀਤ ਸਿੰਘ ਪੇਧਨੀ)-ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਅੱਜ ਪਿੰਡ ਰਾਜੋਮਾਜਰਾ ਵਿਖੇ ਕਰਵਾਈ ਗਈ 'ਲੋਕ ਮਿਲਣੀ' ਦੌਰਾਨ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਸਬੰਧਤ ਅਧਿਕਾਰੀਆਂ ਨੂੰ ਉਨ੍ਹਾਂ ਦੇ ਤਰਜੀਹੀ ਆਧਾਰ 'ਤੇ ਨਿਪਟਾਰੇ ਲਈ ਲੋੜੀਂਦੀਆਂ ਹਦਾਇਤਾਂ ਦਿੱਤੀਆਂ। ਇਸ ਮੌਕੇ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਬਿਹਤਰ ਅਤੇ ਪਾਰਦਰਸ਼ੀ ਪ੍ਰਸ਼ਾਸਨ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ 'ਲੋਕ ਮਿਲਣੀ' ਪ੍ਰੋਗਰਾਮਾਂ ਰਾਹੀਂ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਿੱਧੇ ਤੌਰ 'ਤੇ ਸੁਣ ਕੇ ਉਨ੍ਹਾਂ ਦਾ ਸਮੇਂ ਸਿਰ ਹੱਲ ਯਕੀਨੀ ਬਣਾਇਆ ਜਾ ਰਿਹਾ ਹੈ, ਜਿਸ ਨਾਲ ਲੋਕਾਂ ਦਾ ਸਰਕਾਰ ਪ੍ਰਤੀ ਵਿਸ਼ਵਾਸ ਹੋਰ ਮਜ਼ਬੂਤ ਹੋ ਰਿਹਾ ਹੈ। ਮੁੱਖ ਮੰਤਰੀ ਦਫ਼ਤਰ ਇੰਚਾਰਜ ਡਾਕਟਰ ਅਨਵਰ ਭਸੌੜ ਨੇ ਕਿਹਾ ਕਿ ਧੂਰੀ ਹਲਕੇ ਦੇ ਹਰ ਪਿੰਡ ਵਿੱਚ ਵਿਕਾਸ ਕਾਰਜ ਜੰਗੀ ਪੱਧਰ 'ਤੇ ਜਾਰੀ ਹਨ ਅਤੇ ਲੋਕ ਭਲਾਈ ਨਾਲ ਸਬੰਧਤ ਹਰ ਯੋਜਨਾ ਦਾ ਲਾਭ ਯੋਗ ਲਾਭਪਾਤਰੀਆਂ ਤੱਕ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਸਮੱਸਿਆਵਾਂ ਅਤੇ ਸੁਝਾਅ ਸਰਕਾਰ ਤੱਕ ਪਹੁੰਚਾਉਣ ਤਾਂ ਜੋ ਉਨ੍ਹਾਂ ਦਾ ਜਲਦ ਹੱਲ ਕੀਤਾ ਜਾ ਸਕੇ। ਇਸ ਮੌਕੇ ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ, ਡਾਇਰੈਕਟਰ ਅਨਿਲ ਮਿੱਤਲ, ਚੇਅਰਮੈਨ ਪੁਸ਼ਿਪੰਦਰ ਸ਼ਰਮਾ, ਸਰਪੰਚ ਮਨਪ੍ਰੀਤ ਸ਼ਰਮਾ, ਸਰਪੰਚ ਮਨਪ੍ਰੀਤ ਸਿੰਘ ਰਾਜੋਮਾਜਰਾ, ਸੁਰਜੀਤ ਸਿੰਘ ਰਾਜੋਮਾਜਰਾ, ਬੂਟਾ ਸਿੰਘ ਗਿੱਲ, ਸਰਪੰਚ ਜਗਜੀਤ ਸਿੰਘ ਕੱਕੜਵਾਲ, ਕੁਲਦੀਪ ਸਿੰਘ ਪੇਧਨੀ ਪੰਚ, ਸੁਰਜੀਤ ਸਿੰਘ ਪੰਚ ਪੇਧਨੀ, ਬਾਬਾ ਪਰਮਜੀਤ ਸਿੰਘ ਪੰਮਾ ਹਾਜ਼ਰ ਸਨ।



# ਵਾਤਾਵਰਣ ਸੰਭਾਲ ਲਈ, ਪੁਲਿਸ ਸਾਂਝ ਕੇਂਦਰ ਪੂਰਬੀ ਅਤੇ ਅਮ੍ਰਿਤਸਰ ਹਰਿਆਵਲ ਮੰਚ ਵਲੋਂ ਸਸਸਸ ਸਕੂਲ ਵੱਲਾ ਵਿੱਚ ਲਗਾਏ ਪੌਦੇ: ਡਾ ਇਕਬਾਲ ਸਿੰਘ ਤੁੰਗ




ਚੌਕ ਮਹਿਤਾ, 15 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)- ਧਰਤੀ ਉਪਰ ਆਲਮੀ ਵਾਯੂਮੰਡਲ ਤਬਦੀਲੀ ਨੂੰ ਘੱਟ ਕਰਨ ਦੇ ਉਦੇਸ਼ ਨਾਲ ਮਾਨਯੋਗ ਸਪੈਸ਼ਲ ਡਾਇਰੈਕਟਰ ਜਨਰਲ ਪੁਲਿਸ, ਕਮਿਊਨਿਟੀ ਅਫੇਅਰ ਡਵੀਜ਼ਨ ਚੰਡੀਗੜ੍ਹ ਸ੍ਰੀਮਤੀ ਗੁਰਪ੍ਰੀਤ ਕੌਰ ਦਿਓ, ਮਾਨਯੋਗ ਕਮਿਸ਼ਨਰ ਪੁਲਿਸ ਅੰਮ੍ਰਿਤਸਰ ਸ਼੍ਰੀ ਗੁਰਪ੍ਰੀਤ ਸਿੰਘ ਭੁੱਲਰ ਜੀ ਦੀ ਪ੍ਰੇਰਨਾ ਅਨੁਸਾਰ ਸ੍ਰੀਮਤੀ ਪਰਵਿੰਦਰ ਕੌਰ ਜਿਲ੍ਹਾ ਕਮਿਊਨਟੀ ਪੁਲਿਸ ਅਫਸਰ ਅੰਮ੍ਰਿਤਸਰ ਜੀ ਦੇ ਭੇਜਿਆਂ ਇੰਸਪੈਕਟਰ ਪਰਮਦੀਪ ਕੌਰ ਇੰਚਾਰਜ ਜਿਲਾ ਸਾਂਝ ਕੇਂਦਰ ਅੰਮ੍ਰਿਤਸਰ ਸਮੇਤ ਸਾਂਝ ਸਟਾਫ ਸਬ ਡਵੀਜ਼ਨ ਸਾਝ ਕੇਂਦਰ ਪੂਰਬੀ ਵਲੋ ਅੰਮ੍ਰਿਤਸਰ ਹਰਿਆਵਲ ਮੰਚ ਦੇ ਪ੍ਰਧਾਨ ਇੰਜ ਦਲਜੀਤ ਸਿੰਘ ਕੋਹਲੀ, ਇੰਜ ਮਨਜੀਤ ਸਿੰਘ ਸੈਣੀ, ਮਨਦੀਪ ਸਿੰਘ, ਡਾ ਇਕਬਾਲ ਸਿੰਘ ਤੁੰਗ, ਡਾ ਨਿਰਮਲ ਸਿੰਘ ਆਨੰਦ, ਅਵਤਾਰ ਸਿੰਘ ਬੁੱਟਰ , ਗੁਰਮੀਤ ਸਿੰਘ ਭੱਟੀ, ਸ੍ਰ ਲਖਬੀਰ ਸਿੰਘ ਘੁੰਮਣ ਅਤੇ ਮੈਡਮ ਡੌਲੀ ਭਾਟਿਆ ਜਨਰਲ ਸਕੱਤਰ ਭਾਰਤ ਵਿਕਾਸ ਪ੍ਰੀਸ਼ਦ, ਮੈਡਮ ਸਰੋਜ ਚਾਵਲਾ ਅਤੇ ਸਹਿਯੋਗੀਆ ਦੀ ਮੱਦਦ ਨਾਲ ਮੇਜਰ ਤੇਜਿੰਦਰ ਪਾਲ ਸਿੰਘ ਸੋਹਲ, ਸਰਕਾਰੀ ਸੀਨੀਅਰ ਸਕੈਂਡਰੀ ਸਕੂਲ ਵੱਲ੍ਹਾ, ਅੰਮ੍ਰਿਤਸਰ ਦੇ ਪ੍ਰਿੰਸੀਪਲ ਸ੍ਰੀਮਤੀ ਆਸ਼ੂ ਵਿਜ ਤੇ ਐਸ ਪੀ ਸੀ ਇੰਚਾਰਜ ਸ੍ਰੀਮਤੀ ਰੇਨੂੰ ਬਾਲਾ ਤੇ ਸਕੂਲ ਸਟਾਫ ਅਤੇ ਵਿਦਿਆਰਥੀਆਂ ਨਾਲ ਮਿਲ ਕੇ ਵਾਤਾਵਰਨ ਨੂੰ ਬਚਾਉਣ ਖਾਤਿਰ ਰੁੱਖ ਮਿੱਤਰ ਮੁਹਿਮ ਤਹਿਤ ਸਕੂਲ ਵਿੱਚ ਰੁੱਖ ਲਗਾਏ ਗਏ। ਇੰਜ ਦਲਜੀਤ ਸਿੰਘ ਕੋਹਲੀ ਨੇ ਬੱਚਿਆਂ ਨੂੰ ਦੱਸਿਆ ਕਿ ਅਜੋਕੇ ਸਮੇਂ ਪੌਦੇ ਲਗਾਉਣਾ ਵਾਤਾਵਰਣ, ਆਕਸੀਜਨ, ਪੰਛੀਆਂ ਦੇ ਆਲ੍ਹਣੇ, ਫ਼ਲ, ਫੁਲ ਅਤੇ ਠੰਡੀਆਂ ਛਾਵਾਂ ਨੂੰ ਬਚਾਉਣ ਲਈ ਬਹੁਤ ਜ਼ਰੂਰੀ ਹੈ। ਰੁੱਖ ਹਵਾ ਵਿਚੋਂ ਧੂੜ ਮਿੱਟੀ ਅਤੇ ਪ੍ਰਦੂਸ਼ਣ ਦੇ ਕਣ ਸੋਖ ਕੇ ਵਾਤਾਵਰਨ ਸ਼ੁੱਧ ਕਰਦੇ ਹਨ, ਪੰਛੀਆਂ ਦਾ ਮਨੁਖੀ ਜੀਵਨ ਵਿਚ ਬਹੁਤ ਵੱਡਾ ਰੋਲ ਹੈ ਅਤੇ ਇਹਨਾਂ ਰੁਖਾਂ ਉਪਰ ਹੀ ਪੰਛੀਆਂ ਦਾ ਰੈਣ ਬਸੇਰਾ ਹੁੰਦਾ ਹੈ, ਰੁੱਖ ਪੰਛੀਆਂ ਦੀਆਂ ਕੁਦਰਤੀ ਕਲੋਨੀਆਂ ਹੁੰਦੀਆਂ ਹਨ, ਰੁੱਖਾ ਦੀ ਬੇਸ਼ਕੀਮਤੀ ਲਕੜੀ ਦੇਵੀ ਦੇਵਤਿਆਂ ਦੀ ਪੂਜਾ ਤੋਂ ਲੈ ਕੇ ਇਨਸਾਨ ਦੇ ਰੈਣ ਬਸੇਰੇ ਲਈ ਬਹੁਤ ਜ਼ਰੂਰੀ ਹੈ। ਰੁੱਖ ਬਰਸਾਤ ਵਾਸਤੇ ਬਹੁਤ ਜ਼ਰੂਰੀ ਹਨ, ਇਹ ਬਦਲਾ ਨੂੰ ਆਪਣੇ ਵਲ ਆਕਰਸ਼ਿਤ ਕਰਦੇ ਹਨ, ਤਾਂ ਹੀ ਧਰਤੀ ਉਪਰ ਬਰਸਾਤ ਹੁੰਦੀ ਹੈ ।ਇਸ ਲਈ ਸਾਨੂੰ ਸਾਰਿਆਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ।

# ਇੱਕ ਨਜ਼ਰ . . .



## ਭਾਈ ਜਸਵੰਤ ਸਿੰਘ ਖਾਲੜਾ ਦੀ ਜੀਵਨੀ ਤੇ ਬਣੀ ਫਿਲਮ ਦਿਖਾ ਲੋਕਾਂ ਨੂੰ ਕੀਤਾ ਜਾਗਰੂਕ

ਫ਼ਿਰੋਜ਼ਪੁਰ, 15 ਜੁਲਾਈ (ਮਨੋਹਰ ਲਾਲ) :– ਭਾਈ ਜਸਵੰਤ ਸਿੰਘ ਜੀ ਖਾਲੜਾ ਵੱਲੋਂ 1995 ਵਿੱਚ ਪੰਜਾਬ ਦੇ ਸਿੱਖ ਅਤੇ ਹਿੰਦੂ ਪਰਿਵਾਰਾਂ ਦੇ ਨੌਜਵਾਨ ਬੱਚਿਆਂ ਨੂੰ ਅੱਤਵਾਦੀ ਦੱਸ ਕੇ ਪੰਜਾਬ ਸਰਕਾਰ ਨੇ ਪੁਲਿਸ ਨਾਲ ਮਿਲ ਕੇ ਘਰਾਂ ਵਿੱਚੋਂ ਕੱਢ ਕੇ ਬਚਿਆਂ ਨੂੰ ਮਾਰਿਆ ਸੀ ਉਸ ਵੇਲੇ ਦੇ ਹਾਲਾਤ ਨੂੰ ਮੁੱਖ ਰੱਖਦੇ ਹੋਏ ਭਾਈ ਦਿਲਜੀਤ ਸਿੰਘ ਦੋਸਾਂਝ (ਜਿਨਾ ਨੇ ਜਸਵੰਤ ਸਿੰਘ ਖਾਲੜਾ ਦਾ ਕਿਰਦਾਰ ਨਿਭਾਇਆ) ਵੱਲੋਂ ਬਣਾਈ ਗਈ ਫਿਲਮ ਸਤਲੁਜ ਪੰਜਾਬ 1995 ਪਿੰਡ ਖੁਸ਼ਹਾਲ ਸਿੰਘ ਵਾਲਾ ਰੱਖੜੀ ਸਥਿਤ ਗੁਰਦੁਆਰਾ ਸ੍ਰੀ ਗੁਰੂ ਨਾਨਕ ਦਰਬਾਰ ਵਿਖੇ ਸੰਗਤਾਂ ਨੂੰ ਵਿਖਾਈ ਗਈ ਅਤੇ ਆਉਣ ਵਾਲੀ ਫਿਲਮ ਦਸਤਾਰ ਦੀ ਟੀਮ ਭਾਈ ਤਰਸੇਮ ਸਿੰਘ ਜੱਸੜ ਵੀ ਉੱਥੇ ਪਹੁੰਚੇ ਹੋਏ ਸਨ। ਉਨ੍ਹਾਂ ਸੰਗਤਾਂ ਨੂੰ ਫਿਲਮ ਦਸਤਾਰ ਬਾਰੇ ਵੀ ਜਾਣਕਾਰੀ ਦਿੱਤੀ। ਉਸ ਤੋਂ ਇਲਾਵਾ ਭਾਰਤ ਨਗਰ ਗੁਰਦੁਆਰਾ ਗੁਰੂ ਨਾਨਕ ਨਿਵਾਸ ਅਤੇ ਗੁਰਦੁਆਰਾ ਗੁਰੂ ਅਰਜਨ ਦੇਵ ਜੀ ਧਵਨ ਕਲੋਨੀ ਵਿਖੇ ਵੀ ਸੰਗਤਾਂ ਨੂੰ ਫਿਲਮ ਵਿਖਾਈ ਗਈ। ਫਿਲਮ ਦੀ ਸਮਾਪਤੀ ਉਪਰੰਤ ਗੁਰੂ ਕੀਆਂ ਸੰਗਤਾਂ ਨੂੰ ਗੁਰੂ ਕਾ ਲੰਗਰ ਛਕਾਇਆ ਗਿਆ। ਇਸ ਮੌਕੇ ਤੇ ਪ੍ਰਧਾਨ ਸੁਬੇਗ ਸਿੰਘ ਖਜਾਨਚੀ ਗੁਰਮੀਤ ਸਿੰਘ ਅਤੇ ਹੈਡ ਗ੍ਰੰਥੀ ਭਾਈ ਹਰਭਜਨ ਸਿੰਘ ਰੱਖੜੀ ਹੈਡ ਗ੍ਰੰਥੀ ਭਾਈ ਸਤਨਾਮ ਸਿੰਘ ਸਾਜਨ ਹੈਡ ਗ੍ਰੰਥੀ ਭਾਈ ਮਨਪ੍ਰੀਤ ਸਿੰਘ ਭਾਈ ਨਰਿੰਦਰ ਸਿੰਘ ਭਾਈ ਨਿਰਮਲ ਸਿੰਘ ਭਾਈ ਸੁਬੇਗ ਸਿੰਘ ਤੋਂ ਇਲਾਵਾ ਪ੍ਰਬੰਧਕ ਕਮੇਟੀਆਂ ਦੇ ਹੋਰ ਮੈਂਬਰ ਸਾਹਿਬਾਨ ਵੀ ਹਾਜ਼ਰ ਸਨ।

## ਫ਼ਿਰੋਜ਼ਪੁਰ ਸਿਵਲ ਹਸਪਤਾਲ 'ਚ ਨਿੱਜੀ ਡਾਕਟਰਾਂ ਦੀ ਓ.ਪੀ.ਡੀ. ਤੇ ਸਿਆਸੀ ਬਵਾਲ, ਸ਼੍ਰੋਮਣੀ ਅਕਾਲੀ ਪੁਨਰ ਸੁਰਜੀਤ ਨੇ ਕੀਤਾ ਤਿੱਖਾ ਵਿਰੋਧ



ਫ਼ਿਰੋਜ਼ਪੁਰ, 15 ਜੁਲਾਈ (ਮਨੋਹਰ ਲਾਲ) : ਫ਼ਿਰੋਜ਼ਪੁਰ ਦੇ ਸਿਵਲ ਹਸਪਤਾਲ ਵਿੱਚ ਹਾਲ ਹੀ ਵਿੱਚ ਨਿੱਜੀ ਹਸਪਤਾਲਾਂ ਦੇ ਡਾਕਟਰਾਂ ਵੱਲੋਂ ਸ਼ੁਰੂ ਕੀਤੀ ਗਈ ਓ.ਪੀ.ਡੀ. ਸੇਵਾ ਨੇ ਇੱਕ ਵੱਡਾ ਸਿਆਸੀ ਵਿਵਾਦ ਖੜ੍ਹਾ ਕਰ ਦਿੱਤਾ ਹੈ। ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਹਲਕਾ ਫ਼ਿਰੋਜ਼ਪੁਰ ਸ਼ਹਿਰ ਦੇ ਇੰਚਾਰਜ ਜਸਵੀਰ ਸਿੰਘ ਭੁੱਲਰ ਨੇ ਇਸ ਕਦਮ ਦਾ ਪੁਰਜ਼ੋਰ ਸ਼ਬਦਾਂ ਵਿੱਚ ਵਿਰੋਧ ਕੀਤਾ ਹੈ ਅਤੇ ਭਗਵੰਤ ਮਾਨ ਸਰਕਾਰ ਨੂੰ ਘੇਰਿਆ ਹੈ। ਇੱਕ ਤਿੱਖੇ ਬਿਆਨ ਵਿੱਚ ਸ੍ਰੀ ਭੁੱਲਰ ਨੇ ਕਿਹਾ ਕਿ ਇਹ ਬਹੁਤ ਹੀ ਹੈਰਾਨੀਜਨਕ ਅਤੇ ਨਿੰਦਣਯੋਗ ਹੈ ਕਿ ਹੁਣ ਸਰਕਾਰੀ ਹਸਪਤਾਲਾਂ ਦੀਆਂ ਇਮਾਰਤਾਂ ਦੀ ਵਰਤੋਂ ਪ੍ਰਾਈਵੇਟ ਹਸਪਤਾਲਾਂ ਵਾਲੇ ਆਪਣੀ ਓ.ਪੀ.ਡੀ। ਚਲਾਉਣ ਲਈ ਕਰ ਰਹੇ ਹਨ। ਉਨ੍ਹਾਂ ਸਵਾਲ ਉਠਾਇਆ ਕਿ ਜੇਕਰ ਨਿੱਜੀ ਹਸਪਤਾਲ ਸੱਚਮੁੱਚ ਗਰੀਬਾਂ ਦਾ ਮੁਫ਼ਤ ਇਲਾਜ ਕਰਨਾ ਚਾਹੁੰਦੇ ਹਨ ਤਾਂ ਉਹ ਇਹ ਸੇਵਾ ਆਪਣੇ ਨਿੱਜੀ ਹਸਪਤਾਲਾਂ ਦੇ ਅੰਦਰ ਕਿਉਂ ਨਹੀਂ ਪ੍ਰਦਾਨ ਕਰਦੇ। ਉਨ੍ਹਾਂ ਦੋਸ਼ ਲਾਇਆ ਕਿ ਇਹ ਕਦਮ ਗਰੀਬ ਮਰੀਜ਼ਾਂ ਦੀ ਭਲਾਈ ਦੇ ਨਾਂ ਤੇ ਪ੍ਰਾਈਵੇਟ ਹਿੱਤਾਂ ਨੂੰ ਉਤਸ਼ਾਹਿਤ ਕਰਨ ਦੀ ਇੱਕ ਕੋਸ਼ਿਸ਼ ਹੈ। ਗੱਲਬਾਤ ਕਰਦਿਆਂ ਭੁੱਲਰ ਨੇ ਚੇਤਾਵਨੀ ਦਿੱਤੀ ਕਿ ਅਜਿਹੀਆਂ ਨੀਤੀਆਂ ਨਾਲ ਆਉਣ ਵਾਲੇ ਸਮੇਂ ਵਿੱਚ ਗਰੀਬਾਂ ਵਿੱਚ ਭੁੱਖਮਰੀ ਅਤੇ ਬੇਰੁਜ਼ਗਾਰੀ ਵਧੇਗੀ। ਉਨ੍ਹਾਂ ਕਿਹਾ ਕਿ ਇਸ ਨਾਲ ਰੁਜ਼ਗਾਰ ਦੇ ਮੌਕੇ ਘਟਣਗੇ ਅਤੇ ਮੁਲਾਜ਼ਮ 10–10 ਹਜ਼ਾਰ ਰੁਪਏ ਦੀ ਨੌਕਰੀ ਕਰਨ ਲਈ ਮਜਬੂਰ ਹੋਣਗੇ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸਿਵਲ ਹਸਪਤਾਲ ਵਿੱਚ ਚੱਲ ਰਹੀ ਇਸ ਨਿੱਜੀ ਓ.ਪੀ.ਡੀ. ਨੂੰ ਤੁਰੰਤ ਬੰਦ ਕਰਵਾਇਆ ਜਾਵੇ। ਅਕਾਲੀ ਆਗੂ ਨੇ ਸਪੱਸ਼ਟ ਕੀਤਾ ਕਿ ਜੇਕਰ ਸਰਕਾਰ ਨੇ ਇਸ ਮਾਮਲੇ ਵਿੱਚ ਤੁਰੰਤ ਕਾਰਵਾਈ ਨਾ ਕੀਤੀ ਤਾਂ ਉਹ ਮੁਲਾਜ਼ਮ ਜਥੇਬੰਦੀਆਂ ਦੇ ਨਾਲ ਮਿਲ ਕੇ ਇੱਕ ਤਕੜਾ ਸੰਘਰਸ਼ ਸ਼ੁਰੂ ਕਰਨ ਲਈ ਮਜਬੂਰ ਹੋਣਗੇ। ਉਨ੍ਹਾਂ ਕਿਹਾ ਕਿ ਕਿਸੇ ਵੀ ਤਰ੍ਹਾਂ ਦੇ ਅਣਸੁਖਾਵੇਂ ਹਾਲਾਤ ਲਈ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ। ਇਹ ਵਿਵਾਦ ਆਉਣ ਵਾਲੇ ਦਿਨਾਂ ਵਿੱਚ ਹੋਰ ਭਖਣ ਦੀ ਸੰਭਾਵਨਾ ਹੈ






# ਗੁਰੂ ਗ੍ਰੰਥ ਸਾਹਿਬ ਜੀ ਦੀ ਦੋ ਸਾਲ ਪਹਿਲਾਂ ਹੋਈ ਬੇਅਦਬੀ ਦਾ ਮਾਮਲਾ ਆਇਆ ਸਾਹਮਣੇ

**ਰੋਸ ਪ੍ਰਗਟ ਕਰ ਰਹੇ ਸਿੰਘਾਂ ਤੇ ਇੱਕ ਵਿਅਕਤੀ ਨੇ ਤਾਣਿਆ ਪਿਸਤੌਲ • ਦੋ ਸਾਲ ਤੋਂ ਸ਼੍ਰੋਮਣੀ ਕਮੇਟੀ ਦੀ ਜਾਂਚ ਹੀ ਨਹੀਂ ਹੋਈ ਪੂਰੀ- ਬਾਬਾ ਬਖਸ਼ੀਸ਼ ਸਿੰਘ**







ਤਲਵੰਡੀ ਸਾਬੋ, 15 ਜੁਲਾਈ (ਗੁਰਜੰਟ ਸਿੰਘ ਨਥੇਹਾ)- ਥਾਣਾ ਜੋੜਕੀਆਂ ਅਧੀਨ ਆਉਂਦੇ ਪਿੰਡ ਬੀਰੇਵਾਲਾ ਜੱਟਾਂ ਦੇ ਗੁਰਦੁਆਰਾ ਸਾਹਿਬ ਵਿੱਚ ਅੱਜ ਉਸ ਸਮੇਂ ਸਥਿਤੀ ਤਣਾਅਪੂਰਨ ਹੋ ਗਈ ਜਦੋਂ ਗੁਰਦੁਆਰਾ ਸਾਹਿਬ ਦੇ ਅੰਦਰ ਹੋਈ ਪੁਰਾਣੀ ਬੇਅਦਬੀ ਤੇ ਰੋਸ ਪ੍ਰਗਟ ਕਰ ਰਹੇ ਨਿਹੰਗ ਸਿੰਘਾਂ ਉੱਪਰ ਪਿੰਡ ਦੇ ਇੱਕ ਨੌਜਵਾਨ ਵੱਲੋਂ ਪਿਸਤੌਲ ਤਾਣ ਦਿੱਤਾ ਗਿਆ। ਇਸ ਹੋਈ ਘਟਨਾ ਦੇ ਦੌਰਾਨ ਹੀ ਗੁਰਦੁਆਰਾ ਸਾਹਿਬ ਅੰਦਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਇੱਕ ਪਾਵਨ ਸਰੂਪ ਉੱਪਰ ਗਲਤ ਗੱਲਾਂ ਗਾਲਾਂ ਆਦਿ ਲਿਖਣ ਹੋਇਆ ਹੋਣ ਦਾ ਮਾਮਲਾ ਵੀ ਸਾਹਮਣੇ ਆ ਗਿਆ। ਇਕੱਤਰ ਕੀਤੀ ਅਨੁਸਾਰ ਲਗਭਗ ਦੋ ਮਹੀਨੇ ਪਹਿਲਾਂ ਆਏ ਨਵੇਂ ਗ੍ਰੰਥੀ ਨੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਇੱਕ ਸਰੂਪ ਉੱਪਰ ਪੈਨ ਨਾਲ ਮੰਦਭਾਸ਼ਾ ਗਾਲਾਂ ਆਦਿ ਲਿਖੀਆਂ ਹੋਈਆ ਮਿਲੀਆਂ। ਜਿਸ ਬਾਰੇ ਉਸਨੇ ਮੌਜੂਦਾ ਲੋਕਲ ਗੁਰਦੁਆਰਾ ਕਮੇਟੀ ਤੇ ਪਿੰਡ ਦੇ ਅੰਮ੍ਰਿਤਧਾਰੀ ਸਿੰਘਾਂ ਨੂੰ ਸੂਚਿਤ ਕੀਤਾ। ਇਲਾਕੇ ਦੇ ਨਿਹੰਗ ਸਿੰਘ ਗੁਰਦੁਆਰਾ ਸਾਹਿਬ ਵਿਖੇ ਇਕੱਤਰ ਹੋਏ ਅਤੇ ਲੋਕਲ ਕਮੇਟੀ ਨੂੰ ਇਸ ਹੋਈ ਬੇਅਦਬੀ ਬਾਰੇ ਪੁੱਛਿਆ ਤਾਂ ਲੋਕਲ ਕਮੇਟੀ ਪ੍ਰਧਾਨ ਸੇਵਕ ਸਿੰਘ ਨੇ ਦੱਸਿਆ ਕਿ ਇਹ ਬੇਅਦਬੀ ਲਗਭਗ ਦੋ ਸਾਲ ਪਹਿਲਾਂ ਹੋਈ ਸੀ। ਜਿਸ ਬਾਰੇ ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਸੂਚਿਤ ਕਰ ਦਿੱਤਾ ਗਿਆ ਸੀ। ਸ਼੍ਰੋਮਣੀ ਕਮੇਟੀ ਦੀ ਇੱਕ ਜਾਂਚ ਟੀਮ ਵੱਲੋਂ ਇਸ ਬਾਰੇ ਜਾਂਚ ਕੀਤੀ ਜਾ ਰਹੀ ਹੈ। ਪਰ ਲਗਭਗ ਦੋ ਸਾਲ ਬੀਤ ਜਾਣ ਦੇ ਬਾਵਜੂਦ ਵੀ ਸ਼੍ਰੋਮਣੀ ਕਮੇਟੀ ਦੀ ਜਾਂਚ ਪੂਰੀ ਨਹੀਂ ਹੋਈ ਅਤੇ ਨਾ ਹੀ ਲੋਕਲ ਕਮੇਟੀ ਨੇ ਗੁਰੂ ਗ੍ਰੰਥ ਸਾਹਿਬ ਜੀ ਦਾ ਸਰੂਪ ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਜਮਾ ਕਰਵਾਇਆ ਤੇ ਨਾ ਹੀ ਸ਼੍ਰੋਮਣੀ ਕਮੇਟੀ ਇਸ ਗੁਰੂ ਗ੍ਰੰਥ ਸਾਹਿਬ ਜੀ ਨੂੰ ਲੈ ਕੇ ਗਈ। ਇਸ ਦੌਰਾਨ ਹੀ ਇੱਕ ਸਥਾਨਕ ਪਿੰਡ ਵਾਸੀ ਨੇ ਸਿੱਖ ਸੰਗਤਾਂ ਉੱਪਰ ਪਿਸਤੌਲ ਤਾਣ ਦਿੱਤਾ। ਜਿਸ ਕਾਰਨ ਮਾਹੌਲ ਬਹੁਤ ਜਿਆਦਾ ਤਨਾਅਪੂਰਨ ਹੋ ਗਿਆ ਮੌਕੇ 'ਤੇ ਥਾਣਾ ਜੌੜਕੀਆਂ ਦੀ ਪੁਲਿਸ ਟੀਮ ਪਹੁੰਚੀ। ਪੁਲਿਸ ਨੇ ਦੋਸ਼ੀ ਨੂੰ ਗ੍ਰਿਫਤਾਰ ਕਰ ਲਿਆ। ਸਿੱਖ ਆਗੂ ਬਾਬਾ ਬਖਸ਼ੀਸ਼ ਸਿੰਘ ਮੌਕੇ ਤੇ ਪਹੁੰਚੇ ਅਤੇ ਪੁਰਾਣੀ ਹੋਈ ਬੇਅਦਬੀ ਤੇ ਦੋਸ਼ੀ ਉਪਰ ਉੱਚਤ ਕਾਰਵਾਈ ਲਈ ਪ੍ਰਸ਼ਾਸਨ ਨਾਲ ਇਸ ਗੰਭੀਰ ਮਸਲੇ ਤੇ ਇੱਕ ਲੰਮੀ ਮੀਟਿੰਗ ਵੀ ਕੀਤੀ। ਸਿੱਖ ਆਗੂ ਬਾਬਾ ਬਖਸ਼ੀਸ਼ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਅੱਜ ਇਸ ਹੋਏ ਘਟਨਾ ਦੇ ਨਾਲ ਹੀ ਲਗਭਗ ਦੋ ਸਾਲ ਪਹਿਲਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਉੱਪਰ ਮੰਦੀ ਭਾਸ਼ਾ ਗਾਲਾਂ ਆਦਿ ਲਿਖੇ ਹੋਣ ਦੀ ਦਾ ਮਾਮਲਾ ਵੀ ਸਾਹਮਣੇ ਆਇਆ। ਉਹਨਾਂ ਦੱਸਿਆ ਕਿ ਦੋ ਸਾਲ ਪਹਿਲਾਂ ਪਿੰਡ ਦੇ ਇਕ ਡੇਰੇ ਵਿੱਚ ਅਖੰਡ ਪਾਠ ਸਾਹਿਬ ਦੌਰਾਨ ਕਿਸੇ ਸ਼ਰਾਰਤੀ ਅਨਸਰ ਵੱਲੋਂ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਦੇ ਅੰਗਾਂ ਉੱਪਰ ਮੰਦੀ ਭਾਸ਼ਾ ਗਾਲਾਂ ਆਦਿ ਲਿਖੀਆਂ ਸਨ। ਉਸ ਸਮੇਂ ਦੀ ਲੋਕਲ ਕਮੇਟੀ ਨੇ ਇਹ ਮਾਮਲਾ ਤਖਤ ਸ੍ਰੀ ਦਮਦਮਾ ਸਾਹਿਬ ਦੇ ਧਿਆਨ ਹੇਠ ਲਿਆਂਦਾ। ਬਾਬਾ ਬਖਸ਼ੀਸ਼ ਸਿੰਘ ਨੇ ਦੱਸਿਆ ਕਿ ਅਫਸੋਸ ਦੀ ਗੱਲ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਾਂਚ ਟੀਮ ਨੇ ਦੋ ਸਾਲ ਬੀਤ ਜਾਣ ਦੇ ਬਾਵਜੂਦ ਵੀ ਬੇਅਦਬੀ ਦੇ ਮੁੱਖ ਦੋਸ਼ੀ ਤੱਕ ਨਹੀਂ ਪਹੁੰਚ ਸਕੀ। ਖਬਰ ਲਿਖੇ ਜਾਣ ਤੱਕ ਇਸ ਗੰਭੀਰ ਮਸਲੇ ਦੇ ਹੱਲ ਅਤੇ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਕਰਨ ਲਈ ਸਿੱਖ ਆਗੂਆਂ, ਨਿਹੰਗ ਸਿੰਘ ਫੌਜਾਂ ਦੀ ਪ੍ਰਸ਼ਾਸਨ ਨਾਲ ਥਾਣਾ ਜੌੜਕੀਆਂ ਵਿਖੇ ਸ਼੍ਰੋਮਣੀ ਕਮੇਟੀ ਦੇ ਪ੍ਰਚਾਰਕਾਂ, ਲੋਕਲ ਗੁਰਦੁਆਰਾ ਕਮੇਟੀ ਪਿੰਡ ਬੀਰੇਵਾਲਾ ਜੱਟਾਂ, ਪਿੰਡ ਦੀ ਪੰਚਾਇਤ ਨਾਲ ਡੀਐਸਪੀ ਹਰਪ੍ਰੀਤ ਸਿੰਘ ਚਹਿਲ, ਪੁਸ਼ਿਪੰਦਰ ਸਿੰਘ ਡੀਐਸਪੀ ਮਾਨਸਾ, ਐਸਡੀਐਮ ਜਸਵਿੰਦਰ ਸਿੰਘ ਜੱਸਲ ਸਰਦੂਲਗੜ੍ਹ ਦੀ ਅਗਵਾਈ ਹੇਠ ਮੀਟਿੰਗ ਚੱਲ ਰਹੀ ਸੀ।

# 'ਸਤਲੁਜ' ਨੇ ਫਿਰ ਖੋਲ੍ਹੇ ਪੰਜਾਬ ਦੇ ਕਾਲੇ ਦੌਰ ਦੇ ਜ਼ਖ਼ਮ, ਸੱਚ ਸਾਹਮਣੇ ਲਿਆਉਣ ਲਈ ਬਣੇ ਟ੍ਰਥ ਐਂਡ ਰਿਕਾਨਸਿਲੀਏਸ਼ਨ ਕਮਿਸ਼ਨ: ਬੀਬੀ ਕਿਰਨਜੋਤ ਕੌਰ



ਨਵੀਂ ਦਿੱਲੀ 15 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਫ਼ਿਲਮ ਸਤਲੁਜ ਦੇ ਰਿਲੀਜ਼ ਹੋਣ ਨਾਲ ਪੰਜਾਬ ਦੇ ਕਾਲੇ ਦੌਰ ਅਤੇ ਸਰਕਾਰੀ ਜ਼ਬਰ-ਜ਼ੁਲਮ ਬਾਰੇ ਚਰਚਾ ਇੱਕ ਵਾਰ ਫਿਰ ਤੇਜ਼ ਹੋ ਗਈ ਹੈ। ਇਸ ਸੰਦਰਭ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਮੈਂਬਰ ਬੀਬੀ ਕਿਰਨਜੋਤ ਕੌਰ ਨੇ ਕਿਹਾ ਕਿ ਫ਼ਿਲਮ ਨੇ ਅੱਜ ਦੀ ਨੌਜਵਾਨ ਪੀੜ੍ਹੀ ਨੂੰ 1978 ਤੋਂ 1995 ਤੱਕ ਦੇ ਉਸ ਦੌਰ ਨਾਲ ਰੂ-ਬ-ਰੂ ਕਰਵਾਇਆ ਹੈ, ਜਿਸ ਨੇ ਪੰਜਾਬ ਦੇ ਇਤਿਹਾਸ 'ਤੇ ਡੂੰਘੇ ਜ਼ਖ਼ਮ ਛੱਡੇ ਹਨ। ਉਨ੍ਹਾਂ ਕਿਹਾ ਕਿ ਜਿਨ੍ਹਾਂ ਲੋਕਾਂ ਨੇ 80 ਅਤੇ 90 ਦੇ ਦਹਾਕੇ ਦੌਰਾਨ ਨਾਇਨਸਾਫ਼ੀਆਂ ਨੂੰ ਆਪਣੀਆਂ ਅੱਖਾਂ ਨਾਲ ਦੇਖਿਆ ਅਤੇ ਖ਼ੁਦ ਹੰਢਾਇਆ, ਉਨ੍ਹਾਂ ਲਈ ਇਨਸਾਫ਼ ਦੀ ਮੰਗ ਅੱਜ ਵੀ ਅਧੂਰੀ ਹੈ। ਉਨ੍ਹਾਂ ਅਫ਼ਸੋਸ ਪ੍ਰਗਟ ਕਰਦਿਆਂ ਕਿਹਾ ਕਿ ਇੰਨੇ ਸਾਲਾਂ ਬਾਅਦ ਵੀ ਕਿਸੇ ਵੀ ਸਿਆਸੀ ਪਾਰਟੀ ਨੇ ਉਸ ਦੌਰ ਦੇ ਪੀੜਤਾਂ ਨੂੰ ਇਨਸਾਫ਼ ਦਿਵਾਉਣ ਲਈ ਕੋਈ ਠੋਸ ਅਤੇ ਸਮਾਂਬੱਧ ਪ੍ਰੋਗਰਾਮ ਨਹੀਂ ਦਿੱਤਾ। ਸਿਰਫ਼ "ਮਾਰੇ ਗਏ, ਲੁੱਟੇ ਗਏ, ਦੂਜੇ ਦਰਜੇ ਦੇ ਨਾਗਰਿਕ ਬਣਾਏ ਗਏ ਅਤੇ ਬੇਗਾਨਗੀ ਦਾ ਅਹਿਸਾਸ ਕਰਵਾਇਆ ਗਿਆ" ਵਰਗੀਆਂ ਗੱਲਾਂ ਦੁਹਰਾਉਣ ਨਾਲ ਇਨਸਾਫ਼ ਨਹੀਂ ਮਿਲੇਗਾ। ਬੀਬੀ ਕਿਰਨਜੋਤ ਕੌਰ ਨੇ ਮੰਗ ਕੀਤੀ ਕਿ 1978 ਤੋਂ 1995 ਤੱਕ ਪੰਜਾਬ ਵਿੱਚ ਵਾਪਰੀਆਂ ਘਟਨਾਵਾਂ, ਸਾਜ਼ਿਸ਼ਾਂ, ਮਨੁੱਖੀ ਅਧਿਕਾਰਾਂ ਦੀਆਂ ਕਥਿਤ ਉਲੰਘਣਾਵਾਂ ਅਤੇ ਸਮਾਜਕ-ਰਾਜਨੀਤਿਕ ਹਾਲਾਤਾਂ ਦੀ ਨਿਰਪੱਖ ਪੜਤਾਲ ਲਈ ਟ੍ਰਥ ਐਂਡ ਰਿਕਾਨਸਿਲੀਏਸ਼ਨ ਕਮਿਸ਼ਨ ਦਾ ਗਠਨ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਇਸ ਕਮਿਸ਼ਨ ਅੱਗੇ ਉਹ ਹਿੰਦੂ ਭਾਈਚਾਰਾ ਵੀ ਆਪਣਾ ਪੱਖ ਰੱਖੇ, ਜੋ ਸਿੱਖਾਂ ਨਾਲ ਹੋਈ ਨਾਇਨਸਾਫ਼ੀ ਨੂੰ ਆਪਣਾ ਵੀ ਦਰਦ ਮੰਨਦਾ ਹੈ। ਇਸ ਦੇ ਨਾਲ ਹੀ ਪੰਜਾਬ ਨੂੰ ਹਿੰਦੂ-ਸਿੱਖ ਦੇ ਨਾਂ 'ਤੇ ਵੰਡਣ ਵਾਲੀਆਂ ਤਾਕਤਾਂ ਅਤੇ ਸਾਜ਼ਿਸ਼ਾਂ ਨੂੰ ਵੀ ਬੇਨਕਾਬ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਰੂਹ ਨੂੰ ਦਬਾਇਆ ਨਹੀਂ ਜਾ ਸਕਦਾ। ਇਹ ਧਰਤੀ ਨਫ਼ਰਤ ਨਹੀਂ, ਸੱਚ ਅਤੇ ਇਨਸਾਫ਼ ਦੀ ਹਾਮੀ ਹੈ। ਪੰਜਾਬ ਕੋਲ ਪਾਪੀਆਂ ਨੂੰ ਵੀ ਮੁਆਫ਼ ਕਰਨ ਦਾ ਵੱਡਾ ਦਿਲ ਹੈ, ਪਰ ਮੁਆਫ਼ੀ ਤੋਂ ਪਹਿਲਾਂ ਸੱਚ ਦਾ ਸਾਹਮਣੇ ਆਉਣਾ ਅਤੇ ਇਨਸਾਫ਼ ਦਾ ਹੋਣਾ ਲਾਜ਼ਮੀ ਹੈ। ਉਨ੍ਹਾਂ ਕਿਹਾ ਕਿ ਹੁਣ ਸਮਾਂ ਸਿਰਫ਼ ਅਰਦਾਸਾਂ ਕਰਨ ਦਾ ਨਹੀਂ, ਸਗੋਂ ਸੱਚ ਸਾਹਮਣੇ ਲਿਆਉਣ ਅਤੇ ਇਨਸਾਫ਼ ਨੂੰ ਯਕੀਨੀ ਬਣਾਉਣ ਲਈ ਠੋਸ ਕਦਮ ਚੁੱਕਣ ਦਾ ਹੈ।

# ਅੰਮ੍ਰਿਤਸਰ ਡੀ.ਸੀ. ਦਫ਼ਤਰ ਦੇ ਮੁਲਾਜ਼ਮਾਂ ਤੇ ਲੱਗੇ ਗੰਭੀਰ ਦੋਸ਼, ਪੀੜਤ ਨੇ ਦਿੱਤੀ ਹਾਈਕੋਰਟ ਜਾਣ ਦੀ ਚੇਤਾਵਨੀ

ਫ਼ਿਰੋਜ਼ਪੁਰ, 15 ਜੁਲਾਈ (ਮਨੋਹਰ ਲਾਲ) : ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਪ੍ਰਸ਼ਾਸਨਿਕ ਸੁਧਾਰਾਂ ਅਤੇ ਭ੍ਰਿਸ਼ਟਾਚਾਰ ਮੁਕਤ ਸ਼ਾਸਨ ਦੇ ਵੱਡੇ–ਵੱਡੇ ਦਾਅਵੇ ਕੀਤੇ ਜਾ ਰਹੇ ਹਨ, ਪਰ ਜ਼ਮੀਨੀ ਹਕੀਕਤ ਕੁਝ ਹੋਰ ਹੀ ਬਿਆਨ ਕਰ ਰਹੀ ਹੈ। ਤਾਜ਼ਾ ਮਾਮਲਾ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ (ਡੀ.ਸੀ.) ਦਫ਼ਤਰ ਨਾਲ ਸਬੰਧਤ ਸਾਹਮਣੇ ਆਇਆ ਹੈ, ਜਿੱਥੇ ਇੱਕ ਨਾਗਰਿਕ ਵੱਲੋਂ ਸਰਕਾਰੀ ਕਰਮਚਾਰੀਆਂ ਦੀ ਘੋਰ ਲਾਪਰਵਾਹੀ ਅਤੇ ਗੈਰ–ਜ਼ਿੰਮੇਵਾਰਾਨਾ ਰਵੱਈਏ ਤੋਂ ਤੰਗ ਆ ਕੇ ਸੋਸ਼ਲ ਮੀਡੀਆ ਰਾਹੀਂ ਆਪਣਾ ਗੁੱਸਾ ਜ਼ਾਹਰ ਕੀਤਾ ਹੈ। ਪੀੜਤ ਨੇ ਦੋਸ਼ ਲਾਇਆ ਕਿ ਲਗਾਤਾਰ ਪੰਜ ਮਹੀਨਿਆਂ ਤੋਂ ਚੱਕਰ ਕੱਟਣ ਦੇ ਬਾਵਜੂਦ ਉਸ ਦਾ ਜਾਇਜ਼ ਕੰਮ ਨਹੀਂ ਕੀਤਾ ਗਿਆ ਅਤੇ ਮਾਮਲੇ ਨੂੰ ਜਾਣਬੁੱਝ ਕੇ ਲਟਕਾਇਆ ਜਾ ਰਿਹਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪੀੜਤ ਇਕਬਾਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੇ ਇੱਕ ਗੈਰ–ਰਜਿਸਟਰਡ ਦਸਤਾਵੇਜ਼ (ਆਈ.ਡੀ. ਨੰਬਰ 83664906) ਮਿਤੀ 7 ਜਨਵਰੀ 2026 ਨੂੰ ਜਮ੍ਹਾਂ ਕਰਵਾਇਆ ਸੀ, ਇਸ ਦਸਤਾਵੇਜ਼ ਦੀ ਡਿਲੀਵਰੀ ਮਿਤੀ 21 ਜਨਵਰੀ 2026 ਤੈਅ ਕੀਤੀ ਗਈ ਸੀ, ਇਹ ਦਸਤਾਵੇਜ਼ ਡੀ.ਸੀ. ਦਫ਼ਤਰ ਅੰਮ੍ਰਿਤਸਰ ਦੇ ਅਸਿਸਟੈਂਟ ਕਲੈਕਟਰ ਰਿਫਿਊਜੀ ਕਲੇਮ ਵਿਭਾਗ ਨਾਲ ਸਬੰਧਤ ਹੈ ਅਤੇ ਇਸ ਤੇ ਸਪੱਸ਼ਟ ਤੌਰ ਤੇ ਵਿਭਾਗੀ ਮੋਹਰ ਵੀ ਲੱਗੀ ਹੋਈ ਹੈ। ਪੀੜਤ ਦਾ ਦੋਸ਼ ਹੈ ਕਿ ਦਫ਼ਤਰ ਦੇ ਕਰਮਚਾਰੀ ਦਸਤਾਵੇਜ਼ ਤੇ ਲੱਗੀ ਮੋਹਰ ਨੂੰ ਨਜ਼ਰਅੰਦਾਜ਼ ਕਰਕੇ ਉਨ੍ਹਾਂ ਨੂੰ ਗਲਤ ਤਰੀਕੇ ਨਾਲ ਤਹਿਸੀਲਦਾਰ ਅਜਨਾਲਾ ਦੇ ਚੱਕਰ ਕਟਵਾ ਰਹੇ ਹਨ, ਜਦਕਿ ਇਸ ਕੇਸ ਦਾ ਅਜਨਾਲਾ ਤਹਿਸੀਲ ਨਾਲ ਕੋਈ ਸਬੰਧ ਹੀ ਨਹੀਂ ਹੈ। ਗੱਲਬਾਤ ਕਰਦਿਆਂ ਇਕਬਾਲ ਸਿੰਘ ਨੇ ਦਫ਼ਤਰੀ ਨਾਕਾਮੀ ਦਾ ਪਰਦਾਫਾਸ਼ ਕਰਦਿਆਂ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਇੱਕ ਹੋਰ ਵੱਡੀ ਗਲਤੀ ਕੀਤੀ ਗਈ ਹੈ। ਕਿਸੇ ਜੀਤ ਰਾਮ ਨਾਮ ਦੇ ਵਿਅਕਤੀ ਨੇ ਸਾਲ 2025 ਵਿੱਚ ਅਪਲਾਈ ਕੀਤਾ ਸੀ, ਪਰ ਦਫ਼ਤਰੀ ਮੁਲਾਜ਼ਮਾਂ ਨੇ ਇਕਬਾਲ ਸਿੰਘ (ਜਿਨ੍ਹਾਂ ਨੇ 2026 ਵਿੱਚ ਅਪਲਾਈ ਕੀਤਾ) ਨੂੰ ਜੀਤ ਰਾਮ ਨਾਲ ਸਬੰਧਤ ਨਕਲ ਡਿਲੀਵਰ ਕਰ ਦਿੱਤੀ।

## ਇੱਕ ਨਜ਼ਰ ...



# ਇੰਨਲਿਸਟਮੈਂਟ ਆਊਟੋਸਰੋਸ ਤਾਲਮੇਲ ਕਮੇਟੀ ਪੰਜਾਬ ਵੱਲੋਂ 19 ਜੁਲਾਈ ਨੂੰ ਵਿੱਤ ਮੰਤਰੀ ਪੰਜਾਬ ਦੇ ਸ਼ਹਿਰ ਸੰਗਰੂਰ ਰੋਸ਼ ਪ੍ਰਦਰਸ਼ਨ

ਫ਼ਿਰੋਜ਼ਪੁਰ, 15 ਜੁਲਾਈ (ਮਨੋਹਰ ਲਾਲ) : ਇੰਨਲਿਸਟਮੈਂਟ ਆਊਟੋਸਰੋਸ ਤਾਲਮੇਲ ਕਮੇਟੀ ਪੰਜਾਬ ਜ਼ਿਲ੍ਹਾ ਫਿਰੋਜ਼ਪੁਰ ਦੇ ਜਿਲਾ ਆਗੂ ਬਲਜੀਤ ਸਿੰਘ ਸਰਕਲ ਪ੍ਰਧਾਨ ਬਲਕਾਰ ਸਿੰਘ, ਸੂਬਾ ਆਗੂ ਰੁਪਿੰਦਰ ਸਿੰਘ, ਪ੍ਰੈਸ ਸਕੱਤਰ ਰਣਜੀਤ ਸਿੰਘ ਖਾਲਸਾ, ਜਰਨਲ ਸਕੱਤਰ ਹਰਜਿੰਦਰ ਸਿੰਘ ਨੇ ਕਿਹਾ ਕਿ 19 ਜੁਲਾਈ 2026 ਦਿਨ ਐਤਵਾਰ) ਨੂੰ ਵਿੱਤ ਮੰਤਰੀ ਪੰਜਾਬ ਸਰਕਾਰ ਦੇ ਸ਼ਹਿਰ ਸੰਗਰੂਰ ਵਿਖੇ ਠੇਕਾ ਕਾਮਿਆਂ ਵੱਲੋਂ ਸੂਬਾ ਪੱਧਰੀ ਰੈਲੀ ਕਰਕੇ ਰੋਸ ਮਾਰਚ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਗੱਲਬਾਤ ਕਰਦਿਆਂ ਜ਼ਿਲ੍ਹਾ ਪ੍ਰੈਸ ਸਕੱਤਰ ਰਣਜੀਤ ਸਿੰਘ ਖਾਲਸਾ ਜਲ ਸਪਲਾਈ ਕੰਟਰੈਕਟ ਵਰਕਰ ਯੂਨੀਅਨ ਨੇ ਕਿਹਾ ਕਿ ਕਿਉਂਕਿ ਵੱਖ—ਵੱਖ ਸਰਕਾਰੀ ਵਿਭਾਗਾਂ ਦੇ ਇਨਲਿਸਟਮੈਂਟ, ਆਊਟਸੋਰਸ, ਕੰਪਨੀਆਂ, ਠੇਕੇਦਾਰਾਂ, ਸੁਸਾਇਟੀਆਂ, ਦਿਹਾੜੀਦਾਰ ਆਦਿ ਕੈਟਾਗਿਰੀ ਅਧੀਨ ਠੇਕਾ ਮੁਲਾਜ਼ਮ ਪਿਛਲੇ ਸਾਲਾਂਬੱਧੀ ਅਰਸੇ ਤੋਂ ਲਗਾਤਾਰ ਸੇਵਾਵਾਂ ਦੇ ਰਹੇ ਹਾਂ। ਇਸ ਲੰਬੇ ਅਰਸੇ ਤੋਂ ਹੀ ਪਿਛਲੀਆਂ ਸਰਕਾਰਾਂ ਸਮੇਤ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਵੀ ਮੰਗ ਕੀਤੀ ਜਾ ਰਹੀ ਹੈ ਕਿ ਭਾਰਤੀ ਨਿਆਂ ਵਿਵਸਥਾ ਮੁਤਾਬਿਕ ਸਥਾਈ ਸੇਵਾ ਦੇ ਖੇਤਰ ਵਿੱਚ ਰੁਜ਼ਗਾਰ ਵੀ ਪੱਕਾ ਹੋਣਾ ਚਾਹੀਦਾ ਹੈ ਅਤੇ ਇਸ ਕੰਮ ਖੇਤਰ ਵਿੱਚ ਤੈਨਾਤ ਠੇਕਾ ਅਧਾਰਿਤ ਕਾਮਿਆਂ ਲਈ ਘੱਟੋ—ਘੱਟ ਉਜਰਤ ਦੇ ਕਾਨੂੰਨ 1948 ਅਤੇ 15ਵੀਂ ਲੇਬਰ ਕਾਨਫਰੰਸ ਦੀਆਂ ਸਿਫਾਰਸ਼ਾਂ ਦੇ ਅਧਾਰ ਤੇ ਤਨਖਾਹ ਦੀ ਅਦਾਇਗੀ ਜ਼ਰੂਰੀ ਹੈ।ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕੀ ਇੰਨਲਿਸਟਮੈਂਟ ਕੈਟਾਗਿਰੀ ਨੂੰ ਨਵੇਂ ਐਕਟ ਵਿੱਚ ਸ਼ਾਮਲ ਕੀਤਾ ਜਾਵੇ ਅਤੇ ਵੱਖ—ਵੱਖ ਵਿਭਾਗਾਂ, ਕਾਰਪੋਰੇਸ਼ਨਾਂ, ਬੋਰਡਾਂ ਵਿਚ ਸੇਵਾਵਾਂ ਦੇ ਰਹੇ ਇੰਨਲਿਸਟਮੈਂਟ, ਆਊਟੋਸਰੋਸ, ਠੇਕੇਦਾਰਾਂ, ਸੁਸਾਇਟੀਆਂ, ਕੰਪਨੀਆਂ ਰਾਹੀਂ ਕੰਮ ਕਰਦੇ ਕਾਮਿਆਂ ਨੂੰ ਸਬੰਧਤ ਵਿਭਾਗਾਂ ਵਿਚ ਸ਼ਾਮਲ ਕਰਕੇ ਰੈਗੂਲਰ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਵੱਲੋਂ ਨੋਟੀਫਿਕੇਸ਼ਨ ਜਾਰੀ ਨਹੀ ਕੀਤਾ ਜਾਂਦਾ ਤਾਂ ਇੰਨਲਿਸਟਮੈਂਟ ਆਊਟੋਸਰੋਸ ਤਾਲਮੇਲ ਕਮੇਟੀ ਪੰਜਾਬ ਦੇ ਬੈਨਰ ਹੇਠ ਪੰਜਾਬ ਸਰਕਾਰ ਦੀ ਕੈਬਨਿਟ ਸਬ ਕਮੇਟੀ ਦੇ ਚੇਅਰਮੈਨ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਸ਼ਹਿਰ ਸੰਗਰੂਰ ਜਾ ਦਿੜ੍ਹਬਾ ਵਿੱਚ ਵੱਖ—ਵੱਖ ਵਿਭਾਗਾਂ ਦੇ ਠੇਕਾ ਮੁਲਾਜਮਾਂ ਵੱਲੋਂ 19 ਜੁਲਾਈ 2026 ਨੂੰ ਸੂਬਾ ਪੱਧਰੀ ਰੈਲੀ ਵਿਚ ਬਰਾਂਚਾਂ ਦੇ ਆਗੂ ਜ਼ਿਲ੍ਹਾ ਫਿਰੋਜ਼ਪੁਰ ਦੇ ਵਰਕਰ ਵੱਡੀ ਗਿਣਤੀ ਵਿੱਚ ਪਹੁੰਚਣਗੇ।

# ਨਿੱਜਰ ਕਤਲ ਅਤੇ 'ਸਤਲੁਜ' ਮਗਰੋਂ ਖ਼ਾਲਿਸਤਾਨ ਦੀ ਚਰਚਾ ਮੁੜ ਸੁਰਖ਼ੀਆਂ ਵਿੱਚ, ਏਜੰਸੀਆਂ ਦੀ ਚਿੰਤਾ ਵਧੀ

## ਵਿਦੇਸ਼ਾਂ ਵਿੱਚ ਸਕ੍ਰੀਨਿੰਗਾਂ, ਹਰੀਕੇ ਪੱਤਣ ਅਰਦਾਸ ਸਮਾਗਮ ਅਤੇ ਪੀੜਤ ਪਰਿਵਾਰਾਂ ਦੀਆਂ ਗਵਾਹੀਆਂ ਨੇ ਮੁੜ ਭਖਾਈ ਬਹਿਸ

ਲੰਡਨ , 15 ਜੁਲਾਈ ( ਸਰਬਜੀਤ ਸਿੰਘ ਬਨੂੜ )- ਕੈਨੇਡਾ ਵਿੱਚ ਭਾਈ ਹਰਦੀਪ ਸਿੰਘ ਨਿੱਜਰ ਦੇ ਕਤਲ ਤੋਂ ਬਾਅਦ ਸਿੱਖ ਭਾਈਚਾਰੇ ਨਾਲ ਜੁੜੇ ਮੁੱਦੇ ਅੰਤਰਰਾਸ਼ਟਰੀ ਪੱਧਰ 'ਤੇ ਲਗਾਤਾਰ ਚਰਚਾ ਦਾ ਵਿਸ਼ਾ ਬਣੇ ਹੋਏ ਹਨ। ਇਸ ਦੇ ਨਾਲ ਹੀ ਭਾਈ ਜਸਵੰਤ ਸਿੰਘ ਖਾਲੜਾ ਦੇ ਜੀਵਨ ਅਤੇ 1990 ਦੇ ਦਹਾਕੇ ਦੌਰਾਨ





ਪੰਜਾਬ ਵਿੱਚ ਕਥਿਤ ਗੈਰ–ਕਾਨੂੰਨੀ ਕਤਲਾਂ ਅਤੇ ਲਾਪਤਾ ਹੋਣ ਦੇ ਮਾਮਲਿਆਂ 'ਤੇ ਆਧਾਰਿਤ ਫ਼ਿਲਮ 'ਸਤਲੂਜ' ਨੇ ਵੀ ਸਿੱਖ ਇਤਿਹਾਸ, ਮਨੁੱਖੀ ਅਧਿਕਾਰਾਂ ਅਤੇ ਇਨਸਾਫ਼ ਨਾਲ ਜੁੜੇ ਸਵਾਲਾਂ ਨੂੰ ਮੁੜ ਕੇਂਦਰ ਵਿੱਚ ਲਿਆ ਦਿੱਤਾ ਹੈ।ਇਨ੍ਹਾਂ ਦੋਵਾਂ ਘਟਨਾਵਾਂ ਦੇ ਸੰਦਰਭ ਵਿੱਚ ਪੰਜਾਬ ਅਤੇ ਵਿਦੇਸ਼ਾਂ ਵਿੱਚ ਪੰਥਕ ਮੁੱਦਿਆਂ ਬਾਰੇ ਚਰਚਾ ਵਿੱਚ ਇੱਕ ਵਾਰ ਫਿਰ ਤੇਜ਼ ਦਿੱਖ ਰਹੀ ਹੈ ਤੇ ਦੂਜੇ ਪਾਸੇ ਪੰਜਾਬ ਪੁਲਸ ਤੇ ਸੁਰੱਖਿਆ ਏਜੰਸੀਆਂ ਦੀ ਚਿੰਤਾ ਵਿੱਚ ਵਾਧਾ ਹੋਇਆ ਹੈ ਤੇ ਕਈ ਰਿਟਾਇਰਡ ਅਫ਼ਸਰ ਨੂੰ ਬੀਤੇ ਹੋਏ ਗੁਨਾਹਾਂ ਕੀਰ ਮੁੜ ਡਰ ਸਤਾਉਣ ਲੱਗਿਆ ਜਾਪ ਰਿਹਾ ਹੈ। ਭਾਰਤ ਵਿੱਚ ਫ਼ਿਲਮ ਦੇ ਪ੍ਰਦਰਸ਼ਨ 'ਤੇ ਪਾਬੰਦੀਆਂ ਦੇ ਬਾਵਜੂਦ ਯੂਨਾਈਟਿਡ ਕਿੰਗਡਮ, ਕੈਨੇਡਾ, ਅਮਰੀਕਾ ਅਤੇ ਯੂਰਪ ਦੇ ਕਈ ਗੁਰਦੁਆਰਿਆਂ ਅਤੇ ਸਿੱਖ ਸੰਸਥਾਵਾਂ ਵੱਲੋਂ ਇਸ ਦੀਆਂ ਕਮਿਊਨਿਟੀ ਸਕ੍ਰੀਨਿੰਗਾਂ ਕੀਤੀਆਂ ਜਾ ਰਹੀਆਂ ਹਨ। ਯੂਕੇ ਦੇ ਗੁਰੂ ਸਿੰਘ ਸਭਾ ਸਾਊਥਾਲ ਅਤੇ ਗੁਰੂ ਨਾਨਕ ਗੁਰਦੁਆਰਾ ਸਮੈਦਿਕ ਸਮੇਤ ਕਈ ਗੁਰਦੁਆਰਿਆਂ ਵਿੱਚ ਵੱਡੀਆਂ ਸਕਰੀਨਾਂ ਰਾਹੀਂ ਸੰਗਤ ਨੂੰ ਫ਼ਿਲਮ ਵਿਖਾਈ ਜਾ ਰਹੀ ਹੈ।ਸਕ੍ਰੀਨਿੰਗਾਂ ਦੌਰਾਨ ਕਈ ਦਰਸ਼ਕ ਭਾਵੁਕ ਨਜ਼ਰ ਆਏ ਅਤੇ ਭਾਈ ਜਸਵੰਤ ਸਿੰਘ ਖਾਲੜਾ ਦੀ ਯਾਦ ਵਿੱਚ ਅਰਦਾਸ ਕਰਦਿਆਂ ਇਨਸਾਫ਼ ਦੀ ਮੰਗ ਕਰਦੇ ਦਿਖਾਈ ਦਿੱਤੇ। ਉੱਧਰ, ਹਰੀਕੇ ਪੱਤਣ ਵਿਖੇ ਕਰਵਾਏ ਗਏ ਅਰਦਾਸ ਸਮਾਗਮ ਵਿੱਚ ਉਨ੍ਹਾਂ ਪਰਿਵਾਰਾਂ ਨੇ ਵੀ ਸ਼ਮੂਲੀਅਤ ਕੀਤੀ, ਜਿਨ੍ਹਾਂ ਦੇ ਆਪਣੇ ਪਰਿਵਾਰਕ ਮੈਂਬਰ 1990 ਦੇ ਦਹਾਕੇ ਦੌਰਾਨ ਕਥਿਤ ਤੌਰ 'ਤੇ ਅਣਪਛਾਤੀਆਂ ਲਾਸ਼ਾਂ ਵਜੋਂ ਸਸਕਾਰ ਕੀਤੇ ਜਾਣ ਦੇ ਮਾਮਲਿਆਂ ਨਾਲ ਜੁੜੇ ਦੱਸੇ ਜਾਂਦੇ ਹਨ। ਸਮਾਗਮ ਦੌਰਾਨ ਕਈ ਪਰਿਵਾਰਾਂ ਨੇ ਆਪਣੀਆਂ ਵਿਥਿਆਵਾਂ ਸਾਂਝੀਆਂ ਕਰਦਿਆਂ ਭਾਵੁਕ ਹੋ ਕੇ ਆਪਣਾ ਦਰਦ ਬਿਆਨ ਕੀਤਾ। ਆਪਣੀਆਂ ਗੱਲਾਂ ਰੱਖਦਿਆਂ ਕਈਆਂ ਦੀਆਂ ਅੱਖਾਂ ਨਮ ਹੋ ਗਈਆਂ ਅਤੇ ਉਨ੍ਹਾਂ ਨੇ ਇਨਸਾਫ਼ ਦੀ ਮੰਗ ਦੁਹਰਾਉਂਦਿਆਂ ਅਕਾਲ ਤਖ਼ਤ ਸਾਹਿਬ ਤੋਂ ਪੀੜਤ ਪਰਿਵਾਰਾਂ ਦੀ ਆਵਾਜ਼ ਸੁਣਨ ਅਤੇ ਇਤਿਹਾਸ ਨਾਲ ਜੁੜੇ ਸਵਾਲਾਂ 'ਤੇ ਧਿਆਨ ਦੇਣ ਦੀ ਅਪੀਲ ਕੀਤੀ। ਸਮਾਗਮ ਵਿੱਚ ਸ਼ਾਮਲ ਕੁਝ ਪਰਿਵਾਰਾਂ ਨੇ ਆਪਣੇ ਨਾਲ ਹੋਏ ਕਥਿਤ ਅਣਮਨੁੱਖੀ ਵਤੀਰੇ ਅਤੇ ਉਸ ਦੌਰ ਦੇ ਤਜਰਬਿਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਦਹਾਕਿਆਂ ਬੀਤ ਜਾਣ ਦੇ ਬਾਵਜੂਦ ਉਨ੍ਹਾਂ ਨੂੰ ਅਜੇ ਵੀ ਇਨਸਾਫ਼ ਦੀ ਉਡੀਕ ਹੈ। ਉਨ੍ਹਾਂ ਦਾ ਕਹਿਣਾ ਸੀ ਕਿ ਜ਼ਖ਼ਮ ਅਜੇ ਵੀ ਅੱਲੇ ਹਨ ਅਤੇ ਸੱਚ ਸਾਹਮਣੇ ਆਉਣਾ ਲਾਜ਼ਮੀ ਹੈ। ਪੰਥਕ ਜਥੇਬੰਦੀਆਂ ਅਤੇ ਕਈ ਸਿੱਖ ਬੁੱਧੀਜੀਵੀਆਂ ਦਾ ਮੰਨਣਾ ਹੈ ਕਿ ਭਾਈ ਨਿੱਜਰ ਦੇ ਕਤਲ ਅਤੇ 'ਸਤਲੂਜ' ਫ਼ਿਲਮ ਨੇ ਨਵੀਂ ਪੀੜ੍ਹੀ ਵਿੱਚ ਪੰਜਾਬ ਦੇ ਇਤਿਹਾਸ, ਮਨੁੱਖੀ ਅਧਿਕਾਰਾਂ ਅਤੇ ਉਸ ਦੌਰ ਦੀਆਂ ਘਟਨਾਵਾਂ ਬਾਰੇ ਜਾਣਨ ਦੀ ਦਿਲਚਸਪੀ ਵਧਾਈ ਹੈ। ਦੂਜੇ ਪਾਸੇ, ਇਸ ਵਿਸ਼ੇ 'ਤੇ ਵੱਖ–ਵੱਖ ਸਿਆਸੀ ਅਤੇ ਸਮਾਜਿਕ ਧਿਰਾਂ ਦੇ ਵਿਚਾਰ ਇੱਕੋ ਜਿਹੇ ਨਹੀਂ ਹਨ ਅਤੇ ਇਸ ਸਬੰਧੀ ਬਹਿਸ ਜਾਰੀ ਹੈ। ਪੰਜਾਬ ਤੋਂ ਬੀਜੇਪੀ ਦੇ ਕੇਂਦਰੀ ਲੀਡਰ ਪੰਜਾਬ ਵਿੱਚ ਵਾਪਰੇ ਕਤਲੇਆਮ ਨੂੰ ਮਨਫੀ ਕਰਨ ਵਿੱਚ ਰੁੱਝੇ ਦਿੱਖ ਰਹੇ ਹਨ। ਭਾਵੇਂ ਕਿ ਬਹੁਤੇ ਇਸ ਨੂੰ ਬੀਤੇ ਦਿਆਂ ਗੱਲਾਂ ਦੱਸ ਰਹੇ ਹਨ ਪਰੰਤੂ ਇਨ੍ਹਾਂ ਘਟਨਾਵਾਂ ਨੇ ਪੰਜਾਬ ਨਾਲ ਜੁੜੇ ਪੰਥਕ ਅਤੇ ਰਾਜਨੀਤਿਕ ਮੁੱਦਿਆਂ ਨੂੰ ਮੁੜ ਜਨਤਕ ਚਰਚਾ ਦਾ ਹਿੱਸਾ ਬਣਾਇਆ ਹੈ ਤੇ ਇਸ ਕਾਰਨ ਸੁਰੱਖਿਆ ਅਤੇ ਖ਼ੁਫ਼ੀਆ ਏਜੰਸੀਆਂ ਦੀ ਨਿਗਰਾਨੀ ਅਤੇ ਸਰਗਰਮੀਆਂ ਵੀ ਵਧੀਆਂ ਦਿੱਖ ਰਹੀਆਂ ਹਨ ਤੇ ਰਾਤ ਦੀ ਨੀਂਦ ਹਰਾਮ ਹੋਈ ਪਈ ਹੈ।

# ਇਸ ਦਾ ਮਤਲਬ: ਅਕਾਲ ਤਖ਼ਤ ਨੂੰ ਢਾਲ ਬਣਾ ਕੇ ਸਿਆਸਤ ਖੇਡ ਰਿਹਾ

ਥੋੜ੍ਹਾ ਸੰਦਰਭ: ਇਹ ਲਾਈਨ ਸਿੱਖਾਂ ਦੀ ਸਰਵਉੱਚ ਧਾਰਮਿਕ ਸੰਸਥਾ 'ਅਕਾਲ ਤਖ਼ਤ' ਅਤੇ ਪੰਜਾਬ ਦੀ ਸਿਆਸਤ ਨਾਲ ਜੁੜੀ ਹੈ। ਇਸ ਵਿੱਚ ਇਲਜ਼ਾਮ ਲਗਾਇਆ ਗਿਆ ਹੈ ਕਿ ਬਾਦਲ ਪਰਿਵਾਰ / SAD ਆਪਣੇ ਸਿਆਸੀ ਫਾਇਦੇ ਲਈ ਧਾਰਮਿਕ ਅਦਾਰੇ ਦਾ ਨਾਮ ਵਰਤ ਰਹੇ ਹਨ। ਇਸ ਤਰ੍ਹਾਂ ਦੇ ਬਿਆਨ ਪੰਜਾਬ ਦੀ ਸਿਆਸਤ ਵਿੱਚ ਅਕਸਰ ਆਉਂਦੇ ਰਹਿੰਦੇ ਹਨ, ਖਾਸ ਕਰਕੇ ਜਦੋਂ ਧਰਮ ਅਤੇ ਸਿਆਸਤ ਇਕੱਠੇ ਆ ਜਾਂਦੇ ਹਨ।

**1. ਅਕਾਲ ਤਖ਼ਤ ਕੀ ਹੈ ?***

ਅਕਾਲ ਤਖ਼ਤ ਸਿੱਖਾਂ ਦਾ ਸਭ ਤੋਂ ਉੱਚਾ ਧਾਰਮਿਕ ਅਤੇ ਸਮੇਂ ਦਾ ਅਸਥਾਨ ਹੈ। ਇਹ ਸ੍ਰੀ ਹਰਿਮੰਦਰ ਸਾਹਿਬ, ਅੰਮ੍ਰਿਤਸਰ ਦੇ ਸਾਹਮਣੇ ਹੈ। ਗੁਰੂ ਹਰਗੋਬਿੰਦ ਸਾਹਿਬ ਜੀ ਨੇ 1606 ਵਿੱਚ ਇਸਦੀ ਸਥਾਪਨਾ ਕੀਤੀ ਸੀ। ਇਸਦਾ ਮਤਲਬ ਹੈ "ਸਦੀਵੀ ਸਿੰਘਾਸਨ÷। ਇੱਥੋਂ ਸਿੱਖ ਕੌਮ ਨਾਲ ਜੁੜੇ ਵੱਡੇ ਫੈਸਲੇ ਲਏ ਜਾਂਦੇ ਹਨ – ਜਿਵੇਂ ਕਿ ਧਾਰਮਿਕ ਹੁਕਮਨਾਮੇ, ਸਜ਼ਾਵਾਂ, ਅਤੇ ਕੌਮੀ ਮਸਲਿਆਂ 'ਤੇ ਮਾਰਗਦਰਸ਼ਨ।

**2. ਬਾਦਲ ਪਰਿਵਾਰ ਅਤੇ ਅਕਾਲ ਤਖ਼ਤ ਦਾ ਸਬੰਧ**

ਬਾਦਲ ਪਰਿਵਾਰ ਦਾ ਮਤਲਬ ਮੁੱਖ ਤੌਰ 'ਤੇ ਪ੍ਰਕਾਸ਼ ਸਿੰਘ ਬਾਦਲ ਅਤੇ ਉਨ੍ਹਾਂ ਦਾ ਪੁੱਤਰ ਸੁਖਬੀਰ ਸਿੰਘ ਬਾਦਲ। ਉਹ ਸ਼੍ਰੋਮਣੀ ਅਕਾਲੀ ਦਲ – SAD ਦੇ ਵੱਡੇ ਨੇਤਾ ਰਹੇ ਹਨ। ਸਿਆਸਤ ਵਿੱਚ ਇਹ ਦੋਸ਼ ਅਕਸਰ ਲੱਗਦਾ ਹੈ ਕਿ: ਦੋਸ਼: ਕੁਝ ਲੋਕ ਕਹਿੰਦੇ ਹਨ ਕਿ ਅਕਾਲੀ ਦਲ ਨੇ ਆਪਣੇ ਸਿਆਸੀ ਪ੍ਰਭਾਵ ਨੂੰ ਵਧਾਉਣ ਲਈ ਅਕਾਲ ਤਖ਼ਤ ਦੇ ਫੈਸਲਿਆਂ ਅਤੇ SGPC 'ਤੇ ਪ੍ਰਭਾਵ ਪਾਇਆ। ਸਮਰਥਨ ਵਾਲਾ ਪੱਖ: ਅਕਾਲੀ ਦਲ ਕਹਿੰਦਾ ਹੈ ਕਿ ਉਹ ਸਿੱਖ ਹਿੱਤਾਂ ਦੀ ਰਾਖੀ ਲਈ ਕੰਮ ਕਰਦੇ ਹਨ ਅਤੇ ਧਰਮ–ਸਿਆਸਤ ਨੂੰ ਇਕੱਠਾ ਰੱਖਣਾ ਸਿੱਖ ਪਰੰਪਰਾ ਦਾ ਹਿੱਸਾ ਹੈ – "ਮੀਰੀ–ਪੀਰੀ। 2015–2024 ਦੇ ਦੌਰਾਨ ਬੇਅਦਬੀ ਕਾਂਡ, ਗੁਰੂ ਗ੍ਰੰਥ ਸਾਹਿਬ ਨਾਲ ਸਬੰਧਤ ਮਸਲਿਆਂ 'ਤੇ ਅਕਾਲ ਤਖ਼ਤ ਦੇ ਫੈਸਲਿਆਂ ਨੂੰ ਲੈ ਕੇ ਇਹ ਬਹਿਸ ਹੋਰ ਤੇਜ਼ ਹੋਈ ਸੀ।

**3. "ਢਾਲ ਬਣਾ ਕੇ ਸਿਆਸਤ ਖੇਡਣਾ" ਦਾ ਮਤਲਬ**

ਜਦੋਂ ਲੋਕ ਇਹ ਕਹਿੰਦੇ ਹਨ ਤਾਂ ਉਨ੍ਹਾਂ ਦਾ ਮਤਲਬ ਹੁੰਦਾ ਹੈ ਕਿ ਕੋਈ ਪਾਰਟੀ ਧਾਰਮਿਕ ਭਾਵਨਾਵਾਂ ਦਾ ਸਹਾਰਾ ਲੈ ਕੇ ਵੋਟਾਂ ਜਾਂ ਸਿਆਸੀ ਸਮਰਥਨ ਹਾਸਲ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਪੰਜਾਬ ਵਿੱਚ ਧਰਮ ਅਤੇ ਸਿਆਸਤ ਹਮੇਸ਼ਾ ਨਾਲ–ਨਾਲ ਚਲਦੇ ਆਏ ਹਨ, ਇਸ ਲਈ ਇਹ ਬਹੁਤ ਸੰਵੇਦਨਸ਼ੀਲ ਮੁੱਦਾ ਬਣ ਗੇ ਕਾਂਡ ਅਤੇ ਹੁਕਮਨਾਮੇ* 2015 ਵਿੱਚ ਪੰਜਾਬ ਵਿੱਚ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੀਆਂ ਕਈ ਘਟਨਾਵਾਂ ਹੋਈਆਂ। ਉਸ ਸਮੇਂ ਪੰਜਾਬ ਵਿੱਚ ਅਕਾਲੀ–ਭਾਜਪਾ ਦੀ ਸਰਕਾਰ ਸੀ ਅਤੇ ਪ੍ਰਕਾਸ਼ ਸਿੰਘ ਬਾਦਲ 3$ ਸਨ। ਉਸ ਤੋਂ ਬਾਅਦ ਅਕਾਲ ਤਖ਼ਤ ਨੇ ਕੁਝ ਹੁਕਮਨਾਮੇ ਜਾਰੀ ਕੀਤੇ। ਬਾਅਦ ਵਿੱਚ ਇਨ੍ਹਾਂ ਹੁਕਮਨਾਮਿਆਂ ਨੂੰ ਵਾਪਸ ਵੀ ਲਿਆ ਗਿਆ। ਇਸੇ ਕਰਕੇ ਲੋਕਾਂ ਨੇ ਸਵਾਲ ਉਠਾਏ ਕਿ ਕੀ ਸਿਆਸੀ ਦਬਾਅ ਕਰਕੇ ਫੈਸਲੇ ਲਏ/ਵਾਪਸ ਲਏ ਗਏ ?

**2. SGPC ਅਤੇ ਸ਼੍ਰੋਮਣੀ ਅਕਾਲੀ ਦਲ ਦਾ ਸਬੰਧ**

SGPC = ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ। ਇਹ ਗੁਰਦੁਆਰਿਆਂ ਦਾ ਪ੍ਰਬੰਧ ਦੇਖਦੀ ਹੈ। ਅਕਾਲੀ ਦਲ ਦਾ SGPC ਦੀਆਂ ਚੋਣਾਂ 'ਤੇ ਲੰਬੇ ਸਮੇਂ ਤੋਂ ਕਬਜ਼ਾ ਰਿਹਾ ਹੈ। ਵਿਰੋਧੀ ਪਾਰਟੀਆਂ ਦਾ ਦੋਸ਼ ਹੈ ਕਿ SGPC ਨੂੰ "ਸਿਆਸੀ ਢਾਲ" ਵਾਂਗ ਵਰਤਿਆ ਜਾਂਦਾ ਹੈ। ਅਕਾਲੀ ਦਲ ਦਾ ਕਹਿਣਾ ਹੈ ਕਿ ਉਹ ਸਿਰਫ ਸਿੱਖ ਸੰਸਥਾਵਾਂ ਦੀ ਰਾਖੀ ਕਰ ਰਹੇ ਹਨ।

**3. "ਮੀਰੀ-ਪੀਰੀ" ਦੀ ਧਾਰਨਾ**

ਸਿੱਖ ਧਰਮ ਵਿੱਚ "ਮੀਰੀ" ਸਿਆਸੀ ਤਾਕਤ, "ਪੀਰੀ" = ਧਾਰਮਿਕ ਤਾਕਤ। ਗੁਰੂ ਹਰਗੋਬਿੰਦ ਸਾਹਿਬ ਨੇ ਦੋਵੇਂ ਤਲਵਾਰਾਂ ਦਿੱਤੀਆਂ ਸਨ। ਇਸੇ ਕਰਕੇ ਅਕਾਲੀ ਦਲ ਕਹਿੰਦਾ ਹੈ ਕਿ ਸਿੱਖਾਂ ਲਈ ਧਰਮ ਅਤੇ ਸਿਆਸਤ ਨੂੰ ਵੱਖ ਕਰਨਾ ਸੰਭਵ ਨਹੀਂ। ਪਰ ਆਲੋਚਕ ਕਹਿੰਦੇ ਹਨ ਕਿ ਇਸ ਨਾਂ 'ਤੇ ਨਿੱਜੀ/ਪਰਿਵਾਰਕ ਸਿਆਸਤ ਕੀਤੀ ਜਾਂਦੀ ਹੈ।

**ਸੰਖੇਪ ਵਿੱਚ:** ਮੁੱਦਾ ਇਹ ਹੈ ਕਿ ਧਾਰਮਿਕ ਅਦਾਰਿਆਂ ਨੂੰ ਸਿਆਸੀ ਫਾਇਦੇ ਲਈ ਵਰਤਣਾ ਚਾਹੀਦਾ ਹੈ ਜਾਂ ਨਹੀਂ। ਇਸ 'ਤੇ ਪੰਜਾਬ ਵਿੱਚ ਹਰ ਚੋਣ ਤੋਂ ਪਹਿਲਾਂ ਬਹਿਸ ਹੁੰਦੀ ਹੈ।

1. ਘਟਨਾਵਾਂ: ਜੂਨ ਤੋਂ ਅਕਤੂਬਰ 2015 ਤੱਕ ਪੰਜਾਬ ਵਿੱਚ ਗੁਰੂ ਗ੍ਰੰਥ ਸਾਹਿਬ ਦੇ ਅੰਗ ਪਾੜੇ ਜਾਣ ਅਤੇ ਬਰਗਾੜੀ ਵਿੱਚ ਬੇਅਦਬੀ ਦੀਆਂ ਕਈ ਘਟਨਾਵਾਂ ਹੋਈਆਂ।

2. ਵਿਰੋਧ: ਇਸ ਤੋਂ ਬਾਅਦ ਪੂਰੇ ਪੰਜਾਬ ਵਿੱਚ ਵੱਡੇ ਪੱਧਰ 'ਤੇ ਰੋਸ ਪ੍ਰਦਰਸ਼ਨ ਹੋਏ। ਲੋਕਾਂ ਨੇ ਸੜਕਾਂ ਬੰਦ ਕੀਤੀਆਂ।

**ਅਕਾਲ ਤਖ਼ਤ ਅਤੇ ਸਰਕਾਰ ਦਾ ਰੋਲ**

ਉਸ ਸਮੇਂ ਸਰਕਾਰ = ਸ਼੍ਰੋਮਣੀ ਅਕਾਲੀ ਦਲ + ਭਾਜਪਾ, ਅਤੇ 3$ ਸਨ ਪ੍ਰਕਾਸ਼ ਸਿੰਘ ਬਾਦਲ।

ਅਕਤੂਬਰ 2015 ਵਿੱਚ ਅਕਾਲ ਤਖ਼ਤ ਦੇ ਜਥੇਦਾਰ ਨੇ ਕੁਝ ਵਿਵਾਦਿਤ ਲੋਕਾਂ ਨੂੰ "ਮਾਫ਼ੀ" ਦੇਣ ਦਾ ਹੁਕਮਨਾਮਾ ਜਾਰੀ ਕੀਤਾ। ਬਾਅਦ ਵਿੱਚ ਭਾਰੀ ਵਿਰੋਧ ਤੋਂ ਬਾਅਦ ਉਹ ਹੁਕਮਨਾਮਾ ਵਾਪਸ ਲੈ ਲਿਆ ਗਿਆ।

**ਇਸ ਤੋਂ ਬਾਅਦ ਕੀ ਬਹਿਸ ਬਣੀ ?**

ਲੋਕਾਂ ਦਾ ਸਵਾਲ ਇਹੀ ਸੀ – "ਕੀ ਅਕਾਲ ਤਖ਼ਤ ਦੇ ਫੈਸਲੇ ਸਿਆਸੀ ਦਬਾਅ ਹੇਠ ਲਏ ਜਾਂਦੇ ਹਨ ?" ਇਸੇ ਨੂੰ ਲੈ ਕੇ ਉਹ ਲਾਈਨ ਆਈ: "ਅਕਾਲ ਤਖ਼ਤ ਨੂੰ ਢਾਲ ਬਣਾ ਕੇ ਸਿਆਸਤ ਖੇਡਣਾ÷। ਵਿਰੋਧੀਆਂ ਦਾ ਕਹਿਣਾ ਸੀ ਕਿ ਬਾਦਲ ਪਰਿਵਾਰ ਧਾਰਮਿਕ ਅਦਾਰੇ ਦੀ ਵਰਤੋਂ ਆਪਣੀ ਸਿਆਸਤ ਬਚਾਉਣ ਲਈ ਕਰ ਰਿਹਾ ਹੈ। ਅਕਾਲੀ ਦਲ ਦਾ ਜਵਾਬ ਸੀ ਕਿ ਉਹ ਕੌਮ ਦੇ ਹਿੱਤ ਵਿੱਚ ਫੈਸਲੇ ਲੈ ਰਹੇ ਸਨ। ਇਸ ਕਾਂਡ ਦਾ ਅਸਰ ਅੱਜ ਵੀ ਪੰਜਾਬ ਦੀ ਸਿਆਸਤ 'ਤੇ ਹੈ। 2022 ਅਤੇ 2024 ਦੀਆਂ ਚੋਣਾਂ ਵਿੱਚ ਵੀ ਇਹ ਮੁੱਦਾ ਉੱਠਿਆ।

**SGPC ਕੀ ਹੈ ?**

SGPC = ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ : ਇਹ ਦੁਨੀਆ ਦੀ ਸਭ ਤੋਂ ਵੱਡੀ ਧਾਰਮਿਕ ਸੰਸਥਾ ਮੰਨੀ ਜਾਂਦੀ ਹੈ। ਇਹ ਪੰਜਾਬ, ਹਰਿਆਣਾ, ਹਿਮਾਚਲ ਅਤੇ ਚੰਡੀਗੜ੍ਹ ਦੇ ਗੁਰਦੁਆਰਿਆਂ ਦਾ ਪ੍ਰਬੰਧ ਚਲਾਉਂਦੀ ਹੈ। ਬਜਟ ਹਜ਼ਾਰਾਂ ਕਰੋੜ ਦਾ ਹੁੰਦਾ ਹੈ।

**ਚੋਣਾਂ ਕਿਵੇਂ ਹੁੰਦੀਆਂ ਹਨ ?**

1. ਵੋਟਰ: ਸਿਰਫ ਅੰਮ੍ਰਿਤਧਾਰੀ ਅਤੇ ਕੇਸ਼ਧਾਰੀ ਸਿੱਖ ਹੀ SGPC ਦੀਆਂ ਚੋਣਾਂ ਵਿੱਚ ਵੋਟ ਪਾ ਸਕਦੇ ਹਨ।

2. ਸੀਟਾਂ: ਕੁੱਲ 170 ਸੀਟਾਂ ਹਨ। ਇਨ੍ਹਾਂ ਵਿੱਚੋਂ 140 ਸੀਟਾਂ 'ਤੇ ਚੋਣ ਹੁੰਦੀ ਹੈ, ਬਾਕੀ 30 ਨਾਮਜ਼ਦ ਹੁੰਦੀਆਂ ਹਨ।

3. ਕਦੋਂ: ਹਰ 5 ਸਾਲ ਬਾਅਦ ਚੋਣਾਂ ਹੋਣੀਆਂ ਚਾਹੀਦੀਆਂ ਹਨ। ਪਰ ਕਈ ਵਾਰ ਦੇਰੀ ਵੀ ਹੋ ਜਾਂਦੀ ਹੈ।

ਬਾਦਲ ਪਰਿਵਾਰ / ਅਕਾਲੀ ਦਲ ਦਾ ਕੁਨੈਕਸ਼ਨ

1946 ਤੋਂ ਲੈ ਕੇ ਲਗਭਗ ਹਮੇਸ਼ਾ SGPC 'ਤੇ ਸ਼੍ਰੋਮਣੀ ਅਕਾਲੀ ਦਲ ਦਾ ਹੀ ਕਬਜ਼ਾ ਰਿਹਾ ਹੈ। ਦੋਸ਼: ਵਿਰੋਧੀ ਕਹਿੰਦੇ ਹਨ ਕਿ ਅਕਾਲੀ ਦਲ SGPC ਨੂੰ ਆਪਣੀ "ਸਿਆਸੀ ਲੈਬ" ਵਾਂਗ ਵਰਤਦਾ ਹੈ। ਚੋਣਾਂ ਜਿੱਤਣ ਲਈ ਗੁਰਦੁਆਰਿਆਂ ਦੇ ਫੰਡ ਅਤੇ ਪ੍ਰਭਾਵ ਵਰਤੇ ਜਾਂਦੇ ਹਨ। ਅਕਾਲੀ ਦਲ ਦਾ ਪੱਖ: ਅਸੀਂ SGPC ਨੂੰ ਸਿੱਖਾਂ ਦੇ ਹੱਥਾਂ ਵਿੱਚ ਰੱਖਣ ਲਈ ਲੜੇ ਸੀ। ਜੇ ਅਸੀਂ ਨਹੀਂ ਰਹਾਂਗੇ ਤਾਂ ਸਰਕਾਰ ਕਬਜ਼ਾ ਕਰ ਲਵੇਗੀ। ਇਸੇ ਕਰਕੇ ਲੋਕ ਕਹਿੰਦੇ ਹਨ "ਅਕਾਲ ਤਖ਼ਤ / SGPC ਨੂੰ ਢਾਲ ਬਣਾ ਕੇ ਸਿਆਸਤ÷। ਮਤਲਬ ਧਾਰਮਿਕ ਸੰਸਥਾ ਦੇ ਨਾਮ 'ਤੇ ਵੋਟਾਂ ਮੰਗਣਾ।

ਹੁਣ ਕੀ ਸਥਿਤੀ ਹੈ ?

2020 ਤੋਂ ਬਾਅਦ SGPC ਦੀਆਂ ਚੋਣਾਂ ਨਹੀਂ ਹੋਈਆਂ। ਕਾਨੂੰਨੀ ਮਾਮਲਿਆਂ ਕਾਰਨ ਲਟਕੀਆਂ ਹੋਈਆਂ ਹਨ। ਇਸ ਕਰਕੇ ਹੁਣ SGPC ਵਿੱਚ ਵੱਖ–ਵੱਖ ਜਥੇਬੰਦੀਆਂ ਦਾ ਪ੍ਰਭਾਵ ਵਧਿਆ ਹੈ। ਸਿੱਧੀ ਗੱਲ: SGPC ਕੋਲ ਪੈਸਾ + ਪ੍ਰਭਾਵ + ਵੋਟ ਬੈਂਕ ਤਿੰਨੇ ਹਨ। ਇਸ ਲਈ ਹਰ ਪਾਰਟੀ ਇਸ 'ਤੇ ਕੰਟਰੋਲ ਚਾਹੁੰਦੀ ਹੈ।

ਅਕਾਲ ਤਖ਼ਤ ਦਾ ਹੁਕਮਨਾਮਾ ਕਿਵੇਂ ਜਾਰੀ ਹੁੰਦਾ ਹੈ ?

1. ਕੌਣ ਜਾਰੀ ਕਰ ਸਕਦਾ ਹੈ ?

ਸਿਰਫ਼ ਅਕਾਲ ਤਖ਼ਤ ਦੇ ਜਥੇਦਾਰ ਹੀ ਕੌਮ ਦੇ ਨਾਂ 'ਤੇ ਹੁਕਮਨਾਮਾ ਜਾਰੀ ਕਰ ਸਕਦੇ ਹਨ। ਜਥੇਦਾਰ ਦੀ ਨਿਯੁਕਤੀ SGPC ਕਰਦੀ ਹੈ।

2. ਪ੍ਰੋਸੈਸ ਕੀ ਹੈ ?

ਮਸਲਾ ਆਉਣਾ: ਜਦੋਂ ਸਿੱਖ ਕੌਮ ਨਾਲ ਜੁੜਿਆ ਕੋਈ ਵੱਡਾ ਧਾਰਮਿਕ ਜਾਂ ਸਮਾਜਿਕ ਮਸਲਾ ਆਉਂਦਾ ਹੈ, ਤਾਂ ਸੰਤ, ਬੁੱਧੀਜੀਵੀ, ਜਥੇਬੰਦੀਆਂ ਜਥੇਦਾਰ ਕੋਲ ਜਾਂਦੀਆਂ ਹਨ।

ਪੰਜ ਸਿੰਘ ਸਾਹਿਬਾਂ ਦੀ ਮੀਟਿੰਗ: ਜਥੇਦਾਰ ਇਕੱਲਾ ਫੈਸਲਾ ਨਹੀਂ ਕਰਦਾ। ਉਹ ਅਕਾਲ ਤਖ਼ਤ, ਤਖ਼ਤ ਕੇਸਗੜ੍ਹ, ਤਖ਼ਤ ਪਟਨਾ, ਤਖ਼ਤ ਦਮਦਮਾ ਅਤੇ ਤਖ਼ਤ ਹਜ਼ੂਰ ਸਾਹਿਬ ਦੇ 5 ਜਥੇਦਾਰਾਂ ਨਾਲ ਸਲਾਹ ਕਰਦਾ ਹੈ। ਇਨ੍ਹਾਂ ਨੂੰ "ਪੰਜ ਸਿੰਘ ਸਾਹਿਬਾਨ" ਕਹਿੰਦੇ ਹਨ।

ਵਿਚਾਰ–ਵਟਾਂਦਰਾ: ਗੁਰਬਾਣੀ, ਸਿੱਖ ਇਤਿਹਾਸ ਅਤੇ ਰਹਿਤ ਮਰਿਆਦਾ ਦੇ ਆਧਾਰ 'ਤੇ ਚਰਚਾ ਹੁੰਦੀ ਹੈ।

ਹੁਕਮਨਾਮਾ ਜਾਰੀ: ਸਹਿਮਤੀ ਬਣਨ ਤੋਂ ਬਾਅਦ ਲਿਖਤੀ ਹੁਕਮ ਜਾਰੀ ਕੀਤਾ ਜਾਂਦਾ ਹੈ। ਇਹ ਸਾਰੇ ਸਿੱਖਾਂ ਲਈ ਲਾਗੂ ਮੰਨਿਆ ਜਾਂਦਾ ਹੈ।

3. ਹੁਕਮਨਾਮੇ 'ਚ ਕੀ ਹੋ ਸਕਦਾ ਹੈ ?

ਤਨਖਾਹ ਲਗਾਉਣਾ, ਮਾਫ਼ੀ ਦੇਣੀ, ਸਿੱਖ ਸੰਸਥਾਵਾਂ ਨੂੰ ਹਦਾਇਤਾਂ ਦੇਣੀਆਂ, ਕੌਮੀ ਮੁੱਦਿਆਂ 'ਤੇ ਸਟੈਂਡ ਲੈਣਾ।

ਵਿਵਾਦ ਕਿਉਂ ਹੁੰਦਾ ਹੈ ?

ਸਮੱਸਿਆ ਇੱਥੇ ਆਉਂਦੀ ਹੈ: ਜਥੇਦਾਰ ਦੀ ਨਿਯੁਕਤੀ SGPC ਕਰਦੀ ਹੈ, ਅਤੇ SGPC 'ਤੇ ਅਕਾਲੀ ਦਲ ਦਾ ਪ੍ਰਭਾਵ ਰਿਹਾ ਹੈ। ਇਸ ਲਈ ਵਿਰੋਧੀ ਕਹਿੰਦੇ ਹਨ – "ਜੇ ਨਿਯੁਕਤੀ ਸਿਆਸੀ ਲੋਕ ਕਰਨਗੇ, ਤਾਂ ਫੈਸਲਾ ਨਿਰਪੱਖ ਕਿਵੇਂ ਹੋਵੇਗਾ ?" ਇਸੇ ਨੂੰ ਲੋਕ "ਢਾਲ ਬਣਾ ਕੇ ਸਿਆਸਤ" ਕਹਿ ਦਿੰਦੇ ਹਨ।

ਸਿੱਟਾ: ਅਕਾਲ ਤਖ਼ਤ ਸਿਧਾਂਤਕ ਤੌਰ 'ਤੇ ਸਭ ਤੋਂ ਉੱਚਾ ਅਤੇ ਨਿਰਪੱਖ ਅਦਾਰਾ ਹੈ। ਪਰ ਜਦੋਂ ਇਸਦੀ ਨਿਯੁਕਤੀ ਪ੍ਰੋਸੈਸ ਸਿਆਸਤ ਨਾਲ ਜੁੜ ਜਾਂਦੀ ਹੈ, ਤਾਂ ਹਰ ਫੈਸਲੇ 'ਤੇ ਸ਼ੱਕ ਹੋਣ ਲੱਗ ਜਾਂ,

2024–2025 ਦੇ ਵੱਡੇ ਮੁੱਦੇ ਅਕਾਲ ਤਖ਼ਤ + ਸਿਆਸਤ ਨੂੰ ਲੈ ਕੇ

1. ਜਥੇਦਾਰਾਂ ਦੀ ਤਬਦੀਲੀ

2024 ਦੇ ਅਖੀਰ 'ਚ SGPC ਨੇ ਅਕਾਲ ਤਖ਼ਤ ਸਮੇਤ 5 ਤਖ਼ਤਾਂ ਦੇ ਜਥੇਦਾਰ ਬਦਲ ਦਿੱਤੇ।

ਕਾਰਨ: ਪੁਰਾਣੇ ਜਥੇਦਾਰਾਂ 'ਤੇ ਦੋਸ਼ ਸੀ ਕਿ ਉਨ੍ਹਾਂ ਨੇ 2015 ਦੇ ਮਾਮਲਿਆਂ 'ਤੇ ਸਹੀ ਫੈਸਲੇ ਨਹੀਂ ਲਏ।

ਇਸ ਤੋਂ ਬਾਅਦ ਨਵੇਂ ਜਥੇਦਾਰਾਂ ਨੇ ਕਈ ਪੁਰਾਣੇ ਫੈਸਲਿਆਂ ਦੀ ਸਮੀਖਿਆ ਸ਼ੁਰੂ ਕੀਤੀ।

2. "ਸਿੱਖ ਕੌਮ ਦੀ ਮੁਆਫ਼ੀ" ਵਾਲਾ ਮੁੱਦਾ

ਨਵੇਂ ਜਥੇਦਾਰਾਂ ਨੇ 2024 ਵਿੱਚ ਕੁਝ ਨੇਤਾਵਾਂ ਨੂੰ ਤਨਖਾਹ ਲਗਾ ਕੇ "ਸੇਵਾ" ਕਰਨ ਦੇ ਹੁਕਮ ਦਿੱਤੇ। ਇਸ 'ਤੇ ਵੀ ਬਹਿਸ ਹੋਈ ਕਿ ਕੀ ਇਹ ਫੈਸਲਾ ਸਿਆਸੀ ਦਬਾਅ ਹੇਠ ਹੈ ਜਾਂ ਕੌਮੀ ਹਿੱਤ ਵਿੱਚ।

3. SGPC ਚੋਣਾਂ ਅਜੇ ਵੀ ਲਟਕੀਆਂ

2020 ਤੋਂ SGPC ਦੀਆਂ ਚੋਣਾਂ ਨਹੀਂ ਹੋਈਆਂ। ਕੋਰਟ ਕੇਸ ਚੱਲ ਰਹੇ ਹਨ। ਇਸ ਕਰਕੇ ਹੁਣ ♥7♦3 ਵਿੱਚ ਅਕਾਲੀ ਦਲ ਤੋਂ ਇਲਾਵਾ ਹੋਰ ਜਥੇਬੰਦੀਆਂ ਜਿਵੇਂ ਕਿ ਦਮਦਮੀ ਟਕਸਾਲ, ਅਕਾਲੀ ਦਲ ਅੰਮ੍ਰਿਤਸਰ ਦਾ ਪ੍ਰਭਾਵ ਵਧਿਆ ਹੈ।

4. ਸਿਆਸੀ ਪਾਰਟੀਆਂ ਦਾ ਰੁਖ

ਅਕਾਲੀ ਦਲ: ਕਹਿੰਦਾ ਹੈ ਕਿ ਅਸੀਂ ਹੀ ਸਿੱਖ ਅਦਾਰਿਆਂ ਨੂੰ ਬਚਾ ਸਕਦੇ ਹਾਂ। ਆਪ, ਕਾਂਗਰਸ, ਭਾਜਪਾ: ਸਾਰੇ ਹੁਣ ਸਿੱਖ ਮੁੱਦਿਆਂ 'ਤੇ ਬੋਲਦੇ ਹਨ। ਦੋਸ਼ ਲਗਾਉਂਦੇ ਹਨ ਕਿ ਅਕਾਲੀ ਦਲ ਨੇ ਅਦਾਰਿਆਂ ਨੂੰ ਕਮਜ਼ੋਰ ਕੀਤਾ। ਇਸੇ ਕਰਕੇ "ਅਕਾਲ ਤਖ਼ਤ ਨੂੰ ਢਾਲ ਬਣਾਉਣ" ਵਾਲੇ ਬਿਆਨ 2024–25 ਦੀਆਂ ਲੋਕਸਭਾ ਅਤੇ ਜ਼ਿਮਨੀ ਚੋਣਾਂ ਵਿੱਚ ਵੀ ਸੁਣਨ ਨੂੰ ਮਿਲੇ।

ਲੋਕਾਂ ਦੀ ਮੰਗ ਕੀ ਹੈ ?

ਬਹੁਤ ਸਾਰੇ ਸਿੱਖ ਬੁੱਧੀਜੀਵੀ ਹੁਣ ਮੰਗ ਕਰ ਰਹੇ ਹਨ ਕਿ: ਜਥੇਦਾਰ ਦੀ ਨਿਯੁਕਤੀ ਦਾ ਪ੍ਰੋਸੈਸ ਸਿਆਸਤ ਤੋਂ ਅਲੱਗ ਹੋਵੇ" ਤਾਂ ਜੋ ਅਕਾਲ ਤਖ਼ਤ ਦੇ ਫੈਸਲੇ 'ਤੇ ਸ਼ੱਕ ਨਾ ਹੋਵੇ।

ਸੰਖੇਪ: 2024–25 ਵਿੱਚ ਫੋਕਸ SGPC ਚੋਣਾਂ, ਨਵੇਂ ਜਥੇਦਾਰ, ਅਤੇ 2015 ਦੇ ਪੁਰਾਣੇ ਮਾਮਲਿਆਂ ਦੇ ਨਿਪਟਾਰੇ 'ਤੇ ਹੈ। ਇਸ ਲਈ "ਧਰਮ vs ਸਿਆਸਤ" ਵਾਲੀ ਬਹਿਸ ਅਜੇ ਵੀ ਗਰਮ ਹੈ। ਜਸਵੰਤ ਸਿੰਘ ਖਾਲੜਾ ਦਾ ਮੁੱਦਾ ਨੇ ਪੰਜਾਬ ਦੀ ਸਿਆਸਤ ਅਤੇ ਮਨੁੱਖੀ ਅਧਿਕਾਰਾਂ ਦੀ ਗੱਲ ਨੂੰ ਪੂਰੀ ਤਰ੍ਹਾਂ ਬਦਲ ਦਿੱਤਾ।

1. ਜਸਵੰਤ ਸਿੰਘ ਖਾਲੜਾ ਕੌਣ ਸਨ ?

ਉਹ ਅੰਮ੍ਰਿਤਸਰ ਦੇ ਮਨੁੱਖੀ ਅਧਿਕਾਰ ਕਾਰਕੁਨ ਅਤੇ ਪੱਤਰਕਾਰ ਸਨ। 1990 ਦੇ ਦਹਾਕੇ ਵਿੱਚ ਉਨ੍ਹਾਂ ਨੇ ਪੁਲਿਸ ਰਿਕਾਰਡ ਖੰਗਾਲ ਕੇ ਦੱਸਿਆ ਕਿ ਪੰਜਾਬ ਵਿੱਚ 1984–1994 ਦਰਮਿਆਨ ਹਜ਼ਾਰਾਂ ਨੌਜਵਾਨਾਂ ਦੇ "ਗਾਇਬ" ਹੋਣ ਤੋਂ ਬਾਅਦ ਉਨ੍ਹਾਂ ਦਾ ਅੰਤਿਮ ਸਸਕਾਰ ਬਿਨਾਂ ਪਛਾਣ ਦੇ ਕਰ ਦਿੱਤਾ ਗਿਆ ਸੀ।

2. ਉਨ੍ਹਾਂ ਨੇ ਕੀ ਖੁਲਾਸਾ ਕੀਤਾ ?

ਖਾਲੜਾ ਸਾਹਿਬ ਨੇ 3 ਕਬਰਸਤਾਨਾਂ ਦੇ ਰਿਕਾਰਡ – ਤਰਨਤਾਰਨ, ਅੰਮ੍ਰਿਤਸਰ, ਮਜੀਠਾ – ਜਨਤਕ ਕੀਤੇ। ਉਸ ਰਿਪੋਰਟ ਮੁਤਾਬਕ 6000+ ਲਾਸ਼ਾਂ ਦਾ ਅੰਤਿਮ ਸਸਕਾਰ "ਅਣਪਛਾਤੇ" ਵਜੋਂ ਹੋਇਆ ਸੀ। ਇਸ ਨੂੰ "Khalra Report" ਕਿਹਾ ਜਾਂਦਾ ਹੈ। ਇਹ NHRC ਤੱਕ ਵੀ ਗਿਆ।

3. ਸਿਆਸਤ ਨੂੰ ਨਵੀਂ ਦਿਸ਼ਾ ਕਿਵੇਂ ਮਿਲੀ ?

ਪਹਿਲਾਂ: 90 ਦਾ ਦਹਾਕਾ = ਅੱਤਵਾਦ vs ਸਰਕਾਰ। ਗੱਲ ਸਿਰਫ "ਕਾਨੂੰਨ–ਵਿਵਸਥਾ" ਦੀ ਹੁੰਦੀ ਸੀ। ਖਾਲੜਾ ਤੋਂ ਬਾਅਦ: ਗੱਲ "ਮਨੁੱਖੀ ਅਧਿਕਾਰ, ਜਵਾਬਦੇਹੀ, ਅਤੇ ਨਿਆਂ" ਦੀ ਹੋਣ ਲੱਗੀ।

ਸਿਆਸੀ ਅਸਰ:

1. ਅਕਾਲੀ ਦਲ: ਦੋ ਧੜਿਆਂ ਵਿੱਚ ਵੰਡ। ਇੱਕ ਜੋ ਸਰਕਾਰ ਨਾਲ ਸੀ, ਦੂਜਾ ਜੋ ਪੀੜਤ ਪਰਿਵਾਰਾਂ ਨਾਲ ਖੜ੍ਹਾ ਹੋਇਆ।

2. ਮਨੁੱਖੀ ਅਧਿਕਾਰ ਸੰਗਠਨ: ਪੰਜਾਬ ਵਿੱਚ ਮਜ਼ਬੂਤ ਹੋਏ। ਖਾਲੜਾ ਮਿਸ਼ਨ, ਪੁਨਰ ਵਸੇਬਾ ਕੇਂਦਰ ਬਣੇ।

3. ਕੋਰਟ–ਕੇਸ: 329 ਜਾਂਚ, NHRC ਕੇਸ, ਅਤੇ ਮੁਆਵਜ਼ੇ ਦਾ ਮੁੱਦਾ ਸੁਪਰੀਮ ਕੋਰਟ ਤੱਕ ਗਿਆ। 2016 ਵਿੱਚ ਸੁਪਰੀਮ ਕੋਰਟ ਨੇ ਪੰਜਾਬ ਸਰਕਾਰ ਨੂੰ ਮੁਆਵਜ਼ਾ ਦੇਣ ਲਈ ਕਿਹਾ।

4. ਚੋਣਾਂ ਦਾ ਮੁੱਦਾ: ਹਰ ਚੋਣ ਵਿੱਚ "90 ਦਾ ਦਹਾਕਾ" ਅਤੇ "ਇਨਸਾਫ" ਦਾ ਜ਼ਿਕਰ ਹੁੰਦਾ ਹੈ। ਕਾਂਗਰਸ, ਅਕਾਲੀ, ਆਪ – ਸਭ ਇਸ 'ਤੇ ਬੋਲਦੇ ਹਨ।

4. ਅੱਜ ਦੀ ਸਥਿਤੀ

ਜਸਵੰਤ ਸਿੰਘ ਖਾਲੜਾ 1995 ਵਿੱਚ ਗਾਇਬ ਹੋ ਗਏ ਸਨ। ਬਾਅਦ ਵਿੱਚ ਪਤਾ ਲੱਗਾ ਕਿ ਪੁਲਿਸ ਹਿਰਾਸਤ ਵਿੱਚ ਉਨ੍ਹਾਂ ਦਾ ਦੇਹਾਂਤ ਹੋ ਗਿਆ।

ਅੱਜ ਵੀ ਉਨ੍ਹਾਂ ਦਾ ਨਾਮ ਉਨ੍ਹਾਂ ਲੋਕਾਂ ਲਈ ਪ੍ਰਤੀਕ ਹੈ ਜੋ "ਸੱਚ" ਲਈ ਆਵਾਜ਼ ਚੁੱਕਦੇ ਹਨ।

ਇਸ ਮੁੱਦੇ ਨੇ ਇਹ ਸਿਖਾਇਆ ਕਿ ਪੰਜਾਬ ਦੀ ਸਿਆਸਤ ਸਿਰਫ ਵੋਟਾਂ ਦੀ ਨਹੀਂ, ਸਗੋਂ ਇਨਸਾਫ ਅਤੇ ਯਾਦਾਂ ਦੀ ਵੀ ਹੈ।

**ਪੇਸ਼ਕਸ਼: ਪ੍ਰਿੰਸੀਪਲ ਪਰਵਿੰਦਰ ਸਿੰਘ**

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

## 21, 22 ਅਤੇ 23 ਅਗਸਤ

ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲਾਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ

ਸਲਾਨਾ ਬਰਸੀ ਸੱਚਖੰਡ ਵਾਸੀ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਭਿੰਡਰਾਂਵਾਲਿਆ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ

ਸ਼ੁੱਕਰਵਾਰ 21 ਅਗਸਤ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ, ਸ਼ਨਿੱਚਰਵਾਰ 22 ਅਗਸਤ ਸ਼ਾਮ 5 ਤੋਂ ਸਾਢੇ 8 ਵਜੇ ਤੱਕ ਦੀਵਾਨ ਸੱਜਣਗੇ

ਕਥਾ ਵਾਚਕ,ਕੀਰਤਨੀ ਜਥਾ,ਕਵੀਸ਼ਰੀ ਤੇ ਢਾਡੀ ਸਿੰਘ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ

ਐਤਵਾਰ 23 ਅਗਸਤ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸੱਜਣਗੇ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

# ਇੱਕ ਨਜ਼ਰ...



## ਸਥਿਤ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਦੀ ਪਿਛਲੀ ਸੜਕ 'ਤੇ ਸਫ਼ਾਈ ਸੇਵਾ ਦਾ ਉਪਰਾਲਾ

ਆਵਾਜਿ ਕੌਮ ਬਿਉਰੋ ਰਿਪੋਰਟ ਚਾਂਦਨੀ ਖੱਤਰੀ

ਸਾਫ਼-ਸੁਥਰਾ ਭਾਰਤ ਮੁਹਿੰਮ ਦੇ ਅਧੀਨ ਸਫ਼ਾਈ ਸੇਵਾ ਅੱਜ 'ਸਾਫ਼-ਸੁਥਰਾ ਭਾਰਤ ਮੁਹਿੰਮ' ਦੇ ਤਹਿਤ ਹਲਕਾ ਸੈਂਟਰਲ, ਕਿਦਵਈ ਨਗਰ ਮੰਡਲ, ਲੁਧਿਆਣਾ ਦੇ ਵਾਰਡ ਨੰਬਰ 76 ਵਿੱਚ ਸਥਿਤ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਦੀ ਪਿਛਲੀ ਸੜਕ 'ਤੇ ਸਫ਼ਾਈ ਸੇਵਾ ਦਾ ਉਪਰਾਲਾ ਭਾਜਪਾ ਕਿਦਵਈ ਨਗਰ ਮੰਡਲ ਦੇ ਜਨਰਲ ਸਕੱਤਰ ਸੰਜੇ ਖਟਕ ਵੱਲੋਂ ਕੀਤਾ ਗਿਆ। ਇਸ ਸਫ਼ਾਈ ਸੇਵਾ ਵਿੱਚ ਮੁੱਖ ਤੌਰ 'ਤੇ ਹੇਠ ਲਿਖੇ ਸੱਜਣ ਸ਼ਾਮਲ ਹੋਏ: ਹਲਕਾ ਸੇਵਾਦਾਰ (ਇੰਚਾਰਜ) ਸ੍ਰੀ ਗੁਰਦੇਵ ਸ਼ਰਮਾ (ਦੇਬੀ ਜੀ) ਹਲਕਾ ਮੁੱਖ ਨਿਗਰਾਨ (ਪ੍ਰਭਾਰੀ) ਸ੍ਰੀ ਨਰਿੰਦਰ ਮੱਲ੍ਹੀ ਜੀ ਮੰਡਲ ਨਿਗਰਾਨ ਸ੍ਰੀ ਦੇਵੀ ਸਹਾਏ ਟੰਡਨ ਪ੍ਰਧਾਨ ਦੀਪਕ ਜੌਹਰ ਜੀ ਬੰਸੀ ਲਾਲ ਜੀ, ਗੋਬਿੰਦ ਜੀ, ਲਲਿਤ ਚੌਹਾਨ ਜੀ, ਸ਼ੰਕਰ ਲਾਲ ਜ਼ੋਇਆ ਜੀ, ਹੰਸਰਾਜ ਖੱਤਰੀ ਜੀ, ਰਾਜਿੰਦਰ ਬਾਮਨੀਆ ਜੀ, ਪ੍ਰਤੀਕ ਖਟਕ ਜੀ, ਮੰਗਤੂ ਖੰਨਾ ਜੀ, ਰਮੇਸ਼ ਬਾਗੜੀ ਜੀ, ਸੁਭਾਸ਼ ਖਰੇਰਾ ਜੀ, ਅਸ਼ੋਕ ਚੌਹਾਨ ਜੀ, ਰਾਜੂ ਕੁਮਾਰ ਜੀ ਅਤੇ ਸੰਨੀ ਕੁਮਾਰ ਜੀ। ਇਸ ਮੁਹਿੰਮ ਦੌਰਾਨ ਇਲਾਕੇ ਦੀ ਚੰਗੀ ਤਰ੍ਹਾਂ ਸਫ਼ਾਈ ਕੀਤੀ ਗਈ ਅਤੇ ਆਸ-ਪਾਸ ਦੇ ਲੋਕਾਂ ਨੂੰ ਸਫ਼ਾਈ ਰੱਖਣ ਅਤੇ ਆਪਣੇ ਚੌਗਿਰਦੇ ਨੂੰ ਸਾਫ਼-ਸੁਥਰਾ ਤੇ ਹਰਾ-ਭਰਾ ਬਣਾਉਣ ਲਈ ਪ੍ਰੇਰਿਤ ਕੀਤਾ ਗਿਆ। ਆਓ, ਅਸੀਂ ਸਾਰੇ ਰਲ਼-ਮਿਲ਼ ਕੇ ਆਪਣੇ ਇਲਾਕੇ ਨੂੰ ਸਾਫ਼, ਸੁੰਦਰ ਅਤੇ ਨਿਰੋਆ (ਸਿਹਤਮੰਦ) ਬਣਾਉਣ ਵਿੱਚ ਆਪਣਾ ਵੱਡਮੁੱਲਾ ਹਿੱਸਾ ਪਾਈਏ।

ਆਵਾਜ਼ਿ ਕੌਮ AWAZE QAUM International Newspaper & WEB TV

## ਟਰੱਕ ਯੂਨੀਅਨ ਦੇ ਪ੍ਰਧਾਨ ਗੁਰਬਿੰਦਰ ਸਿੰਘ ਰਿਪੀ ਨੇ ਟੀਮ ਸਮੇਤ ਨਗਰ ਕੌਂਸਲ ਪ੍ਰਧਾਨ ਭੂਸ਼ਨ ਕੁਮਾਰ ਮੱਤੀ ਦਾ ਕੀਤਾ ਸਨਮਾਨ



ਮਾਨਸਾ, 15 ਜੁਲਾਈ: (ਆਵਾਜ਼ਿ ਕੌਮ ਬਿਊਰੋ)- ਨਗਰ ਕੌਂਸਲ ਮਾਨਸਾ ਦੇ ਨਵ-ਨਿਯੁਕਤ ਪ੍ਰਧਾਨ ਭੂਸ਼ਨ ਕੁਮਾਰ ਮੱਤੀ ਵੱਲੋਂ ਅਹੁਦਾ ਸੰਭਾਲਣ ਉਪਰੰਤ ਉਨ੍ਹਾਂ ਨੂੰ ਵੱਖ-ਵੱਖ ਸਮਾਜਿਕ, ਵਪਾਰਕ ਅਤੇ ਰਾਜਨੀਤਿਕ ਵਰਗਾਂ ਵੱਲੋਂ ਵਧਾਈਆਂ ਦੇਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਇਸੇ ਕੜੀ ਤਹਿਤ ਟਰੱਕ ਯੂਨੀਅਨ ਮਾਨਸਾ ਦੇ ਪ੍ਰਧਾਨ ਗੁਰਬਿੰਦਰ ਸਿੰਘ ਰਿਪੀ ਆਪਣੇ ਸਾਥੀਆਂ ਸਮੇਤ ਨਗਰ ਕੌਂਸਲ ਦਫ਼ਤਰ ਪਹੁੰਚੇ ਅਤੇ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਭੂਸ਼ਨ ਕੁਮਾਰ ਮੱਤੀ ਦਾ ਸਨਮਾਨ ਕੀਤਾ ਅਤੇ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਸੰਭਾਲਣ ਲਈ ਦਿਲੋਂ ਮੁਬਾਰਕਬਾਦ ਦਿੱਤੀ। ਇਸ ਮੌਕੇ ਗੁਰਬਿੰਦਰ ਸਿੰਘ ਰਿਪੀ ਨੇ ਕਿਹਾ ਕਿ ਮਾਨਸਾ ਸ਼ਹਿਰ ਦੇ ਲੋਕਾਂ ਨੂੰ ਨਵੇਂ ਪ੍ਰਧਾਨ ਤੋਂ ਬਹੁਤ ਉਮੀਦਾਂ ਹਨ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਭੂਸ਼ਨ ਕੁਮਾਰ ਮੱਤੀ ਦੀ ਅਗਵਾਈ ਹੇਠ ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਨਵੀਂ ਰਫ਼ਤਾਰ ਮਿਲੇਗੀ ਅਤੇ ਸਫ਼ਾਈ, ਸੁੰਦਰਤਾ ਅਤੇ ਬੁਨਿਆਦੀ ਸਹੂਲਤਾਂ ਨੂੰ ਪਹਿਲ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸ਼ਹਿਰ ਨੂੰ ਸਾਫ਼-ਸੁਥਰਾ ਅਤੇ ਸੁੰਦਰ ਬਣਾਉਣ ਦੇ ਨਾਲ-ਨਾਲ ਅਵਾਰਾ ਪਸ਼ੂਆਂ ਦੀ ਸਮੱਸਿਆ ਦਾ ਪੱਕਾ ਹੱਲ ਕਰਦੇ ਹੋਏ ਉਨ੍ਹਾਂ ਨੂੰ ਗਊਸ਼ਾਲਾਵਾਂ ਵਿੱਚ ਭੇਜਣ ਲਈ ਪ੍ਰਭਾਵਸ਼ਾਲੀ ਉਪਰਾਲੇ ਕੀਤੇ ਜਾਣੇ ਚਾਹੀਦੇ ਹਨ। ਇਸ ਤੋਂ ਇਲਾਵਾ ਸ਼ਹਿਰ ਦੇ ਮੁੱਖ ਰਸਤਿਆਂ ਅਤੇ ਆਵਾਜਾਈ ਮਾਰਗਾਂ ਨੂੰ ਨਵੇਂ ਸਿਰੇ ਤੋਂ ਵਿਕਸਤ ਕਰਨ ਦੀ ਵੀ ਲੋੜ ਹੈ, ਜਿਸ ਨਾਲ ਆਮ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ। ਨਵ-ਨਿਯੁਕਤ ਪ੍ਰਧਾਨ ਭੂਸ਼ਨ ਕੁਮਾਰ ਮੱਤੀ ਨੇ ਟਰੱਕ ਯੂਨੀਅਨ ਦੇ ਪ੍ਰਧਾਨ ਅਤੇ ਉਨ੍ਹਾਂ ਦੀ ਟੀਮ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਸ਼ਹਿਰ ਵਾਸੀਆਂ ਦੀਆਂ ਉਮੀਦਾਂ 'ਤੇ ਪੂਰਾ ਉਤਰਣ ਲਈ ਪੂਰੀ ਇਮਾਨਦਾਰੀ ਅਤੇ ਸਮਰਪਣ ਨਾਲ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਵਿਕਾਸ ਲਈ ਕੌਂਸਲਰਾਂ, ਸਮਾਜਿਕ ਸੰਸਥਾਵਾਂ, ਵਪਾਰਕ ਵਰਗ, ਦੋਸਤਾਂ-ਮਿੱਤਰਾਂ ਅਤੇ ਆਮ ਲੋਕਾਂ ਦਾ ਸਹਿਯੋਗ ਲਿਆ ਜਾਵੇਗਾ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਨਗਰ ਕੌਂਸਲ ਨਾਲ ਸੰਬੰਧਤ ਹਰ ਸਮੱਸਿਆ ਨੂੰ ਤਰਜੀਹ ਦੇ ਆਧਾਰ 'ਤੇ ਹੱਲ ਕਰਨ ਲਈ ਯੋਜਨਾਬੱਧ ਢੰਗ ਨਾਲ ਕੰਮ ਕੀਤਾ ਜਾਵੇਗਾ ਅਤੇ ਮਾਨਸਾ ਨੂੰ ਇੱਕ ਸਾਫ਼, ਸੁੰਦਰ ਅਤੇ ਵਿਕਸਤ ਸ਼ਹਿਰ ਬਣਾਉਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ। ਇਸ ਮੌਕੇ ਕੌਂਸਲਰ ਸੰਦੀਪ ਸੈਂਡੀ, ਐਡਵੋਕੇਟ ਆਸੂ ਅਹੂਜਾ, ਨੇਮ ਚੰਦ, ਘੱਕਣ ਸ਼ਰਮਾ, ਸੋਨਾ ਮਾਨ, ਹੈਰੀ ਚਹਿਲ, ਜਗਦੇਵ ਸਿੰਘ ਢਿੱਲੋਂ, ਰੌਕੀ, ਕਾਲਾ ਫੌਜੀ, ਰਾਜ ਕਾਂਝਲਾ ਅਤੇ ਹੋਰ ਕਈ ਪਤਵੰਤੇ ਹਾਜ਼ਰ ਸਨ। ਹਾਜ਼ਰ ਆਗੂਆਂ ਅਤੇ ਸਾਥੀਆਂ ਨੇ ਵੀ ਨਵ-ਨਿਯੁਕਤ ਪ੍ਰਧਾਨ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਮਾਨਸਾ ਦੇ ਸਰਵਪੱਖੀ ਵਿਕਾਸ ਲਈ ਮਿਲ ਕੇ ਕੰਮ ਕਰਨ ਦਾ ਭਰੋਸਾ ਦਿੱਤਾ।

## ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਵੱਲੋਂ ਭੋਆ ਹਲਕੇ ਦੇ ਤਿੰਨ ਵਿਕਾਸ ਕਾਰਜਾਂ ਦਾ ਸ਼ੁਭਆਰੰਭ

ਪਠਾਨਕੋਟ, 15 ਜੁਲਾਈ (ਆਵਾਜ਼ਿ ਕੌਮ ਬਿਊਰੋ)= ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਵਿਕਾਸ ਕਾਰਜਾਂ ਨੂੰ ਲਗਾਤਾਰ ਅੱਗੇ ਵਧਾਇਆ ਜਾ ਰਿਹਾ ਹੈ। ਇਸੇ ਕੜੀ ਤਹਿਤ ਅੱਜ ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਵੱਲੋਂ ਵਿਧਾਨ ਸਭਾ ਹਲਕਾ ਭੋਆ ਦੇ ਤਿੰਨ ਮਹੱਤਵਪੂਰਨ ਵਿਕਾਸ ਕਾਰਜਾਂ ਦਾ ਸ਼ੁਭਆਰੰਭ ਕਰਵਾਇਆ ਗਿਆ। ਇਸ ਮੌਕੇ ਕੈਬਨਿਟ ਮੰਤਰੀ ਨੇ ਪਿੰਡ ਬਾਠ ਸਾਹਿਬ ਵਿਖੇ ਬਣਾਈ ਜਾਣ ਵਾਲੀ ਫਿਰਨੀ ਦੇ ਕੰਮ ਦੀ ਸ਼ੁਰੂਆਤ ਕਰਵਾਈ। ਇਸ ਫਿਰਨੀ ਦੀ ਲੰਬਾਈ 0.33 ਕਿਲੋਮੀਟਰ ਹੋਵੇਗੀ ਅਤੇ ਇਸ ਦੇ ਨਿਰਮਾਣ 'ਤੇ ਕਰੀਬ 32.95 ਲੱਖ ਰੁਪਏ ਦੀ ਲਾਗਤ ਆਵੇਗੀ। ਇਸ ਤੋਂ ਬਾਅਦ ਪਿੰਡ ਢੋਲੋਵਾਲ ਤੋਂ ਆਬਾਦੀ ਜੱਟਾਂ ਨੂੰ ਜਾਣ ਵਾਲੀ ਫਿਰਨੀ ਦੇ ਨਿਰਮਾਣ ਕਾਰਜ ਦਾ ਵੀ ਸ਼ੁਭਾਰੰਭ ਕੀਤਾ ਗਿਆ। ਇਸ ਸੜਕ ਦੀ ਲੰਬਾਈ 0.54 ਕਿਲੋਮੀਟਰ ਹੋਵੇਗੀ ਅਤੇ ਇਸ 'ਤੇ ਲਗਭਗ 28.30 ਲੱਖ ਰੁਪਏ ਖਰਚ ਕੀਤੇ ਜਾਣਗੇ। ਇਸੇ ਤਰ੍ਹਾਂ ਪਿੰਡ ਵਸੂਗਾ ਦੇ ਸ਼ਮਸ਼ਾਨ ਘਾਟ ਨੂੰ ਜਾਣ ਵਾਲੇ ਮਾਰਗ ਦੇ ਨਿਰਮਾਣ ਕਾਰਜ ਦੀ ਵੀ ਸ਼ੁਰੂਆਤ ਕੀਤੀ ਗਈ। ਇਸ ਮਾਰਗ ਦੀ ਲੰਬਾਈ 0.80 ਕਿਲੋਮੀਟਰ ਹੋਵੇਗੀ ਅਤੇ ਇਸ 'ਤੇ ਕਰੀਬ 55.78 ਲੱਖ ਰੁਪਏ ਦੀ ਲਾਗਤ ਆਵੇਗੀ। ਇਸ ਮੌਕੇ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ।

# ਸਿੱਖ ਪੰਥ ਦੀ ਮਹਾਨ ਸ਼ਖ਼ਸੀਅਤ ਸ. ਤੇਜਾ ਸਿੰਘ ਸਮੁੰਦਰੀ ਜੀ ਦੇ ਅਕਾਲ ਚਲਾਣੇ ਦੀ 100 ਸਾਲਾ ਸ਼ਤਾਬਦੀ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਆਰੰਭ







ਅੰਮ੍ਰਿਤਸਰ, 15 ਜੁਲਾਈ (ਆਵਾਜ਼ਿ ਕੌਮ ਬਿਊਰੋ)-ਗੁਰਦੁਆਰਾ ਪ੍ਰਬੰਧ ਸੁਧਾਰ ਲਹਿਰ ਵਿਚ ਅਹਿਮ ਯੋਗਦਾਨ ਪਾਉਣ ਵਾਲੀ ਮਹਾਨ ਸ਼ਖ਼ਸੀਅਤ ਸ. ਤੇਜਾ ਸਿੰਘ ਸਮੁੰਦਰੀ ਜੀ ਦੇ ਅਕਾਲ ਚਲਾਣੇ ਦੀ 100 ਸਾਲਾ ਸ਼ਤਾਬਦੀ ਸਬੰਧੀ ਅੱਜ ਸ਼੍ਰੋਮਣੀ ਕਮੇਟੀ ਦਫ਼ਤਰ ਸਥਿਤ ਉਨ੍ਹਾਂ ਦੀ ਯਾਦ ਵਿਚ ਸਥਾਪਿਤ ਸ. ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਸ. ਤੇਜਾ ਸਿੰਘ ਜੀ ਸਮੁੰਦਰੀ ਦੇ ਅਕਾਲ ਚਲਾਣੇ ਦੀ 100 ਸਾਲਾ ਸ਼ਤਾਬਦੀ 17 ਜੁਲਾਈ 2026 ਨੂੰ ਮਨਾਈ ਜਾ ਰਹੀ ਹੈ, ਜਿਸ ਸਬੰਧੀ ਅੱਜ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਸਥਿਤ ਸ. ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ ਹਨ। ਉਨ੍ਹਾਂ ਦੱਸਿਆ ਕਿ ਸ. ਤੇਜਾ ਸਿੰਘ ਸਮੁੰਦਰੀ ਨੇ ਗੁਰਦੁਆਰਾ ਪ੍ਰਬੰਧ ਸੁਧਾਰ ਲਹਿਰ (ਅਕਾਲੀ ਲਹਿਰ) ਦੇ ਪ੍ਰਮੁੱਖ ਆਗੂ ਵਜੋਂ ਸਿੱਖਾਂ ਲਈ ਅਹਿਮ ਯੋਗਦਾਨ ਪਾਇਆ ਅਤੇ ਸਿੱਖ ਪੰਥ ਵਿਚ ਏਕਤਾ, ਅਨੁਸ਼ਾਸਨ ਅਤੇ ਪੰਥਕ ਚੇਤਨਾ ਨੂੰ ਮਜ਼ਬੂਤ ਕੀਤਾ। ਸ. ਕਾਹਲਵਾਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ 17 ਜੁਲਾਈ 2026 ਨੂੰ ਸ. ਤੇਜਾ ਸਿੰਘ ਸਮੁੰਦਰੀ ਸਬੰਧੀ ਹੋਣ ਵਾਲੇ ਸ਼ਤਾਬਦੀ ਸਮਾਗਮਾਂ ਵਿਚ ਵੱਧ ਤੋਂ ਵੱਧ ਸ਼ਿਰਕਤ ਕਰਨ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਸੁਰਜੀਤ ਸਿੰਘ ਭਿੱਟੇਵੱਡ, ਸ. ਗੁਰਮੀਤ ਸਿੰਘ ਬੂਹ, ਬਾਬਾ ਨਾਹਰ ਸਿੰਘ ਸਾਧਜੀ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਿੰਦਰ ਸਿੰਘ ਮਥਰੇਵਾਲ, ਵਧੀਕ ਸਕੱਤਰ ਸ. ਭਗਵੰਤ ਸਿੰਘ ਧੰਗੇੜਾ, ਸ. ਬਲਵਿੰਦਰ ਸਿੰਘ ਖੈਰਾਬਾਦ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੇਜਰ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਕਥਾਵਾਚਕ ਭਾਈ ਵਿਸ਼ਾਲ ਸਿੰਘ ਆਦਿ ਸ਼ਾਮਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਅਮਰੀਕਾ ਦੀਆਂ ਪ੍ਰਮੁੱਖ ਸਿੱਖ ਸੰਸਥਾਵਾਂ ਐਫ.ਬੀ.ਆਈ. ਦੀ ਕਾਰਵਾਈ ਦੇ ਹੱਕ ਵਿੱਚ ਡਟੀਆਂ

## ਭਾਰਤ ਤੋਂ ਲਾਰੈਂਸ ਬਿਸ਼ਨੋਈ ਦੀ ਹਵਾਲਗੀ ਦੀ ਮੰਗ, ਗੁਰਦੁਆਰਿਆਂ ਵਿੱਚ ਜਾਗਰੂਕਤਾ ਮੁਹਿੰਮ ਦਾ ਐਲਾਨ




ਨਿਊਯਾਰਕ/ਲੰਡਨ, 15 ਜੁਲਾਈ ( ਸਰਬਜੀਤ ਸਿੰਘ ਬਨੂੜ)- ਸਿੱਖ ਕੋਆਰਡੀਨੇਸ਼ਨ ਕਮੇਟੀ ਈਸਟ ਕੋਸਟ ਦੇ ਕੋਆਰਡੀਨੇਟਰ ਸ ਹਿੰਮਤ ਸਿੰਘ, ਡਾ. ਪ੍ਰਿਤਪਾਲ ਸਿੰਘ ਕੋਆਰਡੀਨੇਟਰ ਅਮਰੀਕਨ ਗੁਰਦੁਆਰਾ ਪ੍ਰਬੰਧਕ ਕਮੇਟੀ, ਦੇਵਿੰਦਰ ਬੋਪਾਰਾਏ ਪ੍ਰਧਾਨ ਸਿੱਖ ਕਲਚਰਲ ਸੋਸਾਇਟੀ, ਨਿਊਯਾਰਕ, ਸ ਹਰਜਿੰਦਰ ਸਿੰਘ ਕਾਰਜਕਾਰੀ ਡਾਇਰੈਕਟਰ ਅਮਰੀਕਨ ਸਿੱਖ ਕਾਕਸ ਕਮੇਟੀ, ਸ ਜੋਗਾ ਸਿੰਘ, ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਨਿਊ ਜਰਸੀ ਚੈਪਟਰ, ਸ ਜਸਵੰਤ ਸਿੰਘ ਹੋਠੀ ਪ੍ਰਧਾਨ ਅਮਰੀਕਨ ਗੁਰਦੁਆਰਾ ਪ੍ਰਬੰਧਕ ਕਮੇਟੀ , ਸ ਸੁਰਜੀਤ ਸਿੰਘ ਕੁਲਾਰ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਅਮਰੀਕਾ, ਵਰਲਡ ਸਿੱਖ ਪਾਰਲੀਮੈਂਟ ਸ ਬਲਵਿੰਦਰ ਸਿੰਘ ਚੱਠਾ, ਸ ਭਗਤ ਸਿੰਘ ਔਟਾਵਾ, ਸ ਜਸਵਿੰਦਰ ਸਿੰਘ ਜੰਡੀ ਗੁਰਦੁਆਰਾ ਫ੍ਰੀਮਾਂਟ, ਕੈਲੀਫੋਰਨੀਆ, ਸ ਕੁਲਜੀਤ ਸਿੰਘ ਨਿੱਝਰ ਸਟਾਕਟਨ ਗੁਰਦੁਆਰਾ, ਕੈਲੀਫੋਰਨੀਆ, ਸ ਦੇਵਿੰਦਰ ਸਿੰਘ ਦਿਓ ਸਿੰਘ ਸਭਾ ਗੁਰਦੁਆਰਾ, ਵਰਜੀਨੀਆ, ਸ ਸੰਤੋਖ ਸਿੰਘ ਵਰਲਡ ਸਿੱਖ ਪਰਾਲੀਮੈਂਟ ਇੰਡੀਆਨਾ, ਸ ਸੁਰਿੰਦਰ ਗਿੱਲ ਸਿੰਘ ਸਭਾ ਗੁਰਦੁਆਰਾ, ਡੈਲਸ, ਟੈਕਸਾਸ, ਡਾ. ਹਰਦਮ ਸਿੰਘ ਆਜ਼ਾਦ ਨੈਸ਼ਨਲ ਸਿੱਖ ਸੈਂਟਰ, ਹਿਊਸਟਨ, ਟੈਕਸਾਸ, ਸ ਬਲਾਕਾ ਸਿੰਘ ਸਿੱਖ ਯੂਥ ਆਫ਼ ਅਮਰੀਕਾ, ਸ ਹਰਪਾਲ ਸਿੰਘ ਗੁਰਦੁਆਰਾ ਸੀਐਟਲ, ਵਾਸ਼ਿੰਗਟਨ ਅਮਰੀਕੀ ਚੈਪਟਰਾਂ ਸਮੇਤ ਅਮਰੀਕਾ ਅਤੇ ਕੈਨੇਡਾ ਦੇ ਕਈ ਪ੍ਰਮੁੱਖ ਗੁਰਦੁਆਰਿਆਂ ਅਤੇ ਪੰਥਕ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਐਫ.ਬੀ.ਆਈ. ਅਤੇ ਅਮਰੀਕੀ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਵੱਲੋਂ ਕੀਤੀ ਗਈ ਕਾਰਵਾਈ ਦਾ ਸਵਾਗਤ ਕਰਦਿਆਂ ਉਨ੍ਹਾਂ ਦਾ ਰਸਮੀ ਧੰਨਵਾਦ ਕਰਨ ਦਾ ਫ਼ੈਸਲਾ ਕੀਤਾ ਗਿਆ ਅਤੇ ਭਾਰਤ ਦੀ ਹਿਰਾਸਤ ਵਿੱਚ ਮੌਜੂਦ ਲਾਰੈਂਸ ਬਿਸ਼ਨੋਈ ਸਮੇਤ ਦੋਸ਼-ਪੱਤਰਾਂ ਵਿੱਚ ਨਾਮਜ਼ਦ ਹੋਰ ਮੁਲਜ਼ਮਾਂ ਨੂੰ ਅਮਰੀਕਾ ਹਵਾਲੇ ਕਰਨ ਦੀ ਮੰਗ ਵੀ ਕੀਤੀ ਗਈ। ਮੀਟਿੰਗ ਦੌਰਾਨ ਸਰਬਸੰਮਤੀ ਨਾਲ ਪਾਸ ਕੀਤੇ ਗਏ ਮਤਿਆਂ ਰਾਹੀਂ ਅਮਰੀਕਾ ਅਤੇ ਕੈਨੇਡਾ ਦੀਆਂ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨੂੰ ਅਪੀਲ ਕੀਤੀ ਗਈ ਕਿ ਉਹ ਐਫ.ਬੀ.ਆਈ. ਦੇ ਦੋਸ਼-ਪੱਤਰਾਂ ਸਬੰਧੀ ਸੰਗਤਾਂ ਨੂੰ ਜਾਣੂ ਕਰਵਾਉਣ ਲਈ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾਉਣ। ਇਸ ਦੇ ਨਾਲ ਹੀ ਐਫ.ਬੀ.ਆਈ. ਵੱਲੋਂ ਲੋੜੀਂਦੇ ਐਲਾਨੇ ਗਏ ਮੁਲਜ਼ਮਾਂ ਬਾਰੇ ਕੋਈ ਵੀ ਜਾਣਕਾਰੀ ਰੱਖਣ ਵਾਲੇ ਵਿਅਕਤੀਆਂ ਨੂੰ ਜਾਂਚ ਏਜੰਸੀਆਂ ਨਾਲ ਸਹਿਯੋਗ ਕਰਨ ਦੀ ਅਪੀਲ ਕੀਤੀ ਗਈ। ਮੀਟਿੰਗ ਵਿੱਚ ਇਹ ਵੀ ਫ਼ੈਸਲਾ ਕੀਤਾ ਗਿਆ ਕਿ ਮਨੁੱਖੀ ਅਧਿਕਾਰਾਂ ਦੇ ਯੋਧੇ ਭਾਈ ਜਸਵੰਤ ਸਿੰਘ ਖਾਲੜਾ ਦੇ ਜੀਵਨ ਅਤੇ ਸੰਘਰਸ਼ 'ਤੇ ਆਧਾਰਿਤ ਫ਼ਿਲਮ "ਸਤਲੁਜ" ਦੇ ਜਨਤਕ ਪ੍ਰਦਰਸ਼ਨ ਕਰਵਾਏ ਜਾਣ ਅਤੇ ਉਨ੍ਹਾਂ ਦੀ ਯਾਦ ਵਿੱਚ ਅਰਦਾਸ ਅਤੇ ਸ਼ਰਧਾਂਜਲੀ ਸਮਾਗਮਾਂ ਦਾ ਆਯੋਜਨ ਕੀਤਾ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV